Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 126 Chief Editor : Chowdhary Prabhjit Singh, Editor : Chhatarpal Singh 98146-32807, Tuesday 3 November 2026 Price : 2 Rs. Page : 6

ਪੰਜਾਬ 'ਚ ਦੀਵਾਲੀ ਮਗਰੋਂ ਹੋ ਸਕਦੈ ਭਾਜਪਾ-ਅਕਾਲੀ ਦਲ ਗੱਠਜੋੜ ਦਾ ਐਲਾਨ; ਸੀਟਾਂ ਦੀ ਵੰਡ ਨੂੰ ਲੈ ਕੇ ਚਰਚਾ ਤੇਜ਼

ਨਵੀਂ ਦਿੱਲੀ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ ਵਿੱਚ ਕੌਮੀ ਜਮਹੂਰੀ ਗੱਠਜੋੜ (ਐਨਡੀਏ) ਦੀ ਸਰਕਾਰ ਬਣਨ ਬਾਰੇ ਲਗਾਤਾਰ ਦਿੱਤੇ ਗਏ ਜਨਤਕ ਬਿਆਨਾਂ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਵਿਚਾਲੇ ਸਿਆਸੀ ਸਮਝੌਤਾ ਸਿਰੇ ਚੜ੍ਹਨ ਦੇ ਠੋਸ ਸੰਕੇਤ ਮਿਲਣ ਲੱਗੇ ਹਨ। ਭਰੋਸੇਯੋਗ ਸੂਤਰਾਂ ਨੇ 'ਦਿ ਟ੍ਰਿਬਿਊਨ' ਨੂੰ ਦੱਸਿਆ ਹੈ ਕਿ ਦੋਵਾਂ ਪੁਰਾਣੇ ਭਾਈਵਾਲਾਂ ਵਿਚਕਾਰ ਸੀਟਾਂ ਦੀ ਵੰਡ ਨੂੰ ਲੈ ਕੇ ਗੱਲਬਾਤ ਜਾਰੀ ਹੈ ਅਤੇ ਇਸ ਨੂੰ ਜਲਦ ਹੀ ਅੰਤਿਮ ਰੂਪ ਦਿੱਤੇ ਜਾਣ ਦੀ ਉਮੀਦ ਹੈ। ਸੂਤਰਾਂ ਮੁਤਾਬਕ ਇਸ ਗੱਠਜੋੜ ਦਾ ਰਸਮੀ ਐਲਾਨ ਦੀਵਾਲੀ ਤੋਂ ਬਾਅਦ ਕੀਤਾ ਜਾ ਸਕਦਾ ਹੈ। ਸੀਟਾਂ ਦੀ ਸੰਭਾਵੀ ਵੰਡ ਬਾਰੇ ਪੁੱਛੇ ਜਾਣ 'ਤੇ ਸੂਤਰਾਂ ਨੇ ਸੰਕੇਤ ਦਿੱਤਾ ਕਿ ਗੱਲਬਾਤ ਤਹਿਤ ਭਾਜਪਾ ਦੇ ਹਿੱਸੇ 45 ਤੋਂ 50 ਸੀਟਾਂ ਆ ਸਕਦੀਆਂ ਹਨ, ਹਾਲਾਂਕਿ ਭਾਜਪਾ ਅਧਿਕਾਰਤ ਤੌਰ 'ਤੇ ਹਾਲੇ ਵੀ ਇਹੀ ਦਾਅਵਾ ਕਰ ਰਹੀ ਹੈ ਕਿ ਉਹ ਸੂਬੇ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਚੋਣ ਲੜਨ ਦੀ ਤਿਆਰੀ ਕਰ ਰਹੀ ਹੈ। ਇਸ ਦੇ ਬਾਵਜੂਦ, ਪੰਜਾਬ ਵਿੱਚ ਐਨਡੀਏ ਸਰਕਾਰ ਬਣਾਉਣ ਬਾਰੇ ਅਮਿਤ ਸ਼ਾਹ ਦੇ ਵਾਰ-ਵਾਰ ਆ ਰਹੇ ਬਿਆਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਗੱਲਬਾਤ ਦੇ ਸਾਕਾਰਾਤਮਕ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਇਕਲੌਤੀ ਅਜਿਹੀ ਧਿਰ ਰਹੀ ਹੈ ਜੋ ਲੰਮਾ ਸਮਾਂ ਐਨਡੀਏ ਦਾ ਹਿੱਸਾ ਰਹੀ, ਜਦੋਂ ਤੱਕ ਕਿ ਉਸ ਨੇ ਸਤੰਬਰ 2020 ਵਿੱਚ ਖੇਤੀ ਕਾਨੂੰਨਾਂ ਦੇ ਮੁੱਦੇ 'ਤੇ ਗੱਠਜੋੜ ਤੋਂ ਵੱਖ ਹੋਣ ਦਾ ਫ਼ੈਸਲਾ ਨਹੀਂ ਲਿਆ ਸੀ।

ਹਾਲਾਂਕਿ ਕੁਝ ਸਿਆਸੀ ਹਲਕਿਆਂ ਵਿੱਚ ਇਹ ਚਰਚਾ ਵੀ ਸੀ ਕਿ ਅਮਿਤ ਸ਼ਾਹ ਦੇ 'ਐਨਡੀਏ' ਦੇ ਹਵਾਲੇ ਵਿੱਚ ਅਕਾਲੀ ਦਲ ਪੁਨਰ-ਸੁਰਜੀਤ ਧੜਾ ਸ਼ਾਮਲ ਹੋ ਸਕਦਾ ਹੈ, ਪਰ ਮਾਮਲੇ ਦੀ ਡੂੰਘੀ ਜਾਣਕਾਰੀ ਰੱਖਣ ਵਾਲੇ ਸੂਤਰਾਂ ਦਾ ਕਹਿਣਾ ਹੈ ਕਿ ਇਸ ਦੀ ਸੰਭਾਵਨਾ ਬਹੁਤ ਘੱਟ ਹੈ। ਸ਼੍ਰੋਮਣੀ ਅਕਾਲੀ ਦਲ ਦਾ ਇਹ ਬਾਗ਼ੀ ਧੜਾ ਅਜੇ ਚੋਣ ਕਮਿਸ਼ਨ ਕੋਲ ਰਜਿਸਟਰਡ ਜਥੇਬੰਦੀ ਨਹੀਂ ਹੈ ਅਤੇ ਨਾ ਹੀ ਇਸ ਕੋਲ ਕੋਈ ਚੋਣ ਨਿਸ਼ਾਨ ਹੈ।

ਇਸ ਲਈ ਇਸ ਧੜੇ ਦੇ ਆਗੂਆਂ ਨੂੰ ਚੋਣ ਮੈਦਾਨ ਵਿੱਚ ਉਤਰਨ ਲਈ ਭਾਜਪਾ ਜਾਂ ਅਕਾਲੀ ਦਲ ਦੇ ਚੋਣ ਨਿਸ਼ਾਨ ਦੀ ਹੀ ਲੋੜ ਪਵੇਗੀ। ਇਸ ਦੌਰਾਨ, ਅਕਾਲੀ ਦਲ ਅਤੇ ਭਾਜਪਾ ਦੇ ਮੁੜ ਇਕੱਠੇ ਹੋਣ ਬਾਰੇ ਪੁੱਛੇ ਜਾਣ 'ਤੇ ਇੱਕ ਸੀਨੀਅਰ ਭਾਜਪਾ ਆਗੂ ਨੇ ਪੁਸ਼ਟੀ ਕਰਦਿਆਂ ਕਿਹਾ, ਗੱਠਜੋੜ ਨੂੰ ਲੈ ਕੇ ਹਾਂ-ਪੱਖੀ ਸੰਕੇਤ ਮਿਲ ਰਹੇ ਹਨ।

'ਆਪ' ਵਿਧਾਇਕਾਂ ਦੀ ਤਿੱਕੜੀ ਨੇ ਫੜਿਆ ਭਾਜਪਾ ਦਾ ਪੱਲਾ

'ਆਪ' ਵੱਲੋਂ ਦੋ ਵਿਧਾਇਕਾਂ ਖ਼ਿਲਾਫ਼ ਪਟੀਸ਼ਨ ਦਾਇਰ; ਦਲ ਬਦਲੂ ਵਿਧਾਇਕਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ

ਚੰਡੀਗੜ੍ਹ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਤਿੰਨ ਵਿਧਾਇਕਾਂ ਨੇ ਅੱਜ ਭਾਜਪਾ ਦਾ ਪੱਲਾ ਫੜ ਲਿਆ ਹੈ। ਸਮਾਣਾ ਤੋਂ 'ਆਪ' ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਅਤੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਲੰਘੇ ਕੱਲ੍ਹ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ ਸੀ ਅਤੇ ਦੂਸਰੇ ਗੇੜ 'ਚ ਅੱਜ ਅੰਮ੍ਰਿਤਸਰ ਉੱਤਰੀ ਤੋਂ 'ਆਪ' ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਪਾਰਟੀ ਛੱਡਣ ਤੋਂ ਇਲਾਵਾ ਵਿਧਾਇਕੀ ਤੋਂ ਵੀ ਅਸਤੀਫ਼ਾ ਦੇ ਦਿੱਤਾ ਸੀ। ਅੱਜ 'ਆਪ' ਵਿਧਾਇਕਾਂ ਦੀ ਇਸ ਤਿੱਕੜੀ ਨੇ ਦਿੱਲੀ ਵਿਖੇ ਭਾਜਪਾ ਦਫ਼ਤਰ 'ਚ ਭਾਜਪਾ 'ਚ ਸ਼ਮੂਲੀਅਤ ਕਰ ਲਈ ਹੈ। ਭਾਜਪਾ ਦੇ ਪੰਜਾਬ ਇੰਚਾਰਜ ਸਤੀਸ਼ ਪੂਨੀਆ ਅਤੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਇਸ ਸ਼ਮੂਲੀਅਤ ਮੌਕੇ ਇਨ੍ਹਾਂ ਤਿੰਨੋਂ ਵਿਧਾਇਕਾਂ ਨੂੰ ਪਾਰਟੀ 'ਚ ਜੀ ਆਇਆ ਨੂੰ ਆਖਿਆ। ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਅਤੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਅੱਜ ਭਗਵੇਂ ਰੰਗ ਦੀਆਂ ਪੱਗਾਂ ਬੰਨੀਆਂ ਹੋਈਆਂ ਸਨ। ਪਹਿਲਾਂ ਇਨ੍ਹਾਂ ਪੱਗਾਂ ਦਾ ਰੰਗ ਬਸੰਤੀ ਹੁੰਦਾ ਸੀ।



ਸੂਤਰਾਂ ਦੀ ਮੰਨੀਏ ਤਾਂ ਦੋਵੇਂ ਵਿਧਾਇਕ ਬਿਨਾਂ ਕਿਸੇ ਸਿਆਸੀ ਸ਼ਰਤ ਦੇ ਭਾਜਪਾ 'ਚ ਸ਼ਮੂਲੀਅਤ ਕਰ ਰਹੇ ਹਨ। ਭਾਜਪਾ ਨੇ ਵੀ ਦੋਵਾਂ ਨੂੰ ਬਿਨਾਂ ਟਿਕਟ ਦੀ ਸ਼ਰਤ ਤੋਂ ਸ਼ਾਮਲ ਕਰਨ ਦਾ ਫ਼ੈਸਲਾ ਕੀਤਾ ਹੈ। ਭਾਜਪਾ ਦੀ ਕੌਮੀ ਲੀਡਰਸ਼ਿਪ ਨੇ ਪੰਜਾਬ ਭਾਜਪਾ ਨੂੰ ਹਦਾਇਤ ਦਿੱਤੀ ਹੈ ਕਿ ਉਨ੍ਹਾਂ ਵਿਧਾਇਕਾਂ ਨੂੰ ਹੀ ਪਾਰਟੀ 'ਚ ਲਿਆ ਜਾਵੇ ਜਿਨ੍ਹਾਂ ਦੀ ਜਨਤਕ ਦਿੱਖ ਦਾਗ਼ਦਾਰ ਨਾ ਹੋਵੇ।

ਹਲਕਾ ਸਨੌਰ ਤੋਂ 'ਆਪ' ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਦੀ ਮੁੱਖ ਮੰਤਰੀ ਭਗਵੰਤ ਮਾਨ ਦੇ ਪਰਿਵਾਰ ਨਾਲ ਕਾਫ਼ੀ ਨੇੜਤਾ ਸੀ। ਉਹ ਸਿਆਸੀ ਹਲਕਿਆਂ 'ਚ 'ਫੁੱਫੜ' ਵਜੋਂ ਮਸ਼ਹੂਰ ਹਨ। ਵਿਧਾਇਕ ਪਠਾਨਮਾਜਰਾ ਨੇ ਹਲਕਾ ਸਨੌਰ ਤੋਂ 2022 ਵਿੱਚ 'ਆਪ' ਉਮੀਦਵਾਰ ਵਜੋਂ 49,122 ਵੋਟਾਂ ਦੇ ਫ਼ਰਕ ਨਾਲ ਚੋਣ ਜਿੱਤੀ ਸੀ। ਪੰਜਾਬ ਪੁਲੀਸ ਨੇ ਸਤੰਬਰ 2025 'ਚ ਸਾਬਕਾ ਪਤਨੀ ਦੀ ਸ਼ਿਕਾਇਤ 'ਤੇ ਪਠਾਨਮਾਜਰਾ ਖ਼ਿਲਾਫ਼ ਜਬਰ-ਜ਼ਿਨਾਹ ਦਾ ਕੇਸ ਦਰਜ ਕੀਤਾ ਸੀ। ਪੁਲੀਸ ਨੇ ਮਾਰਚ ਵਿੱਚ ਉਨ੍ਹਾਂ ਨੂੰ ਗਵਾਲੀਅਰ ਨੇੜਿਓਂ ਗ੍ਰਿਫ਼ਤਾਰ ਕੀਤਾ ਸੀ। ਮਗਰੋਂ ਉਨ੍ਹਾਂ ਨੂੰ ਹਾਈ ਕੋਰਟ 'ਚੋਂ ਜ਼ਮਾਨਤ ਮਿਲ ਗਈ ਸੀ। ਪਠਾਨਮਾਜਰਾ ਖ਼ਿਲਾਫ਼ ਪਟਿਆਲਾ ਜ਼ਿਲ੍ਹੇ 'ਚ ਗ਼ੈਰ-ਕਾਨੂੰਨੀ ਖਣਨ ਦਾ ਵੀ ਕੇਸ ਦਰਜ ਹੈ।

ਉੱਧਰ, ਹਲਕਾ ਸਮਾਣਾ ਤੋਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵੀ ਉਦੋਂ ਤੋਂ ਪਾਰਟੀ ਨਾਲ ਨਾਰਾਜ਼ ਹਨ, ਜਦੋਂ ਤੋਂ ਪਾਰਟੀ ਨੇ ਸਮਾਣਾ ਦੀ ਹਲਕਾ ਇੰਚਾਰਜੀ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨੂੰ ਸੌਂਪੀ ਹੈ। ਜੌੜਾਮਾਜਰਾ 'ਆਪ' ਸਰਕਾਰ 'ਚ ਕੈਬਨਿਟ ਮੰਤਰੀ ਵੀ ਰਹੇ ਤੇ ਉਨ੍ਹਾਂ ਕੋਲ ਸਿਹਤ, ਬਾਗ਼ਬਾਨੀ, ਸੂਚਨਾ ਤੇ ਲੋਕ ਸੰਪਰਕ ਮਹਿਕਮੇ ਦੀ ਅਗਵਾਈ ਵੀ ਰਹੀ।

ਉਨ੍ਹਾਂ ਨੇ ਸਾਲ 2022 'ਚ ਹਲਕਾ ਸਮਾਣਾ ਤੋਂ ਅਕਾਲੀ ਉਮੀਦਵਾਰ ਸੁਰਜੀਤ ਸਿੰਘ ਰੱਖੜਾ ਨੂੰ 39,713 ਵੋਟਾਂ ਦੇ ਫ਼ਰਕ ਨਾਲ ਹਰਾ ਕੇ ਚੋਣ ਜਿੱਤੀ ਸੀ। ਜੌੜਾਮਾਜਰਾ ਸਿਹਤ ਮੰਤਰੀ ਹੁੰਦਿਆਂ ਵਿਵਾਦਾਂ 'ਚ ਘਿਰ ਗਏ ਸਨ ਜਦੋਂ ਉਨ੍ਹਾਂ ਨੇ ਫ਼ਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ 'ਚ ਗੱਦਿਆਂ ਦੇ ਨਿਰੀਖਣ ਸਮੇਂ ਵਾਈਸ ਚਾਂਸਲਰ ਡਾ. ਰਾਜ ਬਹਾਦਰ ਨੂੰ ਗੰਦੇ ਗੱਦੇ 'ਤੇ ਲੇਟਣ ਲਈ ਆਖਿਆ ਸੀ।

ਅੰਮ੍ਰਿਤਸਰ ਉੱਤਰੀ ਤੋਂ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਪੰਜਾਬ ਵਿਧਾਨ ਸਭਾ ਤੋਂ ਅਸਤੀਫ਼ਾ ਦੇ ਦਿੱਤਾ ਸੀ। ਉਨ੍ਹਾਂ ਆਪਣਾ ਅਸਤੀਫ਼ਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੂੰ ਭੇਜਿਆ। ਇਸ ਤੋਂ ਕੁੱਝ ਸਮਾਂ ਬਾਅਦ ਉਨ੍ਹਾਂ ਆਮ ਆਦਮੀ ਪਾਰਟੀ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇਣ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਹੈ। ਦੱਸਣ ਯੋਗ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਉਹਨਾਂ ਨੂੰ ਪਹਿਲਾਂ ਹੀ ਪਾਰਟੀ ਵਿਰੋਧੀ ਗਤੀਵਿਧੀਆਂ ਦੇ ਦੋਸ਼ ਹੇਠ ਪਾਰਟੀ ਵਿੱਚੋਂ ਬਾਹਰ ਕੀਤਾ ਹੋਇਆ ਹੈ।

ਬੀਤੇ ਸਾਲ ਜੂਨ ਵਿੱਚ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਪੰਜ ਸਾਲਾਂ ਲਈ ਪਾਰਟੀ ਤੋਂ ਮੁਅੱਤਲ ਕਰ ਦਿੱਤਾ ਗਿਆ ਸੀ। ਇਹ ਮੁਅੱਤਲੀ ਸ਼੍ਰੋਮਣੀ ਅਕਾਲੀ ਦਲ (ਸ਼੍ਰੋਮਣੀ ਅਕਾਲੀ ਦਲ) ਦੇ ਆਗੂ ਬਿਕਰਮ ਸਿੰਘ ਮਜੀਠੀਆ, ਜਿਨ੍ਹਾਂ ਨੂੰ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ, ਵਿਰੁੱਧ ਪੰਜਾਬ ਵਿਜੀਲੈਂਸ ਬਿਊਰੋ ਦੀ ਕਾਰਵਾਈ 'ਤੇ ਸਵਾਲ ਚੁੱਕਣ ਤੋਂ ਬਾਅਦ ਹੋਈ ਸੀ। ਕੁੰਵਰ ਵਿਜੇ ਪ੍ਰਤਾਪ ਸਿੰਘ ਕਈ ਮੁੱਦਿਆਂ 'ਤੇ 'ਆਪ' ਸਰਕਾਰ ਦੇ ਤਿੱਖੇ ਆਲੋਚਕ ਰਹੇ।

ਉਨ੍ਹਾਂ ਨੇ ਇਸ ਤੋਂ ਪਹਿਲਾਂ ਫ਼ਰੀਦਕੋਟ ਵਿੱਚ 2015 ਦੇ ਬੇਅਦਬੀ ਅਤੇ ਪੁਲੀਸ ਗੋਲ਼ੀਬਾਰੀ ਦੀਆਂ ਘਟਨਾਵਾਂ ਦੇ ਮਾਮਲਿਆਂ ਨਾਲ ਨਜਿੱਠਣ 'ਤੇ ਨਾਰਾਜ਼ਗੀ ਜ਼ਾਹਰ ਕੀਤੀ ਸੀ ਅਤੇ ਇਸ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕੀਤੀ ਸੀ।ਉਹ ਪੰਜਾਬ ਪੁਲੀਸ ਦੀ ਵਿਸ਼ੇਸ਼ ਜਾਂਚ ਟੀਮ ਦਾ ਹਿੱਸਾ ਸਨ, ਜਿਸ ਨੇ 2015 ਦੇ ਕੋਟਕਪੂਰਾ ਅਤੇ ਬਹਿਬਲ ਕਲਾਂ ਗੋਲੀਬਾਰੀ ਦੀਆਂ ਘਟਨਾਵਾਂ ਦੀ ਜਾਂਚ ਕੀਤੀ ਸੀ। ਵਿਧਾਨ ਸਭਾ 'ਚ ਉਨ੍ਹਾਂ 2015 ਦੇ ਬੇਅਦਬੀ ਦਾ ਮੁੱਦਾ ਕਈ ਵਾਰ ਚੁੱਕਿਆ। ਸਾਲ 2021 ਵਿੱਚ ਪੁਲੀਸ ਸੇਵਾ ਤੋਂ ਸਮੇਂ ਤੋਂ ਪਹਿਲਾਂ ਸੇਵਾਮੁਕਤੀ ਲੈਣ ਤੋਂ ਬਾਅਦ, ਸਿੰਘ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ ਅਤੇ ਬਾਅਦ ਵਿੱਚ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅੰਮ੍ਰਿਤਸਰ ਉੱਤਰੀ ਸੀਟ ਤੋਂ ਵਿਧਾਇਕ ਚੁਣੇ ਗਏ ਸਨ।

ਸੁਖਬੀਰ ਸਿੰਘ ਬਾਦਲ ਦੀ ਨਾਭਾ ਫੇਰੀ ਨੂੰ ਲੈ ਕੇ ਅਕਾਲੀ ਦਲ ਸਰਗਰਮ, ਮੱਖਣ ਸਿੰਘ ਲਾਲਕਾ ਨੇ ਦੁਕਾਨਦਾਰਾਂ ਨਾਲ ਕੀਤੀ ਮੀਟਿੰਗ

ਨਾਭਾ, 2 ਨਵੰਬਰ, 2026 (ਚੌਧਰੀ ਪ੍ਰਭਜੀਤ ਸਿੰਘ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ 2 ਨਵੰਬਰ ਨੂੰ ਨਾਭਾ ਹਲਕੇ ਵਿੱਚ ਆਮਦ ਨੂੰ ਲੈ ਕੇ ਪਾਰਟੀ ਵੱਲੋਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਵੱਲੋਂ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਮਿਲ ਕੇ ਸਰਗਰਮੀਆਂ ਚਲਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਮੱਖਣ ਸਿੰਘ ਲਾਲਕਾ ਨੇ ਨਾਭਾ ਸ਼ਹਿਰ ਦੇ ਦੁਕਾਨਦਾਰਾਂ ਅਤੇ ਕਾਰੋਬਾਰੀਆਂ ਨਾਲ ਵਿਸ਼ੇਸ਼



ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਨਾਭਾ ਫੇਰੀ ਨੂੰ ਲੈ ਕੇ ਹਲਕੇ ਦੇ ਲੋਕਾਂ ਅਤੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਵਪਾਰੀ ਵਰਗ ਅਤੇ ਆਮ ਲੋਕਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਦਾ ਆਇਆ ਹੈ। ਆਉਣ ਵਾਲੀ ਮੀਟਿੰਗ ਦੌਰਾਨ ਇਲਾਕੇ ਦੇ ਦੁਕਾਨਦਾਰਾਂ ਅਤੇ ਕਾਰੋਬਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਪਾਰਟੀ ਪ੍ਰਧਾਨ ਦੇ ਧਿਆਨ ਵਿੱਚ ਲਿਆਂਦੀਆਂ ਜਾਣਗੀਆਂ, ਤਾਂ ਜੋ ਉਨ੍ਹਾਂ ਦੇ ਮਸਲਿਆਂ ਨੂੰ ਪ੍ਰਮੁੱਖਤਾ ਨਾਲ ਉਠਾਇਆ ਜਾ ਸਕੇ। ਮੱਖਣ ਸਿੰਘ ਲਾਲਕਾ ਨੇ ਸਮੂਹ ਦੁਕਾਨਦਾਰਾਂ ਅਤੇ ਕਾਰੋਬਾਰੀਆਂ ਨੂੰ ਇਸ ਮੀਟਿੰਗ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਦੁਕਾਨਦਾਰਾਂ ਨੇ ਵੀ ਉਨ੍ਹਾਂ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਐਡਵੋਕੇਟ ਬਬਲੂ ਖੋਰਾ, ਸ਼ਹਿਰੀ ਪ੍ਰਧਾਨ ਅਤੇ ਕੌਂਸਲਰ ਸੇਵਕ ਸਿੰਘ ਗੋਲੂ, ਜਨਰਲ ਕੌਂਸਲ ਮੈਂਬਰ ਜੱਸਾ ਖੋਖ, ਵਪਾਰ ਵਿੰਗ ਦੇ ਪ੍ਰਧਾਨ ਨਰੇਸ਼ ਕੁਮਾਰ ਗਰਗ ਤੋਂ ਇਲਾਵਾ ਸਥਾਨਕ ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਬਾਜ਼ਾਰਾਂ ਦੇ ਪਤਵੰਤੇ ਦੁਕਾਨਦਾਰ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ 251ਵਾਂ ਸੰਤ ਸਮਾਗਮ ਪਟਿਆਲਾ ਵਿਖੇ ਸੰਪੰਨ

ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਦੇ ਸੰਕਲਪ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ; ਹਰਿਆਣਾ ਦੇ ਕੈਬਨਿਟ ਮੰਤਰੀ ਕ੍ਰਿਸ਼ਨ ਬੇਦੀ ਅਤੇ ਮੁੱਖ ਮੰਤਰੀ ਦੇ ਓਐੱਸਡੀ ਪ੍ਰਬਲੀਨ ਸਿੰਘ ਨੇ ਕੀਤੀ ਸ਼ਿਰਕਤ







ਪਟਿਆਲਾ, 2 ਨਵੰਬਰ
-ਜੀ. ਐਸ. ਤੁੰਗ-

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ 350 ਸੰਤ ਸਮਾਗਮ ਕਰਵਾਉਣ ਦੇ ਸੰਕਲਪ ਤਹਿਤ ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਦੀ ਅਗਵਾਈ ਹੇਠ 251ਵਾਂ ਸੰਤ ਸਮਾਗਮ ਪਟਿਆਲਾ ਦੇ ਸਨਾਤਨ ਧਰਮ ਕੁਮਾਰ ਸਭਾ ਭਵਨ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਸੰਪੰਨ ਹੋਇਆ। ਸਮਾਗਮ ਵਿੱਚ ਪੰਜਾਬ, ਖ਼ਾਸ ਕਰਕੇ ਮਾਲਵਾ ਖੇਤਰ ਤੋਂ ਵੱਡੀ ਗਿਣਤੀ ਵਿੱਚ ਸੰਤ-ਮਹਾਂਪੁਰਖਾਂ, ਧਾਰਮਿਕ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਸ਼ਿਰਕਤ ਕਰਕੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੀ ਸ਼ਾਮਲ ਹੋਣਾ ਸੀ, ਪਰ ਕੁਝ ਕਾਰਨਾਂ ਕਰਕੇ ਉਹ ਪਹੁੰਚ ਨਹੀਂ ਸਕੇ। ਉਨ੍ਹਾਂ ਦੀ ਥਾਂ ਹਰਿਆਣਾ ਸਰਕਾਰ ਦੇ ਕੈਬਨਿਟ ਮੰਤਰੀ ਸ੍ਰੀ ਕ੍ਰਿਸ਼ਨ ਬੇਦੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਅਦਾਰਾ ਸ਼ਹੀਦ-ਏ-ਆਜ਼ਮ ਦੇ ਚੀਫ਼ ਐਡੀਟਰ ਅਤੇ ਸ਼ਹੀਦ-ਏ-ਆਜ਼ਮ ਪ੍ਰੈੱਸ ਐਂਡ ਹਾਸਪਿਟੈਲਿਟੀ ਮੈਨੇਜਮੈਂਟ ਪ੍ਰਾਈਵੇਟ ਲਿਮਟਿਡ ਦੇ ਚੇਅਰਮੈਨ ਸਰਦਾਰ ਪ੍ਰਭਜੀਤ ਸਿੰਘ ਚੌਧਰੀ ਨੇ ਕੈਬਨਿਟ ਮੰਤਰੀ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੂੰ ਪਟਿਆਲਾ ਦੀ ਰਵਾਇਤੀ ਫੁਲਕਾਰੀ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਨੇ ਸੰਤ-ਮਹਾਂਪੁਰਖਾਂ ਦਾ ਸਨਮਾਨ ਕੀਤਾ ਅਤੇ





ਸੰਗਤਾਂ ਨਾਲ ਮਿਲ ਕੇ ਉਨ੍ਹਾਂ ਦੇ ਦਰਸ਼ਨ ਕੀਤੇ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਓਐੱਸਡੀ ਸ੍ਰੀ ਪ੍ਰਬਲੀਨ ਸਿੰਘ ਨੇ ਵੀ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਨੂੰ ਮਨੁੱਖੀ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਦੂਜਿਆਂ ਦੇ ਵਿਸ਼ਵਾਸ ਦੀ ਰਾਖੀ ਦੀ ਅਦੁੱਤੀ ਮਿਸਾਲ ਦੱਸਦਿਆਂ ਗੁਰੂ ਸਾਹਿਬ ਦੇ ਸਰਬਵਿਆਪੀ ਸੰਦੇਸ਼ ਨੂੰ ਅੱਜ ਦੇ ਸਮੇਂ ਵਿੱਚ ਵੀ ਪ੍ਰਸੰਗਿਕ ਕਰਾਰ ਦਿੱਤਾ। ਉਨ੍ਹਾਂ ਨੂੰ ਵੀ ਪਟਿਆਲਾ ਦੀ ਰਵਾਇਤੀ ਫੁਲਕਾਰੀ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

250 ਸਮਾਗਮਾਂ ਦੀ ਯਾਤਰਾ ਨੂੰ ਵਿਸ਼ੇਸ਼ ਪ੍ਰਕਾਸ਼ਨ ਰਾਹੀਂ ਕੀਤਾ ਪੇਸ਼: ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਹੁਣ ਤੱਕ ਕਰਵਾਏ ਗਏ 250 ਸੰਤ ਸਮਾਗਮਾਂ ਦੀ ਯਾਤਰਾ ਅਤੇ ਸਵਾਮੀ ਜੀ ਦੇ ਜੀਵਨ ਦੀਆਂ ਪ੍ਰਮੁੱਖ ਪ੍ਰਾਪਤੀਆਂ ਨੂੰ ਦਰਸਾਉਂਦੀ ਵਿਸ਼ੇਸ਼ ਪ੍ਰਕਾਸ਼ਨ ਸਮੱਗਰੀ ਵੀ ਇਸ ਮੌਕੇ ਚਰਚਾ ਦਾ ਵਿਸ਼ਾ ਰਹੀ। ਰੋਜ਼ਾਨਾ ਸ਼ਹੀਦ-ਏ-ਆਜ਼ਮ ਅਖ਼ਬਾਰ ਵਿੱਚ ਪ੍ਰਕਾਸ਼ਿਤ ਇਸ ਵਿਸ਼ੇਸ਼ ਲੜੀ ਰਾਹੀਂ ਪਿਛਲੇ ਸਮਾਗਮਾਂ ਦੀਆਂ ਤਸਵੀਰਾਂ ਅਤੇ ਸੰਕਲਪ ਦੀ ਪੂਰਤੀ ਲਈ ਕੀਤੇ ਉਪਰਾਲਿਆਂ ਨੂੰ ਲੋਕਾਂ ਸਾਹਮਣੇ ਲਿਆਂਦਾ ਗਿਆ ਹੈ। ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਨੇ ਇਸ ਵਿਸ਼ੇਸ਼ ਪ੍ਰਕਾਸ਼ਨ ਦੀ ਸ਼ਲਾਘਾ ਕੀਤੀ ਅਤੇ ਅਦਾਰਾ ਸ਼ਹੀਦ-ਏ-ਆਜ਼ਮ ਦੇ ਪੰਜਾਬ ਤੇ ਹਰਿਆਣਾ ਬਿਊਰੋ ਚੀਫ਼ ਗੁਰਮੀਤ ਸਿੰਘ ਤੁੰਗ ਨਾਲ ਤਸਵੀਰ ਵੀ ਸਾਂਝੀ ਕੀਤੀ।

ਸਮਾਗਮ ਦੌਰਾਨ ਸਰਬੱਤ ਦੇ ਭਲੇ, ਪੰਜਾਬ ਦੀ ਖ਼ੁਸ਼ਹਾਲੀ, ਆਪਸੀ ਸਦਭਾਵਨਾ ਅਤੇ ਸਮੁੱਚੀ ਮਨੁੱਖਤਾ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਸੰਤ-ਮਹਾਂਪੁਰਖਾਂ ਅਤੇ ਸੰਗਤਾਂ ਦੀ ਭਰਵੀਂ ਸ਼ਮੂਲੀਅਤ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਸਰਬਵਿਆਪੀ ਸੰਦੇਸ਼ ਪ੍ਰਤੀ ਲੋਕਾਂ ਦੀ ਡੂੰਘੀ ਸ਼ਰਧਾ ਅਤੇ ਸਤਿਕਾਰ ਨੂੰ ਉਜਾਗਰ ਕੀਤਾ। ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਵੱਲੋਂ 350 ਸੰਤ ਸਮਾਗਮ ਕਰਵਾਉਣ ਦਾ ਸੰਕਲਪ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ, ਧਾਰਮਿਕ ਸਹਿਣਸ਼ੀਲਤਾ, ਮਨੁੱਖੀ ਮਰਿਆਦਾ ਅਤੇ ਹਰ ਵਿਅਕਤੀ ਦੇ ਧਾਰਮਿਕ ਅਧਿਕਾਰਾਂ ਦੀ ਰਾਖੀ ਦੇ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਇੱਕ ਮਹੱਤਵਪੂਰਨ ਉਪਰਾਲਾ ਹੈ। 251ਵੇਂ ਸਮਾਗਮ ਦੀ ਸਫ਼ਲਤਾ ਨਾਲ ਇਹ ਮੁਹਿੰਮ ਆਪਣੇ ਅਗਲੇ ਪੜਾਅ ਵੱਲ ਵਧ ਰਹੀ ਹੈ।

ਰੋਜ਼ਾਨਾ
ਸ਼ਹੀਦ-ਏ-ਆਜ਼ਮ
Shaheedeazamnews.com

SHAHEEDEAZAMNEWS.COM
PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਾਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਪੰਜਾਬ ਦੀ ਧਰਤੀ ਗੁਰੂ-ਪੀਰਾਂ ਦੀ ਧਰਤੀ : ਮਹਾਨ ਵਿਰਾਸਤ ਨੂੰ ਸੰਭਾਲਣ ਦੀ ਲੋੜ

ਪੰਜਾਬ ਦੀ ਧਰਤੀ ਕੋਈ ਆਮ ਧਰਤੀ ਨਹੀਂ, ਇਹ ਉਹ ਪਵਿੱਤਰ ਧਰਤੀ ਹੈ ਜਿਸ ਦੇ ਕਣ-ਕਣ ਵਿੱਚ ਗੁਰੂਆਂ ਦੀ ਬਾਣੀ, ਪੀਰਾਂ ਦੀ ਸਿੱਖਿਆ, ਸੰਤਾਂ ਦੀ ਸੋਚ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਮਹਿਕ ਵਸਦੀ ਹੈ। ਇਸ ਧਰਤੀ ਨੇ ਦੁਨੀਆ ਨੂੰ ਸਿਰਫ਼ ਬਹਾਦਰ ਯੋਧੇ, ਮਿਹਨਤੀ ਕਿਸਾਨ ਅਤੇ ਸਿਰੜੀ ਨੌਜਵਾਨ ਹੀ ਨਹੀਂ ਦਿੱਤੇ, ਸਗੋਂ ਮਨੁੱਖਤਾ, ਸਾਂਝੀਵਾਲਤਾ, ਸੇਵਾ, ਬਰਾਬਰੀ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਵੀ ਦਿੱਤਾ ਹੈ। ਇਸੇ ਕਰਕੇ ਪੰਜਾਬ ਨੂੰ ਗੁਰੂਆਂ, ਪੀਰਾਂ ਅਤੇ ਫਕੀਰਾਂ ਦੀ ਧਰਤੀ ਕਿਹਾ ਜਾਂਦਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ ਦਾ ਸੰਦੇਸ਼ ਦੇ ਕੇ ਮਨੁੱਖਤਾ ਨੂੰ ਸੱਚਾਈ ਅਤੇ ਸੇਵਾ ਦਾ ਰਾਹ ਦਿਖਾਇਆ। ਦਸ ਗੁਰੂ ਸਾਹਿਬਾਨ ਨੇ ਜਾਤ-ਪਾਤ, ਉੂਚ-ਨੀਚ ਅਤੇ ਧਾਰਮਿਕ ਕੱਟੜਤਾ ਤੋਂ ਉੱਪਰ ਉੱਠ ਕੇ ਮਨੁੱਖੀ ਬਰਾਬਰੀ ਅਤੇ ਇਨਸਾਫ਼ ਦੀ ਸਿੱਖਿਆ ਦਿੱਤੀ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਅਦੁੱਤੀ ਕੁਰਬਾਨੀ ਇਸ ਗੱਲ ਦੀ ਗਵਾਹ ਹੈ ਕਿ ਪੰਜਾਬ ਦੀ ਧਰਤੀ ਨੇ ਹੱਕ, ਸੱਚ ਅਤੇ ਧਰਮ ਦੀ ਰੱਖਿਆ ਲਈ ਕਦੇ ਵੀ ਪਿੱਛੇ ਹਟਣਾ ਨਹੀਂ ਸਿੱਖਿਆ।

ਇਸ ਧਰਤੀ ਨੂੰ ਬਾਬਾ ਫਰੀਦ ਜੀ, ਸ਼ਾਹ ਹੁਸੈਨ, ਬੁੱਲ੍ਹੇ ਸ਼ਾਹ ਅਤੇ ਸੁਲਤਾਨ ਬਾਹੂ ਵਰਗੇ ਸੂਫ਼ੀ ਸੰਤਾਂ ਨੇ ਵੀ ਆਪਣੀ ਰੂਹਾਨੀ ਸੋਚ ਨਾਲ ਰੌਸ਼ਨ ਕੀਤਾ। ਉਨ੍ਹਾਂ ਦੀ ਬਾਣੀ ਨੇ ਇਸ਼ਕ, ਇਨਸਾਨੀਅਤ, ਸਹਿਣਸ਼ੀਲਤਾ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਪੰਜਾਬ ਦੀ ਅਸਲ ਖ਼ੂਬਸੂਰਤੀ ਵੀ ਇਹੀ ਹੈ ਕਿ ਇੱਥੇ ਵੱਖ-ਵੱਖ ਧਰਮਾਂ ਅਤੇ ਵਿਚਾਰਾਂ ਦੇ ਲੋਕਾਂ ਨੇ ਸਦੀਆਂ ਤੋਂ ਆਪਸੀ ਸਾਂਝ ਨਾਲ ਰਹਿਣ ਦੀ ਮਿਸਾਲ ਕਾਇਮ ਕੀਤੀ ਹੈ। ਪਰ ਅੱਜ ਸਾਡੇ ਸਾਹਮਣੇ ਇੱਕ ਵੱਡਾ ਸਵਾਲ ਹੈ ਕਿ ਕੀ ਅਸੀਂ ਸੱਚਮੁੱਚ ਇਸ ਮਹਾਨ ਵਿਰਾਸਤ ਦੇ ਵਾਰਸ ਹੋਣ ਦਾ ਫਰਜ਼ ਨਿਭਾ ਰਹੇ ਹਾਂ ? ਕੀ ਗੁਰੂਆਂ ਦੀ ਬਾਣੀ ਪੜ੍ਹਨ ਅਤੇ ਸੁਣਨ ਦੇ ਨਾਲ-ਨਾਲ ਅਸੀਂ ਉਸ ਨੂੰ ਆਪਣੇ ਜੀਵਨ ਵਿੱਚ ਵੀ ਅਪਣਾ ਰਹੇ ਹਾਂ ? ਕੀ ਸਾਡੇ ਸਮਾਜ ਵਿੱਚ ਸੱਚਾਈ, ਇਮਾਨਦਾਰੀ, ਨਿਮਰਤਾ ਅਤੇ ਸੇਵਾ ਦੀ ਭਾਵਨਾ ਪਹਿਲਾਂ ਵਾਂਗ ਮਜ਼ਬੂਤ ਹੈ ? ਅੱਜ ਪੰਜਾਬ ਨਸ਼ਿਆਂ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਸਮਾਜਿਕ ਵੰਡੀਆਂ ਅਤੇ ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪਲਾਇਨ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਜਿਸ ਪੰਜਾਬ ਦੀ ਜਵਾਨੀ ਕਦੇ ਬਹਾਦਰੀ ਅਤੇ ਕੁਰਬਾਨੀ ਲਈ ਜਾਣੀ ਜਾਂਦੀ ਸੀ, ਉਸੇ ਜਵਾਨੀ ਦਾ ਇੱਕ ਹਿੱਸਾ ਨਸ਼ਿਆਂ ਅਤੇ ਨਿਰਾਸ਼ਾ ਦੀ ਦਲਦਲ ਵਿੱਚ ਫਸ ਰਿਹਾ ਹੈ। ਇਹ ਸਥਿਤੀ ਸਿਰਫ਼ ਸਰਕਾਰਾਂ ਲਈ ਹੀ ਨਹੀਂ, ਸਗੋਂ ਸਮੁੱਚੇ ਸਮਾਜ ਲਈ ਚਿੰਤਾ ਅਤੇ ਆਤਮ-ਮੰਥਨ ਦਾ ਵਿਸ਼ਾ ਹੈ। ਗੁਰੂਆਂ ਦੇ ਨਾਂ @ਤੇ ਸਮਾਗਮ ਕਰਵਾਉਣਾ, ਨਗਰ ਕੀਰਤਨ ਸਜਾਉਣਾ ਅਤੇ ਸ਼ਹੀਦਾਂ ਨੂੰ ਯਾਦ ਕਰਨਾ ਬੇਹੱਦ ਮਹੱਤਵਪੂਰਨ ਹੈ, ਪਰ ਇਸ ਤੋਂ ਵੀ ਵੱਡੀ ਗੱਲ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਆਚਰਨ ਵਿੱਚ ਲਾਗੂ ਕਰਨਾ ਹੈ। ਧਰਮ ਸਾਨੂੰ ਨਫ਼ਰਤ ਨਹੀਂ, ਪਿਆਰ ਸਿਖਾਉਂਦਾ ਹੈ; ਵੰਡ ਨਹੀਂ, ਸਾਂਝ ਪੈਦਾ ਕਰਦਾ ਹੈ ਅਤੇ ਹੰਕਾਰ ਨਹੀਂ, ਨਿਮਰਤਾ ਦਾ ਰਾਹ ਦਿਖਾਉਂਦਾ ਹੈ। ਇਸ ਲਈ ਧਾਰਮਿਕ ਅਤੇ ਸਿਆਸੀ ਆਗੂਆਂ ਸਮੇਤ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਪਵੇਗੀ।

ਨੌਜਵਾਨ ਪੀੜ੍ਹੀ ਨੂੰ ਪੰਜਾਬ ਦੇ ਇਤਿਹਾਸ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਸੂਫ਼ੀ ਸੰਤਾਂ ਦੀ ਸੋਚ ਨਾਲ ਜੋੜਨਾ ਸਮੇਂ ਦੀ ਲੋੜ ਹੈ। ਸਕੂਲਾਂ, ਕਾਲਜਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਅਜਿਹੇ ਯਤਨ ਕਰਨੇ ਚਾਹੀਦੇ ਹਨ, ਜਿਨ੍ਹਾਂ ਨਾਲ ਬੱਚਿਆਂ ਵਿੱਚ ਸੇਵਾ, ਸੱਚਾਈ, ਮਿਹਨਤ ਅਤੇ ਮਨੁੱਖਤਾ ਦੇ ਸੰਸਕਾਰ ਪੈਦਾ ਹੋਣ।

ਪੰਜਾਬ ਦੀ ਪਛਾਣ ਸਿਰਫ਼ ਇਸ ਦੇ ਖੇਤਾਂ, ਦਰਿਆਵਾਂ, ਭੰਗੜੇ ਅਤੇ ਗਿੱਧੇ ਤੱਕ ਸੀਮਤ ਨਹੀਂ। ਇਸ ਦੀ ਅਸਲ ਪਛਾਣ ਉਹ ਸੋਚ ਹੈ, ਜੋ ਦੂਜਿਆਂ ਦੇ ਦੁੱਖ ਨੂੰ ਆਪਣਾ ਦੁੱਖ ਸਮਝਦੀ ਹੈ ਅਤੇ ਲੋੜਵੰਦ ਦੀ ਮਦਦ ਲਈ ਹਮੇਸ਼ਾ ਤਿਆਰ ਰਹਿੰਦੀ ਹੈ।

ਡੇਟਾ ਸੈਂਟਰ: ਡਿਜੀਟਲ ਤਰੱਕੀ ਬਨਾਮ ਵਾਤਾਵਰਨ

ਡਾ. ਬ੍ਰਹਮਲੀਨ ਕੌਰ ਸਿੱਧੂ

ਅੱਜ ਅਸੀਂ ਮਸਨੂਈ ਬੁੱਧੀ ਯਾਨੀ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਮਦਦ ਨਾਲ ਕਈ ਅਜਿਹੇ ਕੰਮ ਕਰ ਰਹੇ ਹਾਂ ਜਿਨ੍ਹਾਂ ਬਾਰੇ ਕੁਝ ਸਾਲ ਪਹਿਲਾਂ ਸੋਚਣਾ ਵੀ ਨਾਮੁਮਕਿਨ ਜਾਪਦਾ ਸੀ। ਸਿਹਤ, ਸਿੱਖਿਆ ਅਤੇ ਖੇਤੀਬਾੜੀ ਤੋਂ ਲੈ ਕੇ ਸਾਡੇ ਰੋਜ਼ਾਨਾ ਜੀਵਨ ਤੱਕ ਏ ਆਈ ਨੇ ਹਰ ਗੁੰਝਲਦਾਰ ਕਾਰਜ ਨੂੰ ਬਹੁਤ ਸੌਖਾ ਅਤੇ ਤੇਜ਼ ਬਣਾ ਦਿੱਤਾ ਹੈ। ਇਸ ਡਿਜੀਟਲ ਗਤੀਵਿਧੀ ਦੇ ਪਿੱਛੇ ਇੱਕ ਵਿਸ਼ਾਲ ਪਰ ਅਕਸਰ ਅਦਿੱਖ ਬੁਨਿਆਦੀ ਢਾਂਚਾ ਕੰਮ ਕਰ ਰਿਹਾ ਹੈ, ਜਿਸ ਨੂੰ 'ਡੇਟਾ ਸੈਂਟਰ' ਕਿਹਾ ਜਾਂਦਾ ਹੈ। ਡੇਟਾ ਸੈਂਟਰਾਂ ਦੀ ਸ਼ੁਰੂਆਤ ਲਗਪਗ ਅੱਸੀ ਕੁ ਸਾਲ ਪਹਿਲਾਂ ਕੁਝ ਵੱਡੀਆਂ ਕੰਪਿਊਟਿੰਗ ਮਸ਼ੀਨਾਂ ਵਾਲੇ ਕਮਰਿਆਂ ਤੋਂ ਹੋਈ ਸੀ। ਪਰ ਤਕਨਾਲੋਜੀ ਦੇ ਵਿਕਾਸ ਨਾਲ ਇਹ ਡੇਟਾ ਸੈਂਟਰ ਅਜਿਹੀਆਂ ਵਿਸ਼ਾਲ ਇਮਾਰਤਾਂ ਵਿੱਚ ਤਬਦੀਲ ਹੋ ਗਏ ਹਨ, ਜਿੱਥੇ ਹਜ਼ਾਰਾਂ ਸ਼ਕਤੀਸ਼ਾਲੀ ਸਰਵਰ ਅਤੇ ਕੰਪਿਊਟਿੰਗ ਪ੍ਰਣਾਲੀਆਂ ਸਰਕਾਰੀ, ਵਪਾਰਕ ਅਤੇ ਆਮ ਜਨਤਾ ਦੇ ਡਿਜੀਟਲ ਡੇਟਾ ਨੂੰ ਸੰਭਾਲਣ, ਪ੍ਰੋਸੈਸ ਕਰਨ ਅਤੇ ਡਿਜੀਟਲ ਸੇਵਾਵਾਂ ਨੂੰ ਚਲਾਉਣ ਦਾ ਕੰਮ ਦਿਨ-ਰਾਤ ਕਰਦੀਆਂ ਹਨ।

ਏ ਆਈ, ਕਲਾਊਡ ਕੰਪਿਊਟਿੰਗ, ਇੰਟਰਨੈੱਟ ਸੇਵਾਵਾਂ, ਡਿਜੀਟਲ ਬੈਂਕਿੰਗ, ਈ-ਕਾਮਰਸ ਅਤੇ ਸੋਸ਼ਲ ਮੀਡੀਆ ਦੇ ਪਸਾਰ ਨੇ ਡੇਟਾ ਸੈਂਟਰਾਂ ਦੀ ਮਹੱਤਤਾ ਨੂੰ ਕਈ ਗੁਣਾ ਵਧਾ ਦਿੱਤਾ ਹੈ। ਵੱਡੀ ਮਾਤਰਾ ਵਿੱਚ ਡੇਟਾ ਸਟੋਰ ਕਰਨ ਅਤੇ ਵੱਡੇ ਏ ਆਈ ਮਾਡਲਾਂ ਨੂੰ ਚਲਾਉਣ ਲਈ ਬੇਹੱਦ ਸ਼ਕਤੀਸ਼ਾਲੀ ਕੰਪਿਊਟਿੰਗ ਮਸ਼ੀਨਾਂ, ਬੇਅੰਤ ਬਿਜਲੀ ਅਤੇ ਪ੍ਰਭਾਵਸ਼ਾਲੀ ਕੂਲਿੰਗ (ਮਸ਼ੀਨਾਂ ਨੂੰ ਠੰਢਾ ਰੱਖਣ ਵਾਲੀ ਪ੍ਰਣਾਲੀ) ਦੀ ਲੋੜ ਹੁੰਦੀ ਹੈ। ਇਸ ਕਾਰਨ ਇਹ ਗੰਭੀਰ ਸਵਾਲ ਉੱਠਣ ਲੱਗੇ ਹਨ ਕਿ ਇਨ੍ਹਾਂ ਡੇਟਾ ਸੈਂਟਰਾਂ ਲਈ ਲੋੜੀਂਦੀ ਬਿਜਲੀ ਅਤੇ ਪਾਣੀ ਵਰਗੇ ਕੁਦਰਤੀ ਸਾਧਨ ਕਿੱਥੋਂ ਆਉਣਗੇ ਅਤੇ ਇਸ ਦਾ ਸਥਾਨਕ ਲੋਕਾਂ ਤੇ ਵਾਤਾਵਰਨ ਉੱਤੇ ਕੀ ਅਸਰ ਪਵੇਗਾ ?

ਇਸ ਦੀ ਇੱਕ ਜ਼ਿਕਰਯੋਗ ਮਿਸਾਲ ਅਮਰੀਕਾ ਦੇ ਉੱਤਰੀ ਕੈਰੋਲੀਨਾ ਸੂਬੇ ਤੋਂ ਸਾਹਮਣੇ ਆਈ ਹੈ, ਜਿੱਥੇ ਕਰੀਬ 20 ਅਰਬ ਡਾਲਰ ਦੀ ਲਾਗਤ ਨਾਲ ਇੱਕ ਵਿਸ਼ਾਲ ਏ ਆਈ ਡੇਟਾ ਸੈਂਟਰ ਬਣਾਉਣ ਦੀ ਯੋਜਨਾ ਸੀ। ਪਰ ਸਥਾਨਕ ਪੱਧਰ 'ਤੇ ਇਸ ਪ੍ਰਾਜੈਕਟ ਨੂੰ ਬਿਜਲੀ, ਪਾਣੀ ਅਤੇ ਵਾਤਾਵਰਨ ਨਾਲ ਜੁੜੀਆਂ ਚਿੰਤਾਵਾਂ ਕਾਰਨ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪਿਆ। ਆਖ਼ਰਕਾਰ ਇਹ ਪ੍ਰਾਜੈਕਟ ਰੱਦ ਕਰਨਾ ਪਿਆ। ਸੋਚਣ ਵਾਲੀ ਗੱਲ ਇਹ ਹੈ ਕਿ ਏ ਆਈ ਵਰਗੀ ਭਵਿੱਖਮੁਖੀ ਤਕਨਾਲੋਜੀ ਦੇ ਵਿਕਾਸ ਲਈ ਬਣਾਏ ਜਾ ਰਹੇ ਇੱਕ ਵਿਸ਼ਾਲ ਡੇਟਾ ਸੈਂਟਰ ਦਾ ਆਖ਼ਰ ਵਿਰੋਧ ਕਿਉਂ ਹੋਇਆ ?

'ਯੂਨਾਈਟਿਡ ਨੇਸ਼ਨਜ਼ ਇਕਨਾਮਿਕ ਕਮਿਸ਼ਨ ਫ਼ਾਰ ਯੂਰਪ' (ਯੂ ਐੱਨ ਈ ਸੀ ਈ) ਨੇ ਚੇਤਾਵਨੀ ਦਿੱਤੀ ਹੈ ਕਿ ਬਿਜਲੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਮੁਕਾਬਲੇ ਡੇਟਾ ਸੈਂਟਰਾਂ ਦੀ ਬਿਜਲੀ ਮੰਗ ਬਹੁਤ ਤੇਜ਼ੀ ਨਾਲ ਵਧ ਰਹੀ ਹੈ। ਮੁੱਖ ਸਮੱਸਿਆ ਇਹ ਹੈ ਕਿ 'ਹਾਈਪਰ ਸਕੇਲ' (ਬਹੁਤ ਵੱਡੇ) ਡੇਟਾ ਸੈਂਟਰ 18 ਤੋਂ 24 ਮਹੀਨਿਆਂ ਦੇ ਅੰਦਰ ਤਿਆਰ ਕੀਤੇ ਜਾ ਸਕਦੇ ਹਨ ਪਰ ਉਨ੍ਹਾਂ ਲਈ ਲੋੜੀਂਦੀ ਹਾਈ-ਵੋਲਟੇਜ ਬਿਜਲੀ ਦੀ ਸਪਲਾਈ ਦੀ ਯੋਜਨਾ ਬਣਾਉਣ, ਪ੍ਰਵਾਨਗੀ ਲੈਣ ਅਤੇ ਉਸਾਰੀ ਕਰਨ ਵਿੱਚ ਅਕਸਰ ਕਈ ਸਾਲ ਲੱਗ ਜਾਂਦੇ ਹਨ। ਇਸ ਕਾਰਨ ਕੁਝ ਖੇਤਰਾਂ ਵਿੱਚ ਬਿਜਲੀ ਗਰਿੱਡ 'ਤੇ ਵਾਧੂ ਦਬਾਅ, ਵੋਲਟੇਜ ਵਿੱਚ ਅਸਥਿਰਤਾ ਅਤੇ ਬਿਜਲੀ ਸਪਲਾਈ ਵਿੱਚ ਵਿਘਨ ਪੈਣ ਦਾ ਖ਼ਤਰਾ ਵਧ ਸਕਦਾ ਹੈ। ਯੂ ਐੱਨ ਈ ਸੀ ਈ ਨੇ ਇਹ ਵੀ ਸਵਾਲ ਉਠਾਇਆ ਹੈ ਕਿ ਇਸ ਵਾਧੂ ਬੁਨਿਆਦੀ ਢਾਂਚੇ ਦੀ ਲਾਗਤ ਕੌਣ ਉਠਾਏਗਾ, ਡੇਟਾ ਸੈਂਟਰ ਕੰਪਨੀਆਂ, ਊਰਜਾ ਕੰਪਨੀਆਂ ਜਾਂ ਆਮ ਖਪਤਕਾਰ ?

ਡੇਟਾ ਸੈਂਟਰਾਂ ਦਾ ਆਕਾਰ ਮੁੱਖ ਤੌਰ 'ਤੇ ਉਨ੍ਹਾਂ ਦੀ ਬਿਜਲੀ ਖਪਤ (ਮੈਗਾਵਾਟ) ਅਨੁਸਾਰ ਮਾਪਿਆ ਜਾਂਦਾ ਹੈ। ਇੱਕ ਡੇਟਾ ਸੈਂਟਰ, ਸਰਵਰਾਂ ਤੇ ਹੋਰ ਕੰਪਿਊਟਿੰਗ ਉਪਕਰਨਾਂ ਨੂੰ ਚਲਾਉਣ ਅਤੇ ਡੇਟਾ ਸਟੋਰ ਕਰਨ ਲਈ ਜਿੰਨੀ ਜ਼ਿਆਦਾ ਬਿਜਲੀ ਦੀ ਵਰਤੋਂ ਕਰਦਾ ਹੈ, ਉਸ ਨੂੰ ਓਨਾ ਹੀ ਵੱਡਾ ਮੰਨਿਆ ਜਾਂਦਾ ਹੈ। ਡੇਟਾ ਸੈਂਟਰਾਂ ਵਿੱਚ ਬਿਜਲੀ ਦੀ ਖਪਤ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ 100 ਮੈਗਾਵਾਟ ਦਾ ਡੇਟਾ ਸੈਂਟਰ ਲਗਪਗ ਇੱਕ ਲੱਖ ਘਰਾਂ ਜਿੰਨੀ ਬਿਜਲੀ ਖਾ ਜਾਂਦਾ ਹੈ। ਇਸ ਖਪਤ ਵਿੱਚ ਡੇਟਾ ਸੈਂਟਰ ਨੂੰ ਠੰਢਾ ਰੱਖਣ (ਕੂਲਿੰਗ) ਅਤੇ ਰੌਸ਼ਨੀ ਆਦਿ ਲਈ ਵਰਤੀ ਜਾਣ ਵਾਲੀ ਬਿਜਲੀ ਸ਼ਾਮਲ ਨਹੀਂ ਹੈ। ਭਾਰਤ ਵਿੱਚ ਡੇਟਾ ਸੈਂਟਰਾਂ ਦੀ ਸਮਰੱਥਾ ਜੋ 2020 ਵਿੱਚ 520 ਮੈਗਾਵਾਟ ਸੀ, ਉਹ 2025 ਤੱਕ ਵਧ ਕੇ 1.5 ਗੀਗਾਵਾਟ (ਯਾਨੀ ਲਗਪਗ ਤਿੰਨ ਗੁਣਾ) ਹੋ ਗਈ ਹੈ। 'ਕੌਂਸਲ ਔਨ ਐਨਰਜੀ, ਇਨਵਾਇਰਨਮੈਂਟ ਐਂਡ ਵਾਟਰ' (ਸੀ ਈ ਈ ਡਬਲਿਊ) ਦੇ ਅਨੁਮਾਨ ਮੁਤਾਬਿਕ ਇਹ ਸਮਰੱਥਾ



2030 ਤੱਕ ਲਗਪਗ 6.5 ਗੀਗਾਵਾਟ ਤੱਕ ਪਹੁੰਚ ਸਕਦੀ ਹੈ।

ਡੇਟਾ ਸੈਂਟਰਾਂ ਦੀ 24 ਘੰਟੇ ਲਗਾਤਾਰ ਅਤੇ ਭਾਰੀ ਮਾਤਰਾ ਵਿੱਚ ਬਿਜਲੀ ਦੀ ਲੋੜ ਨੂੰ ਪੂਰਾ ਕਰਨ ਲਈ ਸਿਰਫ਼ ਬਿਜਲੀ ਉਤਪਾਦਨ ਵਧਾਉਣਾ ਹੀ ਕਾਫ਼ੀ ਨਹੀਂ ਹੈ, ਇਹ ਵੀ ਬਹੁਤ ਮਾਅਨੇ ਰੱਖਦਾ ਹੈ ਕਿ ਊਰਜਾ ਉਤਪਾਦਨ ਦੇ ਸਰੋਤ ਕਿਹੜੇ ਹਨ। ਜੇਕਰ ਸਰੋਤ ਕੋਲਾ ਅਤੇ ਕੁਦਰਤੀ ਗੈਸ ਵਰਗੇ ਜੈਵਿਕ ਬਾਲਣ ਹਨ ਤਾਂ ਪ੍ਰਦੂਸ਼ਣ ਅਤੇ ਗਲੋਬਲ ਵਾਰਮਿੰਗ ਦੀਆਂ ਸਮੱਸਿਆਵਾਂ ਹੋਰ ਗੰਭੀਰ ਹੋ ਸਕਦੀਆਂ ਹਨ। ਇਸੇ ਕਾਰਨ ਵੱਡੀਆਂ ਕੰਪਨੀਆਂ ਸੂਰਜੀ, ਪੌਣ, ਭੂ-ਤਾਪੀ (ਜੀਓ ਥਰਮਲ) ਅਤੇ ਪਰਮਾਣੂ ਵਰਗੇ ਨਵਿਆਉਣਯੋਗ ਊਰਜਾ ਸਰੋਤਾਂ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਕਰ ਰਹੀਆਂ ਹਨ। ਮਾਈਕ੍ਰੋਸਾਫ਼ਟ, ਗੂਗਲ ਅਤੇ ਐਮਾਜ਼ੋਨ ਵਰਗੀਆਂ ਦਿੱਗਜ ਕੰਪਨੀਆਂ ਸੂਰਜੀ ਅਤੇ ਪੌਣ ਊਰਜਾ ਪ੍ਰਾਜੈਕਟਾਂ ਨਾਲ 10 ਤੋਂ 15 ਸਾਲਾਂ ਦੀ ਮਿਆਦ ਵਾਲੇ 'ਪਾਵਰ ਪਰਚੇਜ਼ ਐਗਰੀਮੈਂਟਸ' (ਬਿਜਲੀ ਖ਼ਰੀਦ ਸਮਝੌਤੇ) ਕਰ ਰਹੀਆਂ ਹਨ। ਇਨ੍ਹਾਂ ਤਹਿਤ ਕੰਪਨੀ ਆਪਣੇ ਡੇਟਾ ਸੈਂਟਰ ਦੁਆਰਾ ਖਪਤ ਕੀਤੀ ਗਈ ਬਿਜਲੀ ਦੇ ਬਰਾਬਰ ਮਾਤਰਾ ਵਿੱਚ ਨਵਿਆਉਣਯੋਗ ਊਰਜਾ ਗਰਿੱਡ ਵਿੱਚ ਭੇਜਣ ਲਈ ਵਚਨਬੱਧ ਹੁੰਦੀ ਹੈ। ਗੂਗਲ ਵੱਲੋਂ ਭੂ-ਤਾਪੀ ਊਰਜਾ ਲਈ 'ਫਰਵੋ' ਅਤੇ ਪਰਮਾਣੂ ਊਰਜਾ ਲਈ 'ਕਾਇਰੋਸ ਪਾਵਰ' ਵਰਗੀਆਂ ਕੰਪਨੀਆਂ ਨਾਲ ਕੀਤੀਆਂ ਸਾਂਝੇਦਾਰੀਆਂ, ਅਤੇ ਮਾਈਕ੍ਰੋਸਾਫ਼ਟ ਤੇ ਮੈਟਾ ਵੱਲੋਂ 'ਕਾਂਸਟਲੇਸ਼ਨ' ਨਾਲ ਕੀਤੇ ਗਏ ਵੱਡੇ ਪਰਮਾਣੂ ਊਰਜਾ ਸਮਝੌਤੇ ਇਸੇ ਦਿਸ਼ਾ ਵਿੱਚ ਅਹਿਮ ਕਦਮ ਹਨ।

ਪਰ ਇਹ ਸਮਝਣਾ ਵੀ ਜ਼ਰੂਰੀ ਹੈ ਕਿ ਨਵਿਆਉਣਯੋਗ ਅਤੇ ਪਰਮਾਣੂ ਊਰਜਾ ਦੀਆਂ ਆਪਣੀਆਂ ਵੀ ਕੁਝ ਚੁਣੌਤੀਆਂ ਹਨ। ਸੂਰਜੀ ਅਤੇ ਪੌਣ ਊਰਜਾ ਪੂਰੀ ਤਰ੍ਹਾਂ ਮੌਸਮ 'ਤੇ ਨਿਰਭਰ ਕਰਦੀਆਂ ਹਨ ਅਤੇ ਇਨ੍ਹਾਂ ਲਈ ਵੱਡੀ ਮਾਤਰਾ ਵਿੱਚ ਜ਼ਮੀਨ ਦੇ ਨਾਲ-ਨਾਲ ਊਰਜਾ ਸੰਭਾਲਣ (ਬੈਟਰੀ ਸਟੋਰੇਜ) ਦੀਆਂ ਵਿਸ਼ੇਸ਼ ਸਹੂਲਤਾਂ ਦੀ ਲੋੜ ਪੈਂਦੀ ਹੈ। ਭੂ-ਤਾਪੀ ਊਰਜਾ ਦੀ ਵਰਤੋਂ ਹਰ ਖੇਤਰ ਵਿੱਚ ਆਸਾਨੀ ਨਾਲ ਨਹੀਂ ਕੀਤੀ ਜਾ ਸਕਦੀ, ਇਸ ਲਈ ਵਿਸ਼ੇਸ਼ ਤਕਨਾਲੋਜੀ ਅਤੇ ਮੋਟੇ ਨਿਵੇਸ਼ ਦੀ ਲੋੜ ਹੁੰਦੀ ਹੈ। ਦੂਜੇ ਪਾਸੇ, ਪਰਮਾਣੂ ਊਰਜਾ ਨਾਲ ਰੇਡੀਓਐਕਟਿਵ ਕਚਰੇ ਦੇ ਸੁਰੱਖਿਅਤ ਨਿਪਟਾਰੇ, ਹਾਦਸਿਆਂ ਦੇ ਖ਼ਤਰੇ ਅਤੇ ਪਲਾਂਟਾਂ ਦੀ ਭਾਰੀ ਲਾਗਤ ਵਰਗੇ ਗੰਭੀਰ ਮਸਲੇ ਜੁੜੇ ਹੋਏ ਹਨ। ਇਸ ਲਈ ਡੇਟਾ ਸੈਂਟਰਾਂ ਦੀਆਂ ਵਧਦੀਆਂ ਊਰਜਾ ਲੋੜਾਂ ਪੂਰੀਆਂ ਕਰਨ ਵਾਸਤੇ ਸਿਰਫ਼ ਨਵੇਂ ਊਰਜਾ ਸਰੋਤਾਂ ਨੂੰ ਅਪਣਾਉਣਾ ਹੀ ਕਾਫ਼ੀ ਨਹੀਂ ਸਗੋਂ ਇੱਕ ਸਪੱਸ਼ਟ ਅਤੇ ਦੂਰਅੰਦੇਸ਼ੀ ਨੀਤੀ ਦੀ ਲੋੜ ਹੈ, ਜੋ ਬਿਜਲੀ ਦੀ ਨਿਰੰਤਰ ਉਪਲਬਧਤਾ, ਲਾਗਤ, ਕੁਦਰਤੀ ਸਰੋਤਾਂ ਦੀ ਵਰਤੋਂ ਅਤੇ ਵਾਤਾਵਰਨ ਦੀ ਸੁਰੱਖਿਆ ਵਿਚਕਾਰ ਸੰਤੁਲਨ ਕਾਇਮ ਕਰ ਸਕੇ।

ਬਿਜਲੀ ਤੋਂ ਇਲਾਵਾ, ਡੇਟਾ ਸੈਂਟਰਾਂ ਨਾਲ ਜੁੜਿਆ ਇੱਕ ਹੋਰ ਅਹਿਮ ਮੁੱਦਾ ਪਾਣੀ ਦੀ ਭਾਰੀ ਖਪਤ ਦਾ ਹੈ। ਡੇਟਾ ਸੈਂਟਰਾਂ ਵਿੱਚ ਹਜ਼ਾਰਾਂ ਸਰਵਰ ਦਿਨ-ਰਾਤ ਚੱਲਦੇ ਹਨ, ਜਿਸ ਕਾਰਨ ਉਹ ਬਹੁਤ ਜ਼ਿਆਦਾ ਗਰਮ ਹੋ ਜਾਂਦੇ ਹਨ। ਇਨ੍ਹਾਂ ਮਸ਼ੀਨਾਂ ਨੂੰ ਸੁਰੱਖਿਅਤ ਤਾਪਮਾਨ 'ਤੇ ਰੱਖਣ ਲਈ ਵਿਸ਼ੇਸ਼ ਕੂਲਿੰਗ ਪ੍ਰਣਾਲੀ ਦੀ ਲੋੜ ਹੁੰਦੀ ਹੈ, ਅਤੇ ਜ਼ਿਆਦਾਤਰ ਡੇਟਾ ਸੈਂਟਰਾਂ ਵਿੱਚ ਇਸ ਲਈ ਪਾਣੀ ਦੀ ਵਰਤੋਂ ਕੀਤੀ ਜਾਂਦੀ ਹੈ। ਪਾਣੀ ਦੇ ਵਾਸ਼ਪੀਕਰਨ (ਭਾਫ਼ ਬਣਾਉਣ) ਰਾਹੀਂ ਗਰਮੀ ਬਾਹਰ ਕੱਢਣ ਵਾਲੀਆਂ ਪ੍ਰਣਾਲੀਆਂ ਵਿੱਚ ਪਾਣੀ ਦਾ ਇੱਕ ਵੱਡਾ ਹਿੱਸਾ ਉੱਡ ਜਾਂਦਾ ਹੈ, ਜਿਸ ਦੀ ਭਰਪਾਈ ਲਈ ਲਗਾਤਾਰ ਤਾਜ਼ੇ ਪਾਣੀ ਦੀ ਲੋੜ ਪੈਂਦੀ ਹੈ। ਇਸ ਤੋਂ ਇਲਾਵਾ, ਡੇਟਾ ਸੈਂਟਰਾਂ ਦੇ ਸਰਵਰਾਂ ਵਿੱਚ ਬਹੁਤ ਵੱਡੀ ਤਾਦਾਦ ਵਿੱਚ ਸੈਮੀਕੰਡਕਟਰ ਚਿੱਪਾਂ ਵਰਤੀਆਂ ਜਾਂਦੀਆਂ ਹਨ ਅਤੇ ਇਨ੍ਹਾਂ ਚਿੱਪਾਂ ਦੇ ਨਿਰਮਾਣ ਵਿੱਚ ਵੀ ਅਥਾਹ ਪਾਣੀ ਲੱਗਦਾ ਹੈ। ਇੱਥੋਂ ਤੱਕ ਕਿ ਡੇਟਾ ਸੈਂਟਰਾਂ ਨੂੰ ਚਲਾਉਣ ਵਾਲੀ ਬਿਜਲੀ ਦੇ ਉਤਪਾਦਨ ਲਈ ਡੈਮਾਂ ਵਿੱਚ ਵੀ ਪਾਣੀ ਦੀ ਖਪਤ ਹੁੰਦੀ ਹੈ।

'ਕੌਂਸਲ ਔਨ ਐਨਰਜੀ, ਇਨਵਾਇਰਨਮੈਂਟ ਐਂਡ ਵਾਟਰ' (ਸੀ ਈ ਈ ਡਬਲਿਊ) ਅਨੁਸਾਰ ਭਾਰਤ ਦੇ ਡੇਟਾ ਸੈਂਟਰਾਂ ਦੀ ਪਾਣੀ ਦੀ ਸਾਲਾਨਾ ਖਪਤ ਲਗਪਗ 150 ਅਰਬ ਲੀਟਰ ਹੈ, ਅਤੇ 2030 ਤੱਕ ਇਸ ਦੇ ਦੁੱਗਣੇ ਤੋਂ ਵੀ ਵੱਧ ਹੋਣ ਦਾ ਅਨੁਮਾਨ ਹੈ। ਇਸ ਅੰਕੜੇ ਨੂੰ ਸਿਰਫ਼ ਰਾਸ਼ਟਰੀ ਪੱਧਰ 'ਤੇ ਨਹੀਂ ਦੇਖਿਆ ਜਾਣਾ ਚਾਹੀਦਾ, ਅਸਲ ਚਿੰਤਾ ਸਥਾਨਕ ਪੱਧਰ ਦੀ ਹੈ। ਜੇਕਰ ਪਾਣੀ ਦੀ ਘਾਟ ਵਾਲੇ ਖੇਤਰ ਵਿੱਚ ਕੋਈ ਵੱਡਾ ਡੇਟਾ ਸੈਂਟਰ ਬਣਦਾ ਹੈ ਤਾਂ ਭੂਮੀਗਤ ਪਾਣੀ ਅਤੇ ਸਥਾਨਕ ਬਿਜਲੀ ਗਰਿੱਡ ਉੱਤੇ ਅਸਹਿ ਦਬਾਅ ਵਧ ਸਕਦਾ ਹੈ। 'ਡਬਲਿਊ ਆਰ ਆਈ ਇੰਡੀਆ' (World Resources Institute India) ਦੀ ਇੱਕ ਤਾਜ਼ਾ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਭਾਰਤ ਦੇ ਅੱਧੇ ਨਾਲੋਂ ਵੱਧ ਡੇਟਾ ਸੈਂਟਰ ਪਾਣੀ ਦੀ ਘਾਟ ਦਾ ਸਾਹਮਣਾ ਕਰ ਰਹੇ ਖੇਤਰਾਂ ਵਿੱਚ ਸਥਿਤ ਹਨ। ਇਸ ਲਈ ਡੇਟਾ ਸੈਂਟਰਾਂ ਵਿੱਚ ਪੀਣ ਯੋਗ ਪਾਣੀ ਦੀ ਅੰਨ੍ਹੇਵਾਹ ਵਰਤੋਂ ਦੀ ਥਾਂ ਰੀਸਾਈਕਲ ਕੀਤਾ ਪਾਣੀ, 'ਬੰਦ-ਚੱਕਰ ਕੂਲਿੰਗ ਪ੍ਰਣਾਲੀ' (ਕਲੋਜ਼ਡ-ਲੂਪ ਸਿਸਟਮ, ਜਿਸ ਵਿੱਚ ਪਾਣੀ ਨੂੰ ਵਾਰ-ਵਾਰ ਵਰਤਿਆ ਜਾਂਦਾ ਹੈ) ਅਤੇ ਮੀਂਹ ਦੇ ਪਾਣੀ ਦੀ ਸੰਭਾਲ ਵਰਗੀਆਂ ਤਕਨੀਕਾਂ ਲਾਜ਼ਮੀ ਕੀਤੀਆਂ ਜਾਣੀਆਂ ਚਾਹੀਦੀਆਂ ਹਨ।

ਡੇਟਾ ਸੈਂਟਰਾਂ ਵਿੱਚ ਬੈਂਕਿੰਗ, ਸਿਹਤ, ਸਿੱਖਿਆ, ਸਰਕਾਰੀ ਅਤੇ ਨਿੱਜੀ ਸੇਵਾਵਾਂ ਨਾਲ ਸਬੰਧਿਤ ਅਥਾਹ ਮਾਤਰਾ ਵਿੱਚ ਡੇਟਾ ਮੌਜੂਦ ਹੁੰਦਾ ਹੈ। ਇਸੇ ਕਾਰਨ ਇਹ ਸਾਈਬਰ ਅਪਰਾਧੀਆਂ ਦੇ ਨਿਸ਼ਾਨੇ 'ਤੇ ਵੀ ਰਹਿੰਦੇ ਹਨ। 'ਇੰਡੀਅਨ ਕੰਪਿਊਟਰ ਐਮਰਜੈਂਸੀ ਰਿਸਪਾਂਸ ਟੀਮ' ਅਨੁਸਾਰ ਲੰਘੇ ਸਾਲਾਂ ਦੌਰਾਨ ਭਾਰਤ ਵਿੱਚ ਲੱਖਾਂ ਸਾਈਬਰ ਹਮਲਿਆਂ ਅਤੇ ਘਟਨਾਵਾਂ ਨਾਲ ਨਜਿੱਠਣਾ ਪਿਆ ਹੈ। ਇਸ ਸੰਵੇਦਨਸ਼ੀਲ ਪਹਿਲੂ ਨੂੰ ਧਿਆਨ ਵਿੱਚ ਰੱਖਦਿਆਂ ਇਹ ਬਹੁਤ ਜ਼ਰੂਰੀ ਹੈ ਕਿ ਡਿਜੀਟਲ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਦੇ ਨਾਲ-ਨਾਲ ਡੇਟਾ ਸੈਂਟਰਾਂ ਦੀ ਸਾਈਬਰ ਸੁਰੱਖਿਆ ਨੂੰ ਵੀ ਅਤਿ-ਆਧੁਨਿਕ ਅਤੇ ਮਜ਼ਬੂਤ ਬਣਾਇਆ ਜਾਵੇ।

ਅੱਜ ਦੇ ਦੌਰ ਵਿੱਚ ਡੇਟਾ ਸਿਰਫ਼ ਜਾਣਕਾਰੀ ਦਾ ਆਦਾਨ-ਪ੍ਰਦਾਨ ਨਹੀਂ, ਸਗੋਂ ਇੱਕ ਵੱਡਾ ਆਰਥਿਕ ਸਰੋਤ ਬਣ ਚੁੱਕਾ ਹੈ। ਡੇਟਾ ਸੈਂਟਰ ਭਾਰਤ ਨੂੰ ਡਿਜੀਟਲ ਸੇਵਾਵਾਂ ਦੇ ਖੇਤਰ ਵਿੱਚ ਆਤਮਨਿਰਭਰ ਬਣਾਉਣ, ਡੇਟਾ ਨੂੰ ਦੇਸ਼ ਦੀਆਂ ਸਰਹੱਦਾਂ ਅੰਦਰ ਸੁਰੱਖਿਅਤ ਰੱਖਣ, ਕਲਾਊਡ ਤੇ ਏ.ਆਈ. ਸੇਵਾਵਾਂ ਦਾ ਵਿਸਥਾਰ ਕਰਨ ਅਤੇ ਵੱਡੇ ਪੱਧਰ 'ਤੇ ਵਿਦੇਸ਼ੀ ਨਿਵੇਸ਼ ਨੂੰ ਆਕਰਸ਼ਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਪਰ ਡਿਜੀਟਲ ਤਰੱਕੀ ਦੀ ਇਹ ਤੇਜ਼ ਦੌੜ ਹੁਣ ਸਾਡੇ ਸਾਹਮਣੇ ਇੱਕ ਵੱਡਾ ਸਵਾਲ ਖੜ੍ਹਾ ਕਰਦੀ ਹੈ ਕਿ ਕੀ ਅਸੀਂ ਡੇਟਾ ਸੈਂਟਰਾਂ ਦਾ ਵਿਕਾਸ ਪਾਣੀ, ਬਿਜਲੀ, ਵਾਤਾਵਰਨ ਅਤੇ ਸਾਈਬਰ ਸੁਰੱਖਿਆ ਦੀ ਕੀਮਤ ਉੱਤੇ ਕਰਾਂਗੇ, ਜਾਂ ਇੱਕ ਸੰਤੁਲਿਤ ਅਤੇ ਟਿਕਾਊ ਯੋਜਨਾਬੰਦੀ ਨਾਲ ?

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਨਸ਼ਾ ਮੁਕਤ ਭਾਰਤ ਲਈ ਨੌਜਵਾਨਾਂ ਨੂੰ ਲਾਮਬੰਦ ਕਰਨ ਵਾਸਤੇ ਮਿੰਨੀ ਮੈਰਾਥਨ ਦਾ ਆਯੋਜਨ

ਫ਼ਤਹਿਗੜ੍ਹ ਸਾਹਿਬ, 2 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਨਸ਼ਾ ਮੁਕਤ ਭਾਰਤ ਦੀ ਸਿਰਜਣਾ ਦੇ ਕੌਮੀ ਉਦੇਸ਼ ਪ੍ਰਤੀ ਆਪਣਾ ਅਹਿਦ ਦੁਹਰਾਉਂਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵੱਲੋਂ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਮੁਹਿੰਮ ਤਹਿਤ 3.5 ਕਿਲੋਮੀਟਰ ਦੀ ਮਿੰਨੀ ਮੈਰਾਥਨ ਕਰਵਾਈ ਗਈ। ਇਸ ਮੌਕੇ ਲਗਭਗ 250 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੌਜਵਾਨ ਦੇਸ਼ ਦੇ ਵਿਕਾਸ ਦੀ ਅਸਲ ਤਾਕਤ ਹਨ ਅਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਤੇ ਸਾਰਥਕ ਸਰਗਰਮੀਆਂ ਵੱਲ ਸੇਧਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਨੇ ਖੇਡਾਂ ਨੂੰ ਅਨੁਸ਼ਾਸਨ, ਪੱਕੇ ਇਰਾਦੇ ਅਤੇ ਸਿਹਤਮੰਦ ਜੀਵਨ ਜਾਚ ਦੇ ਵਿਕਾਸ ਦਾ ਅਹਿਮ ਸਾਧਨ ਦੱਸਦਿਆਂ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਿੱਚ



ਵਿਦਿਅਕ ਸੰਸਥਾਵਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਇਸ ਸਮਾਗਮ ਦਾ ਤਾਲਮੇਲ ਡਾ. ਹਰਨੀਤ ਬਿਲਿੰਗ, ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਕੋਆਰਡੀਨੇਟਰ ਵੱਲੋਂ ਕੀਤਾ ਗਿਆ, ਜਦਕਿ ਡਾ. ਬਹਾਦਰ ਸਿੰਘ, ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਅਫ਼ਸਰ ਨੇ ਅਹਿਮ ਭੂਮਿਕਾ ਨਿਭਾਈ। ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਅੰਤਰਰਾਸ਼ਟਰੀ ਪੱਧਰ ਦੀ ਰਗਬੀ ਖਿਡਾਰਨ ਅਤੇ ਯੂਨੀਵਰਸਿਟੀ ਦੀ ਸਾਬਕਾ ਵਿਦਿਆਰਥਣ ਮਿਸ ਅਮਨਦੀਪ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੀ ਮੌਜੂਦਗੀ ਵਿਦਿਆਰਥੀਆਂ ਲਈ ਖ਼ਾਸ ਪ੍ਰੇਰਨਾ ਦਾ ਸਰੋਤ ਰਹੀ, ਕਿਉਂਕਿ ਉਹ ਯੂਨੀਵਰਸਿਟੀ ਦੀ ਖੇਡ ਪ੍ਰਤਿਭਾ ਅਤੇ ਪ੍ਰਾਪਤੀਆਂ ਦੀ ਨੁਮਾਇੰਦਗੀ ਕਰਦੇ ਹਨ। ਡਾ. ਸਿਕੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰੀ ਭਰਿਆ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ, ਜਦਕਿ ਮਿਸ ਅਮਨਦੀਪ ਕੌਰ ਨੇ ਖੇਡਾਂ, ਪੱਕੇ ਇਰਾਦੇ ਅਤੇ ਸਵੈ-ਅਨੁਸ਼ਾਸਨ ਦੀ ਅਹਿਮੀਅਤ ਬਾਰੇ ਵਿਚਾਰ ਸਾਂਝੇ ਕੀਤੇ। ਡਾ. ਹਰਨੀਤ ਬਿਲਿੰਗ ਨੇ ਨੌਜਵਾਨਾਂ ਵਿੱਚ ਸਮਾਜਕ ਚੇਤਨਾ ਪੈਦਾ ਕਰਨ ਵਿੱਚ ਰਾਸ਼ਟਰੀ ਸੇਵਾ ਯੋਜਨਾ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਲੜਕਿਆਂ ਦੇ ਵਰਗ ਵਿੱਚ ਸੁਖਵਿੰਦਰ ਸਿੰਘ, ਮਨਜੋਤ ਸਿੰਘ ਅਤੇ ਸਾਹਿਬ ਸਿੰਘ ਨੇ ਪਹਿਲੇ ਤਿੰਨ ਸਥਾਨ ਹਾਸਲ ਕੀਤੇ, ਜਦਕਿ ਲੜਕੀਆਂ ਦੇ ਵਰਗ ਵਿੱਚ ਕਰਮਜੀਤ ਕੌਰ, ਨੀਤੂ ਅਤੇ ਸੁਮਨਦੀਪ ਕੌਰ ਜੇਤੂ ਰਹੀਆਂ। ਮੈਰਾਥਨ ਦੀ ਸਮਾਪਤੀ ਨਸ਼ਿਆਂ ਤੋਂ ਦੂਰ ਰਹਿਣ, ਤੰਦਰੁਸਤੀ ਅਪਣਾਉਣ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਦੇ ਸਾਂਝੇ ਸੁਨੇਹੇ ਨਾਲ ਹੋਈ।

ਮੇਰਾ ਯੁਵਾ ਭਾਰਤ ਅਤੇ ਐਨ.ਐਸ.ਐਸ. ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਵੋਟ ਜਾਗਰੂਕਤਾ ਪ੍ਰੋਗਰਾਮ ਕਰਵਾਇਆ

ਫ਼ਤਹਿਗੜ੍ਹ ਸਾਹਿਬ, 2 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਮੇਰਾ ਯੁਵਾ ਭਾਰਤ ਅਤੇ ਕੌਮੀ ਸੇਵਾ



ਯੋਜਨਾ (ਐਨ.ਐਸ.ਐਸ.) ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਦੇ ਸੈਮੀਨਾਰ ਹਾਲ ਵਿਖੇ ਵੋਟ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰੀਤ ਪਾਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਵੋਟ ਦਾ ਅਧਿਕਾਰ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸੋਚ ਅਤੇ ਸਮਝ ਦਾ ਸਹੀ ਇਸਤੇਮਾਲ ਕਰਦੇ ਹੋਏ ਬਿਨਾਂ ਕਿਸੇ ਲਾਲਚ ਜਾਂ ਦਬਾਅ ਤੋਂ ਆਪਣੀ ਵੋਟ ਦਾ ਇਸਤੇਮਾਲ ਕਰਨ ਅਤੇ ਲੋਕਤੰਤਰਿਕ ਪ੍ਰਕਿਰਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ। ਇਸ ਮੌਕੇ ਜ਼ਿਲ੍ਹਾ ਯੂਥ ਅਫ਼ਸਰ ਸ੍ਰੀ ਕਾਰਤਿਕ ਸਿੰਗਲਾ ਨੇ ਨੌਜਵਾਨਾਂ ਨੂੰ ਮੇਰਾ ਭਾਰਤ ਪੋਰਟਲ ਰਾਹੀਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਇਸ ਉਪਰੰਤ ਮੰਤਰਾਲੇ ਵੱਲੋਂ ਪਹੁੰਚੇ ਯੂਥ ਆਈਕਨ ਸ੍ਰੀ ਰਚਿਤ ਜੈਨ ਨੇ 'ਆਪਣੇ ਵੋਟ ਦੇ ਅਧਿਕਾਰ ਦੀ ਮਹੱਤਤਾ' ਵਿਸ਼ੇ 'ਤੇ ਵਿਸਥਾਰਪੂਰਵਕ ਪੇਸ਼ਕਾਰੀ ਦਿੱਤੀ। ਉਨ੍ਹਾਂ ਨੇ ਨੌਜਵਾਨਾਂ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੇ ਵੋਟ ਦੇ ਅਧਿਕਾਰ ਦੀ ਸੁਚੱਜੀ ਅਤੇ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਓਹਨਾ ਨੌਜਵਾਨਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਰਹਿਣ ਅਤੇ ਉਨ੍ਹਾਂ ਦੀ ਸਹੀ ਵਰਤੋਂ ਕਰਨ ਦੀ ਅਪੀਲ ਕੀਤੀ। ਇਸ ਮੌਕੇ ਅੰਤਰਰਾਸ਼ਟਰੀ ਰਗਬੀ ਖਿਡਾਰਨ ਅਮਨਦੀਪ ਕੌਰ, ਡਾ. ਹਰਨੀਤ ਬਲਿੰਗ, ਸੁਖਲੀਨ ਕੌਰ, ਅਮਨਦੀਪ ਕੌਰ ਅਤੇ ਵੱਡੀ ਗਿਣਤੀ ਵਿਦਿਆਰਥੀ ਹਾਜ਼ਰ ਸਨ।

ਜਨਤਕ ਇਤਲਾਹ (PUBLIC NOTICE) ਵਸੀਅਤ ਰੱਦ ਕਰਨ ਅਤੇ ਪਹਿਲਾਂ ਵਾਲੀ ਵਸੀਅਤ ਬਾਰੇ ਸੂਚਨਾ

ਆਮ ਜਨਤਾ ਨੂੰ ਇਸ ਜਨਤਕ ਇਤਲਾਹ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਮੈਂ, ਸ਼੍ਰੀਮਤੀ ਗੁਰਚਰਨ ਕੌਰ ਪਤਨੀ ਸਵਰਗਵਾਸੀ ਮੇਜਰ ਗੁਰਬਖਸ਼ ਸਿੰਘ, ਵਸਨੀਕ ਮਕਾਨ ਨੰਬਰ 1796, ਸੈਕਟਰ 60, ਫੇਜ਼ 999-2-2, ਮੋਹਾਲੀ, ਆਪਣੀ ਪੂਰੀ ਮਰਜ਼ੀ ਅਤੇ ਹੋਸ਼ੋ-ਹਵਾਸ ਵਿੱਚ ਵਸੀਕਾ ਨੰ.1111/3 ਮਿਤੀ 27/12/2002 ਨੂੰ ਚੰਡੀਗੜ੍ਹ ਵਿਖੇ ਰਜਿਸਟਰਡ ਕਰਵਾਈ ਗਈ ਵਸੀਅਤ ਨੂੰ ਰੱਦ ਕਰਨ ਦਾ ਐਲਾਨ ਕਰਦੀ ਹਾਂ ਅਤੇ ਮਿਤੀ 20/06/2002 ਨੂੰ ਤਿਆਰ ਕੀਤੀ ਗਈ ਵਸੀਅਤ ਨੂੰ ਆਪਣੀ ਇੱਛਾ ਅਨੁਸਾਰ ਮੰਨਦੀ ਹਾਂ। ਇਸ ਲਈ ਵਸੀਕਾ ਨੰ. 1111/3, ਮਿਤੀ 27/12/2002 ਵਾਲੀ ਵਸੀਅਤ ਦੇ ਆਧਾਰ 'ਤੇ ਕੋਈ ਵੀ ਵਿਅਕਤੀ ਕਿਸੇ ਕਿਸਮ ਦਾ ਹੱਕ, ਦਾਅਵਾ ਜਾਂ ਲੈਣ-ਦੇਣ ਲਈ ਖ਼ੁਦ ਜ਼ਿੰਮੇਵਾਰ ਹੋਵੇਗਾ।





Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



ਪੌਲੀਟਿਕਸ



ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ : ਡਿਪਟੀ ਕਮਿਸ਼ਨਰ



ਫ਼ਤਹਿਗੜ੍ਹ ਸਾਹਿਬ, 2 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

: ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ।

ਇਸੇ ਲੜੀ ਤਹਿਤ ਨੌਜਵਾਨਾਂ ਨੂੰ ਖੇਡ ਗਤਿਵਿਧੀਆਂ ਨਾਲ ਜੋੜਨ ਦੇ ਮੰਤਵ ਨਾਲ ਖੇਡ ਵਿਭਾਗ ਵੱਲੋਂ ਜ਼ਿਲ੍ਹੇ ਦੇ ਡਰੱਗ ਹੌਟਸਪੌਟ ਖੇਤਰ ਮੰਡੀ ਗੋਬਿੰਦਗੜ੍ਹ ਦੇ ਵਾਰਡ ਨੰਬਰ 21 ਅਤੇ ਪਿੰਡ ਕੋਟਲਾ ਬਜਵਾੜਾ ਵਿਖੇ ਵਿਸ਼ੇਸ਼ ਖੇਡ ਸਿਖਲਾਈ ਕੈਂਪ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਹਰੇਕ ਸਥਾਨ ਤੋਂ ਕਰੀਬ 30 ਤੋਂ 40 ਨੌਜਵਾਨ ਖਿਡਾਰੀਆਂ ਨੇ ਪੂਰੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਕੈਂਪਾਂ ਦੌਰਾਨ ਖੇਡ ਵਿਭਾਗ ਦੇ ਤਜਰਬੇਕਾਰ ਕੋਚਾਂ ਵੱਲੋਂ ਨੌਜਵਾਨਾਂ ਨੂੰ ਵੱਖ-ਵੱਖ ਖੇਡਾਂ ਦੀ ਮੁੱਢਲੀ ਸਿਖਲਾਈ ਦੇਣ ਦੇ ਨਾਲ-ਨਾਲ ਫਿਟਨੈੱਸ ਟ੍ਰੇਨਿੰਗ ਅਤੇ ਸਰੀਰਕ ਤੰਦਰੁਸਤੀ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਨੌਜਵਾਨਾਂ ਨੂੰ ਖੇਡ ਵਿਭਾਗ ਦੀਆਂ ਵੱਖ-ਵੱਖ ਭਲਾਈ ਸਕੀਮਾਂ, ਜਿਨ੍ਹਾਂ ਵਿੱਚ ਖੇਡ ਵਿੰਗ, ਖੇਡ ਨਰਸਰੀਆਂ ਅਤੇ ਸਪੋਰਟਸ ਸਕਾਲਰਸ਼ਿਪ ਸਕੀਮਾਂ ਸ਼ਾਮਲ ਹਨ, ਬਾਰੇ ਵੀ ਵਿਸਥਾਰਪੂਰਵਕ ਜਾਣੂ ਕਰਵਾਇਆ ਗਿਆ, ਤਾਂ ਜੋ ਉਹ ਇਨ੍ਹਾਂ ਸਕੀਮਾਂ ਦਾ ਲਾਭ ਉਠਾ ਕੇ ਖੇਡਾਂ ਦੇ ਖੇਤਰ ਵਿੱਚ ਆਪਣਾ ਭਵਿੱਖ ਬਿਹਤਰ ਬਣਾ ਸਕਣ। ਇਸ ਤੋਂ ਇਲਾਵਾ ਪਿੰਡ ਕੋਟਲਾ ਬਜਵਾੜਾ ਵਿਖੇ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਜਾਰੀ ਰੱਖਣ ਲਈ ਵਾਲੀਬਾਲ ਕਿੱਟ ਵੀ ਮੁਹੱਈਆ ਕਰਵਾਈ ਗਈ। ਡਿਪਟੀ ਕਮਿਸ਼ਨਰ ਨੇ ਆਸ ਪ੍ਰਗਟਾਈ ਕਿ ਅਜਿਹੇ ਉਪਰਾਲਿਆਂ ਸਦਕਾ ਨੌਜਵਾਨ ਖੇਡਾਂ ਦੇ ਖੇਤਰ ਵਿੱਚ ਅੱਗੇ ਵਧ ਕੇ ਆਪਣੇ ਪਿੰਡ, ਜ਼ਿਲ੍ਹੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ। ਇਸ ਮੌਕੇ ਖੇਡ ਪ੍ਰੇਮੀ ਅਤੇ ਪਿੰਡ ਵਾਸੀ ਹਾਜ਼ਰ ਸਨ।

ਭਗਵੰਤ ਮਾਨ ਸਰਕਾਰ ਦੇ ਰਿਕਾਰਡ ਵਿਕਾਸ ਅਤੇ ਲੋਕ ਭਲਾਈ ਕੰਮਾਂ ਤੋਂ ਵਿਰੋਧੀ ਧਿਰ ਘਬਰਾ ਗਈ ਹੈ ਅਤੇ ਨਸ਼ਿਆਂ 'ਤੇ ਰਾਜਨੀਤੀ ਕਰ ਰਹੀ ਹੈ: ਬਲਤੇਜ ਪੰਨੂ

ਪਟਿਆਲਾ, 2 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਆਮ ਆਦਮੀ ਪਾਰਟੀ ਆਪ ਪੰਜਾਬ ਦੇ ਮੀਡੀਆ ਇੰਚਾਰਜ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮਿਸ਼ਨ ਦੇ ਬੁਲਾਰੇ ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਅਤੇ ਜਨ-ਹਿੱਤ ਲਈ ਕੀਤੇ ਗਏ ਮਿਸਾਲੀ ਕੰਮਾਂ ਤੋਂ ਵਿਰੋਧੀ ਧਿਰਾਂ ਪੂਰੀ ਤਰ੍ਹਾਂ ਬੌਖਲਾ ਗਈਆਂ ਹਨ। ਖੇਤਾਂ ਤੱਕ ਨਹਿਰੀ ਪਾਣੀ ਦੀ ਪਹੁੰਚ 22% ਤੋਂ ਵਧਾ ਕੇ 88% ਤੱਕ ਪਹੁੰਚਾਉਣ, ਆਮ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦੇਣ, 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਵਾਲੇ ਸਿਹਤ ਕਾਰਡ ਮੁਹੱਈਆ ਕਰਵਾਉਣ ਅਤੇ ਔਰਤਾਂ ਦੇ ਖਾਤਿਆਂ ਵਿੱਚ 1000 ਤੋਂ 1500 ਰੁਪਏ ਦੀ ਵਿੱਤੀ ਸਹਾਇਤਾ ਪਾਉਣ ਵਰਗੀਆਂ ਇਨਕਲਾਬੀ ਪ੍ਰਾਪਤੀਆਂ ਨੇ ਵਿਰੋਧੀਆਂ ਦੇ ਮੁੱਦੇ ਖ਼ਤਮ ਕਰ ਦਿੱਤੇ ਹਨ। ਇਸੇ ਕਰਕੇ ਵਿਰੋਧੀ ਧਿਰਾਂ ਨਸ਼ੇ ਦੇ ਮੁੱਦੇ ਨੂੰ ਸਿਆਸੀ ਹਥਿਆਰ ਬਣਾ ਕੇ ਸਰਕਾਰ ਦੇ ਲੋਕ-ਪੱਖੀ ਵਿਕਾਸ ਕਾਰਜਾਂ ਨੂੰ ਦਬਾਉਣ ਦੀ ਅਸਫ਼ਲ ਕੋਸ਼ਿਸ਼ ਕਰ ਰਹੀਆਂ ਹਨ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦੇ ਬਲਤੇਜ ਪੰਨੂ ਨੇ ਪਿਛਲੀਆਂ ਸਰਕਾਰਾਂ ਦੀਆਂ ਨਾਕਾਮੀਆਂ ਦੀ ਪੋਲ ਖੋਲ੍ਹਦਿਆਂ ਦੱਸਿਆ ਕਿ 2007 ਤੋਂ 2017 ਦੌਰਾਨ ਅਕਾਲੀ-ਭਾਜਪਾ ਗੱਠਜੋੜ ਦੇ ਸ਼ਾਸਨਕਾਲ ਵਿੱਚ ਪੰਜਾਬ ਦੀ ਪਵਿੱਤਰ ਧਰਤੀ 'ਤੇ 'ਚਿੱਟੇ' ਦਾ ਨਾਮ ਪਹਿਲੀ ਵਾਰ ਸੁਣਿਆ ਗਿਆ ਸੀ, ਜਿਸ ਨੇ ਹੌਲੀ-ਹੌਲੀ ਸੂਬੇ ਦੀ ਜਵਾਨੀ ਨੂੰ ਨਿਗਲਣਾ ਸ਼ੁਰੂ ਕੀਤਾ। ਇਸ ਤੋਂ ਬਾਅਦ 2017 ਵਿੱਚ ਕੈਪਟਨ ਅਮਰਿੰਦਰ ਸਿੰਘ ਨੇ ਵੋਟਾਂ ਬਟੋਰਨ ਲਈ ਪਵਿੱਤਰ ਗੁਟਕਾ ਸਾਹਿਬ ਅਤੇ ਦੇਸ਼ ਦੇ ਸੰਵਿਧਾਨ ਦੀ ਝੂਠੀ ਸਹੁੰ ਚੁੱਕੀ, ਪਰ ਜਿੱਤਣ ਤੋਂ ਬਾਅਦ ਆਪਣੇ ਨਵੇਂ ਮਹਿਲ ਵਿੱਚ ਬੈਠ ਕੇ ਆਪਣੇ ਦੋਸਤ ਦੇ ਸਹਾਰੇ ਸਰਕਾਰ ਛੱਡ ਦਿੱਤੀ ਅਤੇ ਨਸ਼ਿਆਂ ਖ਼ਿਲਾਫ਼ ਕੋਈ ਠੋਸ ਕਦਮ ਨਹੀਂ ਚੁੱਕਿਆ।

ਉਨ੍ਹਾਂ ਦੱਸਿਆ ਕਿ 2022 ਵਿੱਚ ਮਾਨ ਸਰਕਾਰ ਦੇ ਆਉਣ ਤੋਂ ਬਾਅਦ ਬਕਾਇਦਾ ਵਿਊਂਤਬੰਦੀ ਨਾਲ 'ਯੁੱਧ ਨਸ਼ਿਆਂ ਵਿਰੁੱਧ' ਕਈ ਐਂਗਲਾਂ ਤੋਂ ਸ਼ੁਰੂ ਕੀਤਾ ਗਿਆ। ਇਸ ਲੜਾਈ ਵਿੱਚ ਪੰਜਾਬ ਪੁਲਿਸ ਦੀ ਹਾਂਪੱਖੀ ਭੂਮਿਕਾ, ਸਿਵਲ ਪ੍ਰਸ਼ਾਸਨ ਦੀ ਮੁਸਤੈਦੀ ਅਤੇ ਆਮ ਜਨਤਾ ਦੀ ਸਾਂਝੀ ਭਾਗੀਦਾਰੀ ਬਹੁਤ ਅਹਿਮ ਰਹੀ ਹੈ। ਸੂਬੇ ਵਿੱਚ 1 ਲੱਖ ਤੋਂ ਵੱਧ ਨਾਗਰਿਕ 'ਵਿਲੇਜ ਡਿਫੈਂਸ ਕਮੇਟੀਆਂ' ਅਤੇ 'ਵਾਰਡ ਡਿਫੈਂਸ ਕਮੇਟੀਆਂ' ਦੇ ਮੈਂਬਰ ਬਣ ਕੇ ਸਰਕਾਰ ਦਾ ਸਾਥ ਦੇ ਰਹੇ ਹਨ। ਪੰਜਾਬ ਦੇ ਇਸ ਜਨ-ਅੰਦੋਲਨ ਮਾਡਲ ਦੀ ਚਰਚਾ ਹੁਣ ਦੇਸ਼-ਵਿਦੇਸ਼ ਵਿੱਚ ਹੋ ਰਹੀ ਹੈ, ਜਿਸ ਦਾ ਪ੍ਰਗਟਾਵਾ ਬਿਹਾਰ ਦੇ ਡੀਜੀਪੀ ਨੇ ਵੀ 'ਦ ਇੰਡੀਅਨ ਐਕਸਪ੍ਰੈੱਸ' ਵਿੱਚ ਛਪੇ ਆਪਣੇ ਇੰਟਰਵਿਊ ਵਿੱਚ ਕਰਦਿਆਂ ਪੰਜਾਬ ਦੇ ਲੋਕ-ਸਹਿਯੋਗੀ ਮਾਡਲ ਤੋਂ ਸਿੱਖਣ ਦੀ ਗੱਲ ਕਹੀ ਹੈ। ਅਮਰੀਕਾ ਵਿੱਚ ਐਫਬੀਆਈ ਵੱਲੋਂ ਕੀਤਾ 'ਓਪ੍ਰੇਸ਼ਨ ਹਾਰਡਬਾਲ' ਵਰਗੀਆਂ ਕਾਰਵਾਈਆਂ ਕੇਵਲ ਪੁਲਿਸ ਤੱਕ ਸੀਮਤ ਹਨ, ਜਦਕਿ ਪੰਜਾਬ ਵਿੱਚ ਇਹ ਜਨਤਾ ਨੂੰ ਨਾਲ ਲੈ ਕੇ ਲੜੀ ਜਾ ਰਹੀ ਇੱਕ ਵਿਲੱਖਣ ਲੜਾਈ ਹੈ।



ਕੈਬਨਿਟ ਮੀਟਿੰਗ ਵਿੱਚ ਲਏ ਗਏ ਅਹਿਮ ਫ਼ੈਸਲੇ ਦਾ ਜ਼ਿਕਰ ਕਰਦਿਆਂ ਪੰਨੂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ੇ ਦੇ ਕੇਸਾਂ ਦੇ ਤੇਜ਼ੀ ਨਾਲ ਨਿਪਟਾਰੇ ਲਈ 35 ਨਵੀਆਂ ਸਮਰਪਿਤ ਐਨਡੀਪੀਐਸ ਅਦਾਲਤਾਂ ਸਥਾਪਤ ਕਰਨ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਲਈ 35 ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜਾਂ ਸਮੇਤ ਕੁੱਲ 385 ਨਵੀਆਂ ਅਸਾਮੀਆਂ ਮਨਜ਼ੂਰ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਸਾਲਾਨਾ ਲਗਭਗ 20,000 ਐਨਡੀਪੀਐਸ ਮਾਮਲੇ ਦਰਜ ਹੁੰਦੇ ਹਨ ਅਤੇ 27,000 ਗ੍ਰਿਫ਼ਤਾਰੀਆਂ ਹੁੰਦੀਆਂ ਹਨ, ਜਿਨ੍ਹਾਂ ਵਿੱਚੋਂ 12,000 ਕੇਸ ਸੈਸ਼ਨ ਅਦਾਲਤਾਂ ਵਿੱਚ ਜਾਂਦੇ ਹਨ ਪਰ ਹੋਰ ਅਦਾਲਤਾਂ 'ਤੇ ਬੋਝ ਹੋਣ ਕਰਕੇ ਸਿਰਫ਼ 5,700 ਕੇਸਾਂ ਦਾ ਹੀ ਨਿਪਟਾਰਾ ਹੋ ਪਾਉਂਦਾ ਸੀ। 31 ਅਗਸਤ 2026 ਤੱਕ ਲਮਕਦੇ ਕੇਸਾਂ ਦੀ ਗਿਣਤੀ 52,777 ਤੱਕ ਪਹੁੰਚ ਚੁੱਕੀ ਸੀ, ਜਿਨ੍ਹਾਂ ਦਾ ਨਿਪਟਾਰਾ ਹੋਣ ਵਿੱਚ 8 ਸਾਲ ਤੱਕ ਦਾ ਸਮਾਂ ਲੱਗ ਸਕਦਾ ਸੀ। ਇਨ੍ਹਾਂ ਵਿਸ਼ੇਸ਼ ਅਤੇ ਡੈਡੀਕੇਟਡ ਅਦਾਲਤਾਂ ਦੇ ਗਠਨ ਨਾਲ ਕੇਸਾਂ ਦੀ ਫ਼ਾਸਟ ਟਰੈਕ ਸੁਣਵਾਈ ਯਕੀਨੀ ਹੋਵੇਗੀ।

ਪੰਨੂ ਨੇ ਅਦਾਲਤੀ ਰਿਕਾਰਡ ਅਤੇ 'ਦ ਇੰਡੀਅਨ ਐਕਸਪ੍ਰੈੱਸ' ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਪੰਜਾਬ ਪੁਲਿਸ ਦੀ ਇਮਾਨਦਾਰ, ਸਹੀ ਤੇ ਸਮੇਂ ਸਿਰ ਤਫ਼ਤੀਸ਼ ਅਤੇ ਸੋਲਿਡ ਸਬੂਤ ਪੇਸ਼ ਕਰਨ ਸਦਕਾ ਅੱਜ ਐਨਡੀਪੀਐਸ ਕੇਸਾਂ ਵਿੱਚ ਸਜ਼ਾ ਦਵਾਉਣ ਦੀ ਦਰ ਪੂਰੇ ਦੇਸ਼ ਵਿੱਚ ਸਭ ਤੋਂ ਵੱਧ ਹੈ। ਕਾਂਗਰਸ ਸਰਕਾਰ ਦੌਰਾਨ ਸਜ਼ਾ ਦਰ ਮਹਿਜ਼ 58% ਦੇ ਕਰੀਬ ਸੀ, ਜਦਕਿ 2017-2023 ਦੇ ਮੁਕਾਬਲੇ ਮਾਨ ਸਰਕਾਰ ਦੇ ਸਮੇਂ 2022-2026 ਦੌਰਾਨ ਐਨਡੀਪੀਐਸ ਦੇ ਕੁੱਲ ਕੇਸਾਂ ਤੇ ਗ੍ਰਿਫ਼ਤਾਰੀਆਂ ਵਿੱਚ 40 ਤੋਂ 45% ਦਾ ਵਾਧਾ ਹੋਇਆ ਹੈ। ਸਜ਼ਾ ਦਰ ਦਾ ਵੇਰਵਾ ਸਾਂਝਾ ਕਰਦਿਆਂ ਉਨ੍ਹਾਂ ਦੱਸਿਆ ਕਿ 2022 ਵਿੱਚ ਇਹ ਦਰ 80% (4,812 ਵਿੱਚੋਂ 3,870 ਕੇਸਾਂ ਵਿੱਚ ਸਜ਼ਾ), 2023 ਵਿੱਚ 81%, 2024 ਵਿੱਚ 85%, 2025 ਵਿੱਚ 88% (7,373 ਵਿੱਚੋਂ 6,488 ਕੇਸਾਂ ਵਿੱਚ ਸਜ਼ਾ) ਅਤੇ 2026 ਦੀ ਸ਼ੁਰੂਆਤ ਵਿੱਚ ਨਿਪਟਾਏ ਗਏ 1,831 ਕੇਸਾਂ ਵਿੱਚੋਂ 1,634 ਕੇਸਾਂ ਵਿੱਚ ਸਜ਼ਾ ਹੋਣ ਨਾਲ ਇਹ 89% ਹੋ ਚੁੱਕੀ ਹੈ। 35 ਸਮਰਪਿਤ ਐਨਡੀਪੀਐਸ ਅਦਾਲਤਾਂ ਕਾਰਜਸ਼ੀਲ ਹੋਣ ਨਾਲ ਸਜ਼ਾ ਦੀ ਇਹ ਦਰ 100% ਤੱਕ ਪਹੁੰਚ ਜਾਵੇਗੀ।

ਮਾਨ ਸਰਕਾਰ ਦੀ ਨਸ਼ਿਆਂ ਵਿਰੁੱਧ ਜ਼ੀਰੋ-ਟੋਲਰੈਂਸ ਨੀਤੀ 'ਤੇ ਜ਼ੋਰ ਦਿੰਦਿਆਂ ਮੀਡੀਆ ਇੰਚਾਰਜ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਜਦੋਂ ਰਾਜਾ ਕੰਦੋਲਾ, ਭੋਲਾ ਜਾਂ ਸਰਪੰਚ ਰਾਣੋ ਵਰਗੇ ਨਸ਼ਾ ਤਸਕਰ ਫੜੇ ਜਾਂਦੇ ਸਨ ਤਾਂ ਉਨ੍ਹਾਂ ਦੀਆਂ ਤੁਰੰਤ ਸੱਤਾਧਾਰੀ ਨੇਤਾਵਾਂ ਨਾਲ ਤਸਵੀਰਾਂ ਸਾਹਮਣੇ ਆਉਂਦੀਆਂ ਸਨ। ਪਰ 2022 ਤੋਂ ਹੁਣ ਤੱਕ ਸਾਡੇ ਕਿਸੇ ਮੰਤਰੀ, ਵਿਧਾਇਕ ਜਾਂ ਅਹੁਦੇਦਾਰ ਦੀ ਤਸਵੀਰ ਤਾਂ ਛੱਡੋ, ਨਾਮ ਵੀ ਕਿਸੇ ਜਗ੍ਹਾ 'ਤੇ ਨਹੀਂ ਆਇਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਾਫ਼ ਹੁਕਮ ਹੈ ਕਿ ਨਸ਼ੇ ਦੇ ਮਾਮਲੇ ਵਿੱਚ ਥਾਣੇ ਜਾਂ ਕਚਹਿਰੀ ਵਿੱਚ ਕਿਸੇ ਵੀ ਅਹੁਦੇਦਾਰ ਦੀ ਕੋਈ ਸਿਫ਼ਾਰਿਸ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰਾਂ ਕੋਲ ਕੋਈ ਮੁੱਦਾ ਨਹੀਂ ਬਚਿਆ ਅਤੇ ਉਹ ਸਵੇਰੇ ਉੱਠ ਕੇ ਸਿਰਫ਼ ਲਾਸ਼ਾਂ ਲੱਭ ਕੇ ਮਾਈਕ ਫੜ ਕੇ ਰਾਜਨੀਤੀ ਕਰਨ ਦੀ ਫ਼ਿਰਾਕ ਵਿੱਚ ਰਹਿੰਦੀਆਂ ਹਨ। ਜਦਕਿ ਮਾਨ ਸਰਕਾਰ ਨੇ ਮੁੱਦਿਆਂ 'ਤੇ ਸਿਆਸਤ ਕੀਤੀ ਹੈ, ਲੋਕਾਂ ਨੂੰ ਰਾਹਤ ਦਿੱਤੀ ਹੈ ਅਤੇ 2027 ਵਿੱਚ ਆਪਣੇ ਕੰਮਾਂ ਦੇ ਅਧਾਰ 'ਤੇ ਹੀ ਜਨਤਾ ਦੀ ਕਚਹਿਰੀ ਵਿੱਚ ਜਾਵੇਗੀ। 'ਯੁੱਧ ਨਸ਼ਿਆਂ ਵਿਰੁੱਧ' ਉਦੋਂ ਤੱਕ ਨਿਰੰਤਰ ਜਾਰੀ ਰਹੇਗਾ ਜਦੋਂ ਤੱਕ ਪੰਜਾਬ ਵਿੱਚੋਂ ਨਸ਼ੇ ਦਾ ਮੁਕੰਮਲ ਖ਼ਾਤਮਾ ਨਹੀਂ ਹੋ ਜਾਂਦਾ।

ਸੁਨਾਮ ਹਲਕੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਦੇਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ: ਅਮਨ ਅਰੋੜਾ



ਸੁਨਾਮ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸੁਨਾਮ ਵਿਧਾਨ ਸਭਾ ਹਲਕੇ ਦੇ ਸਰਬਪੱਖੀ ਵਿਕਾਸ, ਸ਼ਹਿਰੀ ਸੁੰਦਰੀਕਰਨ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਲੋੜਾਂ ਮੁਤਾਬਕ ਵਿਕਾਸ ਕਾਰਜ ਕਰਵਾਉਣ ਅਤੇ ਜਨਤਕ ਸਹੂਲਤਾਂ ਦੇ ਨਿਰੰਤਰ ਰੱਖ-ਰਖਾਅ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਸੁਨਾਮ, ਚੀਮਾ ਅਤੇ ਲੌਂਗੋਵਾਲ ਵਿੱਚ ਲਗਭਗ 66 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਨ੍ਹਾਂ ਪ੍ਰਾਜੈਕਟਾਂ ਤਹਿਤ ਤਿੰਨਾਂ ਸ਼ਹਿਰਾਂ ਵਿੱਚ ਕੁੱਲ 510 ਨਵੀਆਂ ਸਟ੍ਰੀਟ ਲਾਈਟਾਂ ਅਤੇ 71 ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ। ਇਸ ਤੋਂ ਇਲਾਵਾ ਸੁਨਾਮ ਦੇ ਨਵਾਂ ਬਾਜ਼ਾਰ, ਪੁਰਾਣੀ ਅਨਾਜ ਮੰਡੀ ਅਤੇ ਪੀਰ ਵਾਲਾ ਗੇਟ ਵਿਖੇ ਤਿੰਨ ਆਧੁਨਿਕ ਜਨਤਕ ਪਖਾਨੇ ਬਣਾਏ ਜਾ ਰਹੇ ਹਨ, ਜਿਨ੍ਹਾਂ ਨਾਲ ਬਾਜ਼ਾਰਾਂ ਵਿੱਚ ਆਉਣ ਵਾਲੇ ਲੋਕਾਂ ਅਤੇ ਦੁਕਾਨਦਾਰਾਂ ਨੂੰ ਸਹੂਲਤ ਮਿਲੇਗੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਟ੍ਰੀਟ ਲਾਈਟਾਂ ਲੱਗਣ ਨਾਲ ਰਾਤ ਸਮੇਂ ਆਵਾਜਾਈ ਸੁਖਾਲੀ ਹੋਵੇਗੀ, ਜਦਕਿ ਸੀਸੀਟੀਵੀ ਕੈਮਰਿਆਂ ਨਾਲ ਜਨਤਕ ਸਥਾਨਾਂ ਦੀ ਨਿਗਰਾਨੀ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤੀ ਮਿਲੇਗੀ। ਉਨ੍ਹਾਂ ਦੱਸਿਆ ਕਿ ਲਾਈਟਾਂ ਅਤੇ ਕੈਮਰੇ ਲਗਾਉਣ ਦਾ ਕੰਮ ਅਗਲੇ 15 ਤੋਂ 20 ਦਿਨਾਂ ਵਿੱਚ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ।

ਸ੍ਰੀ ਅਰੋੜਾ ਨੇ ਕਿਹਾ ਕਿ ਇਨ੍ਹਾਂ ਸਹੂਲਤਾਂ ਦੇ ਨਾਲ ਉਨ੍ਹਾਂ ਦੇ ਰੱਖ-ਰਖਾਅ ਦਾ ਵੀ ਪੁਖ਼ਤਾ ਪ੍ਰਬੰਧ ਕੀਤਾ ਗਿਆ ਹੈ। ਸਬੰਧਤ ਕੰਪਨੀ ਨਾਲ ਪੰਜ ਸਾਲਾਂ ਦਾ ਰੱਖ-ਰਖਾਅ ਇਕਰਾਰਨਾਮਾ ਕੀਤਾ ਗਿਆ ਹੈ, ਜਿਸ ਤਹਿਤ ਕੋਈ ਲਾਈਟ ਜਾਂ ਕੈਮਰਾ ਖ਼ਰਾਬ ਹੋਣ 'ਤੇ ਕੰਪਨੀ ਉਸ ਦੀ ਮੁਰੰਮਤ ਜਾਂ ਲੋੜ ਅਨੁਸਾਰ ਤਬਦੀਲੀ ਕਰਨ ਲਈ ਜ਼ਿੰਮੇਵਾਰ ਹੋਵੇਗੀ। ਉਨ੍ਹਾਂ ਕਿਹਾ ਕਿ ਜਨਤਕ ਪੈਸੇ ਨਾਲ ਤਿਆਰ ਕੀਤੀਆਂ ਸਹੂਲਤਾਂ ਦਾ ਲੰਮੇ ਸਮੇਂ ਤੱਕ ਲੋਕਾਂ ਨੂੰ ਲਾਭ ਮਿਲਣਾ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਖ਼ਰਾਬ ਹੋਣ ਦੀ ਸ਼ਿਕਾਇਤ ਦਰਜ ਕਰਵਾਉਣ ਲਈ ਸੰਪਰਕ ਨੰਬਰ 82690-00302 ਜਨਤਕ ਕੀਤਾ ਗਿਆ ਹੈ। ਇਹ ਨੰਬਰ ਹਰੇਕ ਖੰਭੇ 'ਤੇ ਦਰਜ ਕੀਤਾ ਜਾਵੇਗਾ ਤਾਂ ਜੋ ਲੋਕ ਲੋੜ ਪੈਣ 'ਤੇ ਸਿੱਧਾ ਸੰਪਰਕ ਕਰ ਸਕਣ।

ਰੇਲਵੇ ਅੰਡਰਬ੍ਰਿਜ ਨੇੜਲੀ ਸੜਕ ਦੇ ਮਸਲੇ ਬਾਰੇ ਸ੍ਰੀ ਅਰੋੜਾ ਨੇ ਕਿਹਾ ਕਿ ਰੇਲਵੇ ਵਿਭਾਗ ਵੱਲੋਂ ਕੰਮ ਵਿੱਚ ਹੋ ਰਹੀ ਦੇਰੀ ਕਾਰਨ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਮੱਦੇਨਜ਼ਰ ਨਗਰ ਕੌਂਸਲ ਆਪਣੇ ਪੱਧਰ 'ਤੇ ਇਸ ਸੜਕ ਨੂੰ ਪਹਿਲ ਦੇ ਆਧਾਰ 'ਤੇ ਬਣਾਏਗੀ।

'ਮੇਰੀ ਦੁਕਾਨ ਮੇਰੇ ਨਾਮ' ਸਕੀਮ ਬਾਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਲੰਮੇ ਸਮੇਂ ਤੋਂ ਦੁਕਾਨਾਂ ਚਲਾ ਕੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰ ਰਹੇ ਯੋਗ ਦੁਕਾਨਦਾਰਾਂ ਨੂੰ ਮਾਲਕੀ ਹੱਕ ਦੇਣਾ ਪੰਜਾਬ ਸਰਕਾਰ ਦਾ ਅਹਿਮ ਲੋਕ-ਪੱਖੀ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਸਕੀਮ ਦੀਆਂ ਸ਼ਰਤਾਂ ਤਹਿਤ ਸਰਕਾਰੀ ਜਾਂ ਮਿਊਂਸੀਪਲ ਜਾਇਦਾਦਾਂ ਵਿੱਚ 12 ਸਾਲਾਂ ਤੋਂ ਵੱਧ ਸਮੇਂ ਤੋਂ ਦੁਕਾਨਾਂ ਚਲਾ ਰਹੇ ਯੋਗ ਕਾਰੋਬਾਰੀਆਂ ਨੂੰ ਮਾਲਕੀ ਹੱਕ ਦੇਣ ਦੀ ਪ੍ਰਕਿਰਿਆ ਅੱਗੇ ਵਧਾਈ ਜਾ ਰਹੀ ਹੈ।

4 ਨਵੰਬਰ ਦੀ ਇਨਸਾਫ਼ ਰੈਲੀ ਵਿੱਚ ਹਲਕਾ ਸਮਾਣਾ ਤੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ: ਰਾਜਿੰਦਰ ਸਿੰਘ

ਸਮਾਣਾ, 2 ਨਵੰਬਰ, 2026 (**ਚੌਧਰੀ ਪ੍ਰਭਜੀਤ ਸਿੰਘ**) : ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੀ ਅਗਵਾਈ ਹੇਠ 4 ਨਵੰਬਰ ਨੂੰ ਸੰਗਰੂਰ ਜ਼ਿਲ੍ਹੇ ਦੇ ਪਿੰਡ ਫੱਗੂਵਾਲਾ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਵਿੱਚ ਹਲਕਾ ਸਮਾਣਾ ਤੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।



ਰਾਜਿੰਦਰ ਸਿੰਘ ਨੇ ਕਿਹਾ ਕਿ ਇਹ ਰੈਲੀ ਪੰਜਾਬ ਦੇ ਲੋਕਾਂ ਦੀ ਆਵਾਜ਼ ਨੂੰ ਮੰਚ ਪ੍ਰਦਾਨ ਕਰਨ ਅਤੇ ਉਨ੍ਹਾਂ ਨਾਲ ਜੁੜੇ ਅਹਿਮ ਮੁੱਦਿਆਂ ਨੂੰ ਉਠਾਉਣ ਦਾ ਮੌਕਾ ਹੋਵੇਗੀ। ਉਨ੍ਹਾਂ ਮੁਤਾਬਕ ਲੋਕਤੰਤਰ ਵਿੱਚ ਆਮ ਲੋਕਾਂ ਦੀਆਂ ਸਮੱਸਿਆਵਾਂ, ਹੱਕਾਂ ਅਤੇ ਮੰਗਾਂ ਨੂੰ ਉਚਿਤ ਮੰਚ 'ਤੇ ਰੱਖਣਾ ਬਹੁਤ ਜ਼ਰੂਰੀ ਹੈ। ਸਾਬਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਦੇ ਲੋਕ ਵੱਖ-ਵੱਖ ਅਹਿਮ ਮਸਲਿਆਂ ਨੂੰ ਲੈ ਕੇ ਆਪਣੀ ਗੱਲ ਸਰਕਾਰ ਅਤੇ ਸਬੰਧਤ ਧਿਰਾਂ ਤੱਕ ਪਹੁੰਚਾਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਇਨਸਾਫ਼ ਰੈਲੀ ਅਜਿਹਾ ਮੰਚ ਮੁਹੱਈਆ ਕਰਵਾਏਗੀ, ਜਿੱਥੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਇਕੱਠੇ ਹੋ ਕੇ ਉਠਾਇਆ ਜਾ ਸਕੇਗਾ। ਉਨ੍ਹਾਂ ਹਲਕਾ ਸਮਾਣਾ ਦੇ ਸਮੂਹ ਕਾਂਗਰਸੀ ਆਗੂਆਂ, ਪਾਰਟੀ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ 4 ਨਵੰਬਰ ਨੂੰ ਫੱਗੂਵਾਲਾ ਵਿਖੇ ਪਹੁੰਚ ਕੇ ਰੈਲੀ ਵਿੱਚ ਆਪਣੀ ਸ਼ਮੂਲੀਅਤ ਯਕੀਨੀ ਬਣਾਉਣ।

ਸਾਬਕਾ ਸੰਸਦ ਮੈਂਬਰ ਸਵਰਗੀ ਚਰਨਜੀਤ ਸਿੰਘ ਵਾਲੀਆ ਦੇ ਨਾਂ 'ਤੇ ਰੱਖਿਆ ਸੜਕ ਦਾ ਨਾਮ, ਪਤਨੀ ਕੁਸਮਵੀਰ ਕੌਰ ਨੇ ਕੀਤਾ ਬੋਰਡ ਦਾ ਉਦਘਾਟਨ

ਪਟਿਆਲਾ, 2 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਸਾਬਕਾ ਸੰਸਦ ਮੈਂਬਰ ਸਵਰਗੀ ਚਰਨਜੀਤ ਸਿੰਘ ਵਾਲੀਆ ਦੀ ਯਾਦ ਨੂੰ ਸਮਰਪਿਤ ਕਰਦਿਆਂ ਥਾਪਰ ਕਾਲਜ ਚੌਂਕ ਤੋਂ ਪੀਰ ਬਾਬਾ ਦਰਗਾਹ ਤੱਕ ਜਾਣ ਵਾਲੀ ਸੜਕ ਦਾ ਨਾਮ ਉਨ੍ਹਾਂ ਦੇ ਨਾਂ 'ਤੇ ਰੱਖਿਆ ਗਿਆ ਹੈ। ਇਸ ਸਬੰਧੀ ਸੜਕ 'ਤੇ ਲਗਾਏ ਗਏ ਨਾਮਕਰਨ ਬੋਰਡ ਦਾ ਉਦਘਾਟਨ ਉਨ੍ਹਾਂ ਦੀ ਪਤਨੀ ਅਤੇ ਭਾਸ਼ਾ ਵਿਭਾਗ ਦੀ ਸਾਬਕਾ ਡਿਪਟੀ ਡਾਇਰੈਕਟਰ ਕੁਸਮਵੀਰ ਕੌਰ ਵੱਲੋਂ ਕੀਤਾ ਗਿਆ।

ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਸੇਵਾਮੁਕਤ ਮੁਲਾਜ਼ਮਾਂ ਅਧਿਕਾਰੀਆਂ ਅਤੇ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਹਾਜ਼ਰ ਸ਼ਖ਼ਸੀਅਤਾਂ ਨੇ ਸਵਰਗੀ ਚਰਨਜੀਤ ਸਿੰਘ ਵਾਲੀਆ ਵੱਲੋਂ ਮੁਲਾਜ਼ਮ ਵਰਗ ਦੀ ਭਲਾਈ ਲਈ ਕੀਤੇ ਗਏ ਯਤਨਾਂ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ। ਬੁਲਾਰਿਆਂ ਨੇ ਦੱਸਿਆ ਕਿ ਚਰਨਜੀਤ ਸਿੰਘ ਵਾਲੀਆ ਨੇ ਪੰਜਾਬ ਸਟੇਟ ਸਬਆਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਪ੍ਰਧਾਨ ਵਜੋਂ ਮੁਲਾਜ਼ਮਾਂ ਦੇ ਹੱਕਾਂ ਅਤੇ ਮੰਗਾਂ ਲਈ ਲੰਮਾ ਸੰਘਰਸ਼ ਕੀਤਾ। ਉਨ੍ਹਾਂ ਦੀ ਅਗਵਾਈ ਹੇਠ ਫੈਡਰੇਸ਼ਨ ਵੱਲੋਂ ਮੁਲਾਜ਼ਮਾਂ ਨੂੰ ਕਈ ਅਹਿਮ ਸਹੂਲਤਾਂ ਅਤੇ ਵਿੱਤੀ ਲਾਭ ਦਿਵਾਉਣ ਵਿੱਚ ਸਫ਼ਲਤਾ ਹਾਸਲ ਕੀਤੀ ਗਈ, ਜਿਨ੍ਹਾਂ ਦਾ ਲਾਭ ਅੱਜ ਵੀ ਮੁਲਾਜ਼ਮ ਵਰਗ ਨੂੰ ਮਿਲ ਰਿਹਾ ਹੈ।

ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਵਾਲੀਆ ਨੇ ਮੁਲਾਜ਼ਮਾਂ ਦੀਆਂ ਮੰਗਾਂ ਸਰਕਾਰਾਂ ਤੱਕ ਪਹੁੰਚਾਉਣ ਅਤੇ ਉਨ੍ਹਾਂ ਨੂੰ ਮਨਵਾਉਣ ਲਈ ਹਮੇਸ਼ਾ ਦ੍ਰਿੜਤਾ, ਦਲੀਲ ਅਤੇ ਹਿੰਮਤ ਨਾਲ ਕੰਮ ਕੀਤਾ। ਉਨ੍ਹਾਂ ਨੇ ਰਾਜਨੀਤਿਕ ਖੇਤਰ ਵਿੱਚ ਵੀ ਆਪਣੀ ਸਾਫ਼-ਸੁਥਰੀ ਛਵੀ ਕਾਇਮ ਰੱਖੀ। ਉਨ੍ਹਾਂ ਦੇ ਸਮਾਜਿਕ ਅਤੇ ਮੁਲਾਜ਼ਮ ਹਿੱਤਾਂ ਲਈ ਕੀਤੇ ਕੰਮਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਮੌਕੇ ਨਗਰ ਨਿਗਮ ਪ੍ਰਸ਼ਾਸਨ ਦਾ ਵੀ ਧੰਨਵਾਦ ਕੀਤਾ ਗਿਆ, ਜਿਸ ਦੇ ਯਤਨਾਂ ਸਦਕਾ ਸੜਕ ਦਾ ਨਾਮ ਸਵਰਗੀ ਚਰਨਜੀਤ ਸਿੰਘ ਵਾਲੀਆ ਦੇ ਨਾਂ 'ਤੇ ਰੱਖਿਆ ਗਿਆ।



ਸਮਾਗਮ ਵਿੱਚ ਦਵਿੰਦਰ ਪਾਲ ਸਿੰਘ ਵਾਲੀਆ, ਸਟੇਟ ਜੁਆਇੰਟ ਸਕੱਤਰ ਆਮ ਆਦਮੀ ਪਾਰਟੀ, ਗੁਰਸ਼ਰਨ ਕੌਰ, ਮਨਜੀਤ ਕੌਰ, ਸੁਖਵੰਤ ਕੌਰ, ਕਵਲਜੀਤ ਕੌਰ, ਰਮਿੰਦਰ ਕੌਰ, ਮਨਪ੍ਰੀਤ ਕੌਰ, ਰਾਜਵੰਤ ਕੌਰ, ਅਮਨਦੀਪ ਕੌਰ, ਸੁਰਜੀਤ ਕੌਰ, ਮੋਹਨਜੀਤ ਕੌਰ, ਪ੍ਰਭਪ੍ਰੀਤ ਕੌਰ, ਰਜਿੰਦਰ ਸਿੰਘ ਮੋਹਲ, ਜ਼ਿਲ੍ਹਾ ਪ੍ਰਧਾਨ ਓਬੀਸੀ ਵਿੰਗ ਆਮ ਆਦਮੀ ਪਾਰਟੀ, ਹਰਪਾਲ ਸਿੰਘ, ਗੁਰਦੀਪ ਸਿੰਘ ਵਾਲੀਆ, ਭੁਪਿੰਦਰ ਸਿੰਘ ਬਰਾੜ, ਦਰਸ਼ਨ ਸਿੰਘ ਬਠੋਈ, ਗੁਰਧਿਆਨ ਸਿੰਘ ਕਰਹਾਲੀ, ਬੂਟਾ ਸਿੰਘ ਭੰਗਰ, ਹਰਮੀਤ ਸਿੰਘ, ਸੁਲੱਖਣ ਸਿੰਘ ਡਰੋਲੀ, ਲਛਮਣ ਸਿੰਘ ਸ਼ੇਰ ਮਾਜਰਾ, ਰਾਜ ਸਿੰਘ ਖੁਸਰੋਪੁਰ, ਹਰਬੰਸ ਸਿੰਘ ਅਲੀਪੁਰ ਜੱਟਾਂ, ਹੇਮਰਾਜ, ਅਸ਼ੋਕ ਕੁਮਾਰ ਈਟੀਓ, ਸੁਮੇਰ ਮਿੱਤਲ, ਐਮ.ਪੀ. ਸਿੰਘ ਹੁੰਦਲ, ਰਜਿੰਦਰ ਸਿੰਘ ਰੱਖੜਾ, ਐਸ.ਡੀ.ਓ. ਭਾਗ ਸਿੰਘ, ਐਡਵੋਕੇਟ ਆਰ.ਕੇ. ਕਪੂਰ, ਐਡਵੋਕੇਟ ਅੰਕੁਸ਼, ਜਗਤਾਰ ਸਿੰਘ ਜੁਲਕਾ, ਸਾਧੂ ਸਿੰਘ, ਗੁਲਜ਼ਾਰ ਸਿੰਘ, ਪਵਿੱਤਰ ਸਿੰਘ ਡਕਾਲਾ, ਰਾਮ ਸਿੰਘ ਭੱਟੀਆ, ਕਰਨਲ ਸੰਜੀਵ ਕੁਮਾਰ ਸਲਵਾਨ, ਦਰਸ਼ਨਜੀਤ ਸਿੰਘ ਵਾਲੀਆ, ਦੀਦਾਰ ਸਿੰਘ ਵਾਲੀਆ, ਜਸਵਿੰਦਰ ਪਾਲ ਸਿੰਘ, ਚਰਨਪ੍ਰੀਤ ਸਿੰਘ, ਮਾਨਵਜੋਤ ਸਿੰਘ, ਅਮਰਜੀਤ ਸਿੰਘ, ਸਮਰਵੀਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਨੈਸ਼ਨਲ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਵਿੱਚ ਹਰਸ਼ਵੀਰ ਸਿੰਘ ਸੇਖੋਂ ਨੇ ਜਿੱਤਿਆ ਸੋਨ ਤਗਮਾ; ਪੰਜਾਬ ਦੀ ਸੁਨਹਿਰੀ ਸ਼ੁਰੂਆਤ

ਪਟਿਆਲਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਝਾਰਖੰਡ ਦੇ ਰਾਂਚੀ ਵਿਖੇ ਚੱਲ ਰਹੀ 78ਵੀਂ ਸੀਨੀਅਰ, 55ਵੀਂ ਜੂਨੀਅਰ ਅਤੇ 41ਵੀਂ ਸਬ-ਜੂਨੀਅਰ ਨੈਸ਼ਨਲ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਦੇ ਪਹਿਲੇ ਦਿਨ ਪੰਜਾਬ ਨੇ ਸੋਨ ਤਗਮੇ ਨਾਲ ਆਪਣੀ ਮੁਹਿੰਮ ਦੀ ਸ਼ਾਨਦਾਰ ਸ਼ੁਰੂਆਤ ਕੀਤੀ। ਪੰਜਾਬ ਦੇ ਅੰਤਰਰਾਸ਼ਟਰੀ ਸਾਈਕਲਿਸਟ ਹਰਸ਼ਵੀਰ ਸਿੰਘ ਸੇਖੋਂ ਨੇ ਸੀਨੀਅਰ ਵਰਗ ਦੀ ਵਿਅਕਤੀਗਤ 10 ਕਿਲੋਮੀਟਰ ਸਕਰੈਚ ਰੇਸ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸੂਬੇ ਦਾ ਮਾਣ ਵਧਾਇਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਕਲਿੰਗ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਹਰਸ਼ਵੀਰ ਸਿੰਘ ਸੇਖੋਂ ਨੇ ਸਖ਼ਤ ਮੁਕਾਬਲੇ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪੰਜਾਬ ਦੀ ਝੋਲੀ ਸੋਨ ਤਗਮਾ ਪਾਇਆ। ਉਨ੍ਹਾਂ ਕਿਹਾ ਕਿ ਚੈਂਪੀਅਨਸ਼ਿਪ ਦੇ ਪਹਿਲੇ ਹੀ ਦਿਨ ਮਿਲੀ ਇਸ ਪ੍ਰਾਪਤੀ ਨਾਲ ਪੰਜਾਬ ਦੀ ਸਮੁੱਚੀ ਟੀਮ ਦਾ ਹੌਸਲਾ ਵਧਿਆ ਹੈ ਅਤੇ ਅਗਲੇ ਮੁਕਾਬਲਿਆਂ ਲਈ ਖਿਡਾਰੀਆਂ ਵਿੱਚ ਹੋਰ ਉਤਸ਼ਾਹ ਪੈਦਾ ਹੋਇਆ ਹੈ।ਕਾਹਲੋਂ ਨੇ ਦੱਸਿਆ ਕਿ ਕੁਝ ਮਹੀਨੇ ਪਹਿਲਾਂ ਐਸੋਸੀਏਸ਼ਨ ਦੀ ਨਵੀਂ ਪ੍ਰਬੰਧਕੀ ਟੀਮ ਦੇ ਗਠਨ ਤੋਂ ਬਾਅਦ ਪੰਜਾਬ ਦੀ ਟੀਮ ਪਹਿਲੀ ਵਾਰ ਨੈਸ਼ਨਲ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਵਿੱਚ ਹਿੱਸਾ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਪਹਿਲੇ ਦਿਨ ਦੀ ਇਹ ਸੁਨਹਿਰੀ ਸਫਲਤਾ ਖਿਡਾਰੀਆਂ ਦੀ ਮਿਹਨਤ, ਕੋਚਾਂ ਦੀ ਅਗਵਾਈ ਅਤੇ ਐਸੋਸੀਏਸ਼ਨ ਦੇ ਸਾਂਝੇ ਯਤਨਾਂ ਦਾ ਨਤੀਜਾ ਹੈ।



ਹਰਸ਼ਵੀਰ ਸਿੰਘ ਸੇਖੋਂ ਦੀਆਂ ਪਿਛਲੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਾਹਲੋਂ ਨੇ ਦੱਸਿਆ ਕਿ ਉਹ ਏਸ਼ੀਆਈ ਖੇਡਾਂ ਅਤੇ ਰਾਸ਼ਟਰਮੰਡਲ ਖੇਡਾਂ ਵਿੱਚ ਵੀ ਭਾਰਤ ਦੀ ਪ੍ਰਤੀਨਿਧਤਾ ਕਰ ਚੁੱਕੇ ਹਨ ਅਤੇ ਕਈ ਅੰਤਰਰਾਸ਼ਟਰੀ ਤਗਮੇ ਜਿੱਤ ਕੇ ਦੇਸ਼ ਅਤੇ ਪੰਜਾਬ ਦਾ ਨਾਮ ਰੌਸ਼ਨ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਰਾਸ਼ਟਰੀ ਪੱਧਰ 'ਤੇ ਹਰਸ਼ਵੀਰ ਦੀ ਇਹ ਪ੍ਰਾਪਤੀ ਉੱਭਰਦੇ ਸਾਈਕਲਿਸਟਾਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ।ਕਾਹਲੋਂ ਨੇ ਸਾਈਕਲਿੰਗ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਅਤੇ ਸਮੁੱਚੀ ਪ੍ਰਬੰਧਕੀ ਟੀਮ ਦੀ ਦੂਰਅੰਦੇਸ਼ੀ ਸੋਚ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਉਮੀਦ ਜਤਾਈ ਕਿ ਪੰਜਾਬ ਦੇ ਖਿਡਾਰੀ ਚੈਂਪੀਅਨਸ਼ਿਪ ਦੇ ਆਉਣ ਵਾਲੇ ਮੁਕਾਬਲਿਆਂ ਵਿੱਚ ਵੀ ਪੂਰੇ ਆਤਮਵਿਸ਼ਵਾਸ ਨਾਲ ਹਿੱਸਾ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਨਗੇ।ਐਸੋਸੀਏਸ਼ਨ ਦੇ ਖਜ਼ਾਨਚੀ ਬੀ.ਐੱਸ. ਸੂਦਨ ਅਤੇ ਮੀਤ ਪ੍ਰਧਾਨ ਐੱਸ.ਪੀ. ਸਿੰਘ ਨੇ ਹਰਸ਼ਵੀਰ ਸਿੰਘ ਸੇਖੋਂ ਨੂੰ ਵਧਾਈ ਦਿੰਦਿਆਂ ਕਿਹਾ, ਹਰਸ਼ਵੀਰ ਦੀ ਇਹ ਸੁਨਹਿਰੀ ਪ੍ਰਾਪਤੀ ਪੰਜਾਬ ਦੇ ਸਮੁੱਚੇ ਸਾਈਕਲਿੰਗ ਪਰਿਵਾਰ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਖੇਡ ਪ੍ਰਤੀ ਸਮਰਪਣ ਨੌਜਵਾਨ ਖਿਡਾਰੀਆਂ ਲਈ ਪ੍ਰੇਰਨਾ ਦਾ ਸਰੋਤ ਹੈ। ਸਾਨੂੰ ਉਮੀਦ ਹੈ ਕਿ ਇਸ ਜਿੱਤ ਤੋਂ ਉਤਸ਼ਾਹਿਤ ਹੋ ਕੇ ਪੰਜਾਬ ਦੇ ਖਿਡਾਰੀ ਆਉਣ ਵਾਲੇ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਨਗੇ ਅਤੇ ਸੂਬੇ ਲਈ ਹੋਰ ਤਗਮੇ ਜਿੱਤਣਗੇ। ਹਰਸ਼ਵੀਰ ਸਿੰਘ ਸੇਖੋਂ ਦੀ ਇਸ ਪ੍ਰਾਪਤੀ 'ਤੇ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਮੁੱਖ ਸਰਪ੍ਰਸਤ ਦਰਸ਼ਨ ਸਿੰਘ ਧਾਲੀਵਾਲ ਯੂਐੱਸਏ, ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਉਂਕਾਰ ਸਿੰਘ, ਜਨਰਲ ਸਕੱਤਰ ਮਨਿੰਦਰਪਾਲ ਸਿੰਘ ਅਤੇ ਓਲੰਪੀਅਨ ਤੇ ਅਰਜੁਨ ਐਵਾਰਡੀ ਸਵਰਨ ਸਿੰਘ ਵਿਰਕ ਨੇ ਵੀ ਵਧਾਈ ਦਿੱਤੀ।ਪੰਜਾਬ ਸਾਈਕਲਿੰਗ ਟੀਮ ਦੇ ਮੁੱਖ ਕੋਚ ਸਤਵਿੰਦਰ ਸਿੰਘ, ਕੋਚ ਭੁਪਿੰਦਰ ਕੁਮਾਰ, ਕੋਚ ਇਕਵਿੰਦਰ ਸਿੰਘ, ਪ੍ਰਬੰਧਕੀ ਕਮੇਟੀ ਦੇ ਸਮੂਹ ਮੈਂਬਰਾਂ ਨੇ ਵੀ ਹਰਸ਼ਵੀਰ ਸਿੰਘ ਸੇਖੋਂ ਨੂੰ ਇਸ ਸੁਨਹਿਰੀ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਅਗਲੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।





ਅਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਇੰਦਰਜੀਤ ਸਿੰਘ ਸੰਧੂ ਨੇ ਪਿੰਡ ਬੈਹਿਰੂ 'ਚ ਕੀਤੀ ਬੈਠਕ



ਦੇਵੀਗੜ੍ਹ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਸਨੌਰ ਤੋਂ ਸਮਾਜ ਸੇਵੀ, ਪੰਜਾਬ ਸਟੇਟ ਕਨਵੇਅਰ ਦੇ ਵਾਈਸ ਚੇਅਰਮੈਨ ਅਤੇ ਵਿਰਾਸਤ ਅਤੇ ਸੇਵਾ ਸੰਗਠਨ ਦੇ ਸੂਬਾ ਮੀਤ ਪ੍ਰਧਾਨ ਇੰਦਰਜੀਤ ਸਿੰਘ ਸੰਧੂ ਨੇ ਪਿੰਡ ਬੈਹਿਰੂ ਵਿਖੇ ਪਹੁੰਚ ਕੇ ਇਕ ਵਿਸ਼ੇਸ਼ ਨੁੱਕੜ ਬੈਠਕ ਨੂੰ ਸੰਬੋਧਨ ਕੀਤਾ। ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨਾਲ ਆਗਾਮੀ ਵਿਧਾਨ ਸਭਾ ਚੋਣਾਂ ਸਬੰਧੀ ਗੰਭੀਰ ਵਿਚਾਰ-ਵਟਾਂਦਰਾ ਕੀਤਾ ਅਤੇ ਖੇਤਰ ਦੇ ਸਰਵਪੱਖੀ ਵਿਕਾਸ ਲਈ ਲੋਕਾਂ ਦੇ ਸੁਝਾਅ ਤੇ ਸਮੱਸਿਆਵਾਂ ਸੁਣੀਆਂ।

ਬੈਠਕ ਨੂੰ ਸੰਬੋਧਨ ਕਰਦਿਆਂ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਸਾਡਾ ਮੁੱਖ ਮਕਸਦ ਹਲਕਾ ਸਨੌਰ ਦੇ ਹਰੇਕ ਪਿੰਡ ਤੱਕ ਪਹੁੰਚ ਕੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੱਢਣਾ ਹੈ। ਉਹਨਾ ਕਿਹਾ ਕਿ ਅਗਾਮੀ ਵਿਧਾਨ ਸਭਾ ਚੋਣਾਂ ਖੇਤਰ ਦੀ ਨੁਹਾਰ ਬਦਲਣ ਅਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਸੁਨਹਿਰੀ ਮੌਕਾ ਹਨ।

ਉਨ੍ਹਾਂ ਅੱਗੇ ਆਖਿਆ ਕਿ ਵਿਰਾਸਤ ਅਤੇ ਸੇਵਾ ਸੰਗਠਨ ਹਮੇਸ਼ਾ ਹੀ ਪੰਜਾਬ ਦੇ ਅਮੀਰ ਵਿਰਸੇ ਨੂੰ ਸੰਭਾਲਣ ਅਤੇ ਸਮਾਜ ਸੇਵਾ ਦੇ ਕਾਰਜਾਂ ਲਈ ਵਚਨਬੱਧ ਰਿਹਾ ਹੈ।

ਮੀਟਿੰਗ ਦੌਰਾਨ ਪਿੰਡ ਬੈਹਿਰੂ ਦੇ ਨਿਵਾਸੀਆਂ ਨੇ ਇੰਦਰਜੀਤ ਸਿੰਘ ਸੰਧੂ ਦਾ ਨਿੱਘਾ ਸਵਾਗਤ ਕੀਤਾ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਉਨ੍ਹਾਂ ਨੂੰ ਪੂਰਨ ਸਮਰਥਨ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਅਮਰ ਸਿੰਘ ਸੰਧੂ,ਕਾਬਲ ਸਿੰਘ ਸੰਧੂ , ਰੇਸ਼ਮ ਸਿੰਘ ਸੰਧੂ, ਕਸ਼ਮੀਰ ਸਿੰਘ ਸੰਧੂ,ਗੁਰਲਾਲ ਸਿੰਘ ਸੰਧੂ,ਜਸਬੀਰ ਸਿੰਘ ਮਨੇਸ,ਗੁਰਵਿੰਦਰ ਸਿੰਘ ਮਨੇਸ,ਸਾਹਿਬ ਸਿੰਘ ਗਿੱਲ,ਸੁਖਦੇਵ ਸਿੰਘ ਸੰਧੂ,ਰਸ਼ਪਾਲ ਸਿੰਘ ਸੰਧੂ,ਇਕਬਾਲ ਸਿੰਘ ਸੰਧੂ,ਗੁਰਜਿੰਦਰ ਸਿੰਘ ਵਿਰਕ,ਮਨਜੀਤ ਸਿੰਘ ਸੰਧੂ,ਡਾਕਟਰ ਸ਼ਰਨਜੀਤ ਸਿੰਘ,ਨੰਬਰਦਾਰ ਦੇਵਰਾਮ ,ਜੋਗਾ ਸਿੰਘ ਸੰਧੂ,ਸਿੰਦਰ ਸਿੰਘ ਸੰਧੂ ਅਤੇ ਨਿਰਮਲ ਸਿੰਘ ਸੰਧੂ ਹਾਜ਼ਰ ਸਨ।

ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਲੇਰਕੋਟਲਾ ਵਿਖੇ ਪ੍ਰਭਾਵਸ਼ਾਲੀ ਸਮਾਗਮ 'ਆਪ' ਲੀਗਲ ਵਿੰਗ ਦੇ ਸੂਬਾ ਪ੍ਰਧਾਨ ਐਡਵੋਕੇਟ ਗਿਆਨ ਸਿੰਘ ਮੂੰਗੋ ਨੇ ਕੀਤੀ ਵਿਸ਼ੇਸ਼ ਸ਼ਿਰਕਤ



ਮਲੇਰਕੋਟਲਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਲੇਰਕੋਟਲਾ ਵਿਖੇ ਵਕੀਲ ਭਾਈਚਾਰੇ ਦੀਆਂ ਸਮੱਸਿਆਵਾਂ ਅਤੇ ਭਲਾਈ ਦੇ ਮੁੱਦਿਆਂ ਨੂੰ ਲੈ ਕੇ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ (ਪੰਜਾਬ) ਦੇ ਲੀਗਲ ਵਿੰਗ ਦੇ ਸੂਬਾ ਪ੍ਰਧਾਨ ਅਤੇ ਬਾਰ ਐਸੋਸੀਏਸ਼ਨ ਨਾਭਾ ਦੇ ਪ੍ਰਧਾਨ ਐਡਵੋਕੇਟ ਸ. ਗਿਆਨ ਸਿੰਘ ਮੂੰਗੋ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਬਾਰ ਰੂਮ ਵਿਖੇ ਪਹੁੰਚਣ 'ਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਲੇਰਕੋਟਲਾ ਦੇ ਅਹੁਦੇਦਾਰਾਂ, ਸਮੁੱਚੀ ਕਾਰਜਕਾਰਨੀ ਅਤੇ 'ਆਪ' ਲੀਗਲ ਵਿੰਗ ਦੀ ਸਥਾਨਕ ਟੀਮ ਵੱਲੋਂ ਗੁਲਦਸਤੇ ਭੇਟ ਕਰਕੇ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਵਕੀਲ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਅਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਗਿਆਨ ਸਿੰਘ ਮੂੰਗੋ ਨੇ ਕਿਹਾ ਕਿ ਉਹ ਖੁਦ ਲੰਬੇ ਸਮੇਂ ਤੋਂ ਵਕਾਲਤ ਦੇ ਪੇਸ਼ੇ ਅਤੇ ਬਾਰ ਐਸੋਸੀਏਸ਼ਨ ਨਾਲ ਜੁੜੇ ਹੋਣ ਕਰਕੇ ਵਕੀਲਾਂ ਦੀਆਂ ਜ਼ਮੀਨੀ ਮੁਸ਼ਕਿਲਾਂ ਤੋਂ ਭਲੀ-ਭਾਂਤ ਜਾਣੂ ਹਨ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਅਤੇ ਬਾਰ ਐਸੋਸੀਏਸ਼ਨਾਂ ਵਿਚਕਾਰ ਬਿਹਤਰ ਤਾਲਮੇਲ ਬਣਾਉਣ ਲਈ ਉਹ ਸੂਬੇ ਭਰ ਦੀਆਂ ਜ਼ਿਲ੍ਹਾ ਬਾਰ ਐਸੋਸੀਏਸ਼ਨਾਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਸਮੁੱਚੇ ਵਕੀਲ ਭਾਈਚਾਰੇ ਦੀਆਂ ਸਾਂਝੀਆਂ ਮੰਗਾਂ ਦੀ ਰੂਪ-ਰੇਖਾ ਤਿਆਰ ਕਰਕੇ ਸਰਕਾਰ ਤੋਂ ਉਹਨਾਂ ਨੂੰ ਪੂਰਾ ਕਰਵਾਇਆ ਜਾ ਸਕੇ। ਉਹਨਾਂ ਦੱਸਿਆ ਕਿ ਪੰਜਾਬ ਭਰ ਦੇ ਵਕੀਲਾਂ ਦੀਆਂ ਮੁੱਖ ਮੰਗਾਂ ਜਿਵੇਂ ਕਿ 'ਐਡਵੋਕੇਟ ਪ੍ਰੋਟੈਕਸ਼ਨ ਐਕਟ' ਲਾਗੂ ਕਰਵਾਉਣਾ, ਬਾਰ ਐਸੋਸੀਏਸ਼ਨਾਂ ਲਈ ਮੈਚਿੰਗ ਗ੍ਰਾਂਟ, ਪੰਜਾਬ ਸਰਕਾਰ ਤੋਂ 10 ਕਰੋੜ ਰੁਪਏ ਦਾ ਵੈੱਲਫੇਅਰ ਫੰਡ, ਵਕੀਲਾਂ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਮੈਡੀਕਲ ਇੰਸ਼ੋਰੈਂਸ ਸਕੀਮ ਅਤੇ ਟੋਲ ਪਲਾਜ਼ਾ ਛੋਟ ਵਰਗੇ ਅਹਿਮ ਮੁੱਦਿਆਂ ਨੂੰ ਪੰਜਾਬ ਸਰਕਾਰ ਕੋਲ ਪ੍ਰਮੁੱਖਤਾ ਨਾਲ ਰੱਖਿਆ ਜਾ ਰਿਹਾ ਹੈ। ਬਾਰ ਰੂਮ ਅਤੇ ਚੈਂਬਰਾਂ ਦੇ ਬਿਜਲੀ ਬਿੱਲਾਂ ਦੇ ਟੈਰਿਫ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਸ. ਮੂੰਗੋ ਨੇ ਦੱਸਿਆ ਕਿ ਉਹਨਾਂ ਨੇ ਅਹੁਦਾ ਸੰਭਾਲਣ ਤੋਂ 15 ਦਿਨਾਂ ਦੇ ਅੰਦਰ ਹੀ ਸਰਕਾਰ ਨਾਲ ਗੱਲਬਾਤ ਕਰਕੇ ਵਕੀਲਾਂ ਦੇ ਚੈਂਬਰਾਂ ਅਤੇ ਬਾਰਾਂ ਦੇ ਕਮਰਸ਼ੀਅਲ ਬਿਜਲੀ ਬਿੱਲਾਂ ਨੂੰ ਘਰੇਲੂ (ਡੋਮੈਸਟਿਕ) ਦਰਾਂ ਵਿੱਚ ਤਬਦੀਲ ਕਰਵਾ ਦਿੱਤਾ ਸੀ। ਉਹਨਾਂ ਸਪੱਸ਼ਟ ਕੀਤਾ ਕਿ ਸਬੰਧਤ ਵਿਭਾਗ ਦੇ ਸਾਫਟਵੇਅਰ ਵਿੱਚ ਤਕਨੀਕੀ ਅਪਡੇਟ ਹੋਣ ਕਾਰਨ ਕਈ ਥਾਵਾਂ 'ਤੇ ਇਹ ਲਾਗੂ ਹੋਣ ਵਿੱਚ ਥੋੜ੍ਹਾ ਸਮਾਂ ਲੱਗਿਆ ਹੈ, ਪਰ ਇੱਕ ਹਫ਼ਤੇ ਦੇ ਅੰਦਰ ਸਾਫਟਵੇਅਰ ਅਪਡੇਟ ਹੋ ਜਾਵੇਗਾ ਅਤੇ 1 ਅਪ੍ਰੈਲ ਤੋਂ ਹੀ ਬਿੱਲਾਂ ਨੂੰ ਘਰੇਲੂ ਟੈਰਿਫ ਅਨੁਸਾਰ ਐਡਜਸਟ ਕੀਤਾ ਜਾਵੇਗਾ। ਇਸ ਮੌਕੇ ਐਡਵੋਕੇਟ ਗੁਰਪ੍ਰੀਤ ਸਿੰਘ ਸੇਖੋਂ (ਪ੍ਰਧਾਨ, ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਲੇਰਕੋਟਲਾ), ਐਡਵੋਕੇਟ ਰਵਿੰਦਰ ਸਿੰਘ ਢੀਂਡਸਾ ('ਆਪ' ਲੀਗਲ ਵਿੰਗ ਜ਼ਿਲ੍ਹਾ ਮਾਲੇਰਕੋਟਲਾ ਦੇ ਪ੍ਰਧਾਨ ਅਤੇ ਸਾਬਕਾ ਪ੍ਰਧਾਨ) ਅਤੇ ਹੋਰ ਵਕੀਲ ਸਾਥੀਆਂ ਨੇ ਸ. ਗਿਆਨ ਸਿੰਘ ਮੂੰਗੋ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਮੀਟਿੰਗ ਵਿੱਚ ਮਾਲੇਰਕੋਟਲਾ ਬਾਰ ਦੇ ਤਿੰਨ ਮੁੱਖ ਮੁੱਦੇ—ਵਕੀਲਾਂ ਦੇ ਚੈਂਬਰਾਂ ਲਈ ਸਰਕਾਰੀ ਗ੍ਰਾਂਟ, ਬਿਜਲੀ ਟੈਰਿਫ ਦੇ ਨੋਟੀਫਿਕੇਸ਼ਨ ਨੂੰ ਇਨ-ਬਿਨ ਲਾਗੂ ਕਰਵਾਉਣਾ, ਅਤੇ ਐਡਵੋਕੇਟ ਪ੍ਰੋਟੈਕਸ਼ਨ ਬਿੱਲ ਤੇ ਇੰਸ਼ੋਰੈਂਸ—ਉਹਨਾਂ ਦੇ ਧਿਆਨ ਵਿੱਚ ਲਿਆਂਦੇ ਗਏ ਹਨ। ਉਹਨਾਂ ਦੱਸਿਆ ਕਿ ਸ. ਮੂੰਗੋ ਨੇ ਪੂਰਾ ਵਿਸ਼ਵਾਸ ਦਿਵਾਇਆ ਹੈ ਕਿ ਉਹ ਜਲਦ ਹੀ ਮੁੱਖ ਮੰਤਰੀ ਪੰਜਾਬ ਨਾਲ ਮੀਟਿੰਗ ਅਰੇਂਜ ਕਰਵਾ ਕੇ ਮਾਲੇਰਕੋਟਲਾ ਬਾਰ ਲਈ ਬਣਦੀ ਗ੍ਰਾਂਟ ਅਤੇ ਹੋਰ ਹੱਕ ਦਿਵਾਉਣ ਲਈ ਪੁਰਜ਼ੋਰ ਯਤਨ ਕਰਨਗੇ। ਅੰਤ ਵਿੱਚ ਸ. ਗਿਆਨ ਸਿੰਘ ਮੂੰਗੋ ਨੇ ਮਾਲੇਰਕੋਟਲਾ ਬਾਰ ਦੇ ਪ੍ਰਧਾਨ, ਸੈਕਟਰੀ, ਸਮੁੱਚੀ ਇਲੈਕਟਿਡ ਬਾਡੀ ਅਤੇ ਲੀਗਲ ਵਿੰਗ ਵੱਲੋਂ ਮਿਲੇ ਭਰਵੇਂ ਹੁੰਗਾਰੇ ਅਤੇ ਮਾਣ-ਸਨਮਾਨ ਲਈ ਤਹਿ ਦਿਲੋਂ ਧੰਨਵਾਦ ਕੀਤਾ।

ਸੰਗਰੂਰ ਰੈਲੀ ਵਿੱਚ ਇੱਕ ਲੱਖ ਤੋਂ ਵੱਧ ਲੋਕਾਂ ਦਾ ਇਕੱਠ ਹੋਵੇਗਾ, ਸਰਕਾਰ ਲਈ ਆਖਰੀ ਕਿੱਲ ਸਾਬਤ ਹੋਵੇਗੀ ਰੈਲੀ: ਕੁਲਵੰਤ ਰਾਏ ਸਿੰਗਲਾ



ਮਾਨਸਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਅਤੇ ਗੁਰਕੀਰਤ ਸਿੰਘ ਕੋਟਲੀ ਨੇ ਕਿਹਾ ਕਿ ਸੰਗਰੂਰ ਵਿਖੇ ਹੋਣ ਵਾਲੀ ਕਾਂਗਰਸ ਦੀ ਵਿਸ਼ਾਲ ਰੈਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਅਤੇ ਕਾਰਗੁਜ਼ਾਰੀ ਤੋਂ ਬੇਹੱਦ ਨਿਰਾਸ਼ ਹਨ ਅਤੇ ਹੁਣ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਦਾ ਮਨ ਬਣਾ ਚੁੱਕੇ ਹਨ। ਉਹ ਅੱਜ ਭੀਖੀ ਵਿਖੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਸੰਗਰੂਰ ਰੈਲੀ ਦੀਆਂ ਤਿਆਰੀਆਂ ਸਬੰਧੀ ਹੋਈ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਸਾਬਕਾ ਮੰਤਰੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰ ਸਕੀ।

ਉਨ੍ਹਾਂ ਦੋਸ਼ ਲਾਇਆ ਕਿ ਸੂਬੇ ਵਿੱਚ ਲੋਕਤੰਤਰੀ ਪ੍ਰਬੰਧ ਦੀ ਥਾਂ ਪੁਲਿਸ ਰਾਜ ਵਰਗੇ ਹਾਲਾਤ ਪੈਦਾ ਹੋ ਗਏ ਹਨ ਅਤੇ ਲੋਕ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਸੰਘਰਸ਼ ਕਰਨ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਸੰਗਰੂਰ ਦੀ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਅਹਿਮ ਮੋੜ ਸਾਬਤ ਹੋਵੇਗੀ। ਇਸ ਰੈਲੀ ਰਾਹੀਂ ਕਾਂਗਰਸ ਪਾਰਟੀ ਸੂਬਾ ਸਰਕਾਰ ਦੀ ਕਾਰਗੁਜ਼ਾਰੀ ਨੂੰ ਲੋਕਾਂ ਦੀ ਕਚਹਿਰੀ ਵਿੱਚ ਰੱਖੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਆਗੂ ਰਾਹੁਲ ਗਾਂਧੀ ਰੈਲੀ ਦੌਰਾਨ ਪੰਜਾਬ ਸਰਕਾਰ ਦੇ ਕਾਰਜਕਾਲ ਦੀ ਕਾਰਗੁਜ਼ਾਰੀ ਦਾ ਪੂਰਾ ਲੇਖਾ-ਜੋਖਾ ਲੋਕਾਂ ਸਾਹਮਣੇ ਪੇਸ਼ ਕਰਨਗੇ ਅਤੇ ਸਰਕਾਰ ਵੱਲੋਂ ਕੀਤੇ ਗਏ ਵਾਅਦਿਆਂ ਤੇ ਉਨ੍ਹਾਂ ਦੀ ਪੂਰਤੀ ਬਾਰੇ ਸਵਾਲ ਉਠਾਉਣਗੇ। ਕਾਂਗੜ ਅਤੇ ਕੋਟਲੀ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੂਬੇ ਵਿੱਚ ਗੈਂਗਸਟਰਾਂ ਦੀਆਂ ਗਤੀਵਿਧੀਆਂ ਵਧ ਰਹੀਆਂ ਹਨ ਅਤੇ ਦਿਨ-ਦਿਹਾੜੇ ਕਤਲ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਇਸ ਦੇ ਨਾਲ ਹੀ ਨਸ਼ਿਆਂ ਦੀ ਖੁੱਲ੍ਹੀ ਵਿਕਰੀ ਨੂੰ ਲੈ ਕੇ ਵੀ ਲੋਕਾਂ ਵਿੱਚ ਚਿੰਤਾ ਪਾਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨਸ਼ਿਆਂ ਨੂੰ ਖ਼ਤਮ ਕਰਨ ਦੇ ਵਾਅਦੇ ਨਾਲ ਸੱਤਾ ਵਿੱਚ ਆਈ ਸੀ, ਪਰ ਜ਼ਮੀਨੀ ਪੱਧਰ 'ਤੇ ਹਾਲਾਤਾਂ ਵਿੱਚ ਉਮੀਦ ਅਨੁਸਾਰ ਸੁਧਾਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸੁਰੱਖਿਆ, ਇਨਸਾਫ਼ ਅਤੇ ਨਸ਼ਾ ਮੁਕਤ ਸਮਾਜ ਦੀ ਮੰਗ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੰਗਰੂਰ ਰੈਲੀ ਵਿੱਚ ਲੋਕਾਂ ਦੀਆਂ ਸਮੱਸਿਆਵਾਂ, ਸਰਕਾਰ ਦੀ ਕਾਰਗੁਜ਼ਾਰੀ ਅਤੇ ਸੂਬੇ ਦੇ ਮੌਜੂਦਾ ਹਾਲਾਤ ਮੁੱਖ ਮੁੱਦੇ ਹੋਣਗੇ। ਕਾਂਗਰਸ ਪਾਰਟੀ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰੇਗੀ ਅਤੇ ਸਰਕਾਰ ਤੋਂ ਜਵਾਬਦੇਹੀ ਦੀ ਮੰਗ ਕਰੇਗੀ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਰੈਲੀ ਨੂੰ ਸਫ਼ਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਅਤੇ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ। ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਸੰਗਰੂਰ ਰੈਲੀ ਵਿੱਚ ਇੱਕ ਲੱਖ ਤੋਂ ਵੀ ਵੱਧ ਲੋਕਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਹ ਰੈਲੀ ਪੰਜਾਬ ਸਰਕਾਰ ਲਈ ਆਖਰੀ ਕਿੱਲ ਸਾਬਤ ਹੋਵੇਗੀ ਅਤੇ ਸੂਬੇ ਵਿੱਚ ਬਦਲਾਅ ਦੀ ਨਵੀਂ ਲਹਿਰ ਪੈਦਾ ਕਰੇਗੀ। ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੇ ਹੱਕਾਂ, ਇਨਸਾਫ਼ ਅਤੇ ਪੰਜਾਬ ਦੀ ਬਿਹਤਰੀ ਲਈ ਆਪਣੀ ਲੜਾਈ ਜਾਰੀ ਰੱਖੇਗੀ। ਉਨ੍ਹਾਂ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਆਪਸੀ ਏਕਤਾ ਨਾਲ ਰੈਲੀ ਵਿੱਚ ਸ਼ਾਮਲ ਹੋਣ ਅਤੇ ਕਾਂਗਰਸ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ।

ਇਸ ਮੌਕੇ ਅਜੀਤ ਇੰਦਰ ਸਿੰਘ ਮੋਫਰ, ਬਲਕੌਰ ਸਿੰਘ ਮੂਸੇਵਾਲਾ, ਮਾਈਕਲ ਗਾਗੋਵਾਲ, ਨਾਜਰ ਸਿੰਘ ਮਾਨਸ਼ਾਹੀਆ, ਚਮਕੌਰ ਸਿੰਘ ਮੂਸੇਵਾਲਾ, ਗੁਰਪ੍ਰੀਤ ਸਿੰਘ ਵਿੱਕੀ, ਇੰਦਰਜੀਤ ਸਿੰਘ ਭੀਖੀ, ਹਰਵਿੰਦਰ ਕੌਰ ਸਿੱਧੂ, ਸਤਪਾਲ ਸਿੰਘ ਮੂਲੇਵਾਲਾ, ਮਨਜੀਤ ਸਿੰਘ ਰਾਣਾ, ਰਣਦੀਪ ਸਿੰਘ ਰਾਏਪੁਰ, ਵਿਨੋਦ ਸਿੰਗਲਾ, ਕੁਲਦੀਪ ਸਿੰਘ, ਸਵਰਨ ਸਿੰਘ, ਹਰਵਿੰਦਰ ਦੀਪ ਸੀਵੀਟੀ, ਨੰਦੀ ਸ਼ਰਮਾ, ਜਗਸੀਰ ਸਿੰਘ, ਲਾਡੀ ਢਿੱਲੋਂ, ਅਮਰੀਕ ਢਿੱਲੋਂ, ਮੱਖਣ ਸ਼ਰਮਾ, ਅਨੂੰ ਸ਼ਰਮਾ, ਰਣਵੀਰ ਕੌਰ, ਹਰਵਿੰਦਰ ਕੌਰ ਸਿੱਧੂ, ਸੰਤੋਸ਼ ਮਹੰਤ, ਸਤਗੁਰ ਸਿੰਘ ਜਲਵੇੜਾ, ਮਨਦੀਪ ਗੋਰਾ, ਅਮਨ ਕੁਮਾਰ ਧਾਪੀ, ਮੋਹਨ ਸਿੰਘ ਖੁਡਾਲ, ਜ਼ਿੰਮੀ ਗਰਗ ਆਦਿ ਵੀ ਹਾਜ਼ਰ ਸਨ।

ਸੀਟੀ ਯੂਨੀਵਰਸਿਟੀ ਵਿਖੇ 'ਧਨਕ 2026' ਦੀਵਾਲੀ ਕਾਰਨੀਵਲ ਧੂਮਧਾਮ ਨਾਲ ਆਯੋਜਿਤ



ਲੁਧਿਆਣਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੀਟੀ ਯੂਨੀਵਰਸਿਟੀ ਵਿਖੇ ਡਿਵੀਜ਼ਨ ਆਫ਼ ਸਟੂਡੈਂਟ ਵੈਲਫੇਅਰ ਵੱਲੋਂ 'ਧਨਕ 2026 - ਦਿ ਗ੍ਰੈਂਡ ਦੀਵਾਲੀ ਕਾਰਨੀਵਲ' ਬੜੇ ਉਤਸ਼ਾਹ ਅਤੇ ਤਿਉਹਾਰੀ ਮਾਹੌਲ ਵਿੱਚ ਕਰਵਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਕੈਂਪਸ ਸੱਭਿਆਚਾਰਕ ਰੰਗਾਂ, ਰਚਨਾਤਮਕਤਾ ਅਤੇ ਦੀਵਾਲੀ ਦੀਆਂ ਖੁਸ਼ੀਆਂ ਨਾਲ ਰੌਸ਼ਨ ਹੋ ਉੱਠਿਆ।

ਕਾਰਨੀਵਲ ਵਿੱਚ ਸੱਭਿਆਚਾਰਕ, ਸਾਹਿਤਕ ਅਤੇ ਵਿਗਿਆਨਕ ਅਤੇ ਲਲਿਤ ਕਲਾ ਨਾਲ ਸਬੰਧਤ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿੱਚ ਡਾਂਸ, ਭਾਰਤੀ ਵਿਰਾਸਤੀ ਨਾਚ, ਗਾਇਕੀ, ਕੁਇਜ਼, ਡਿਬੇਟ, ਕਵਿਤਾ, ਰੰਗੋਲੀ, ਪੋਸਟਰ ਮੇਕਿੰਗ, ਪੇਂਟਿੰਗ, ਕਾਰਟੂਨਿੰਗ, ਕਲੇ ਮਾਡਲਿੰਗ ਅਤੇ ਫੇਸ ਪੇਂਟਿੰਗ ਮੁੱਖ ਆਕਰਸ਼ਣ ਰਹੇ। ਇਸ ਤੋਂ ਇਲਾਵਾ ਫੂਡ ਸਟਾਲਾਂ, ਸੰਗੀਤ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਮਾਗਮ ਦੀ ਰੌਣਕ ਵਧਾਈ।

ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਵਾਈਸ ਚਾਂਸਲਰ ਡਾ. ਨਿਤਿਨ ਟੰਡਨ, ਰਜਿਸਟਰਾਰ ਸੰਜੇ ਖੰਡੂਰੀ ਅਤੇ ਡਾਇਰੈਕਟਰ ਡੀਐੱਸਡਬਲਯੂ ਇੰਜੀਨੀਅਰ ਦਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਸਿੱਖਿਆ ਸਿਰਫ਼ ਕਲਾਸਰੂਮਾਂ ਤੱਕ ਸੀਮਿਤ ਨਹੀਂ, ਸਗੋਂ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਰਚਨਾਤਮਕਤਾ ਅਤੇ ਟੀਮ ਭਾਵਨਾ ਨੂੰ ਮਜ਼ਬੂਤ ਕਰਦੇ ਹਨ।

ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਕਿਹਾ ਕਿ 'ਧਨਕ 2026' ਯੂਨੀਵਰਸਿਟੀ ਦੀ ਸੱਭਿਆਚਾਰਕ ਵਿਭਿੰਨਤਾ, ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਸਾਂਝੀਵਾਲਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੇ ਮੰਚ ਪ੍ਰਦਾਨ ਕਰਨ ਵਾਸਤੇ ਵਚਨਬੱਧ ਹੈ।

ਸੂਲਰ ਦਾ ਵਾਲੀਬਾਲ ਟੂਰਨਾਮੈਂਟ ਸਫਲਤਾਪੂਰਵਕ ਸੰਪੰਨ, ਦਿੜ੍ਹਬਾ ਟੀਮ ਰਹੀ ਅਵੱਲ

ਪਟਿਆਲਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਿੰਡ ਸੂਲਰ ਵਿਖੇ ਸ਼ੈਪੀ ਖੋਖਰ ਵਲੋਂ ਕਰਵਾਇਆ ਗਿਆ 7ਵਾਂ ਵਾਲੀਬਾਲ ਟੂਰਨਾਮੈਂਟ ਯਾਦਗਾਰੀ ਹੋ ਨਿਬੜਿਆ। ਇਹ ਟੂਰਨਾਮੈਂਟ ਸ਼ਹੀਦ ਪਰਮਿੰਦਰ ਸਿੰਘ ਝੋਟੇ ਨੂੰ ਸਮਰਪਿਤ ਸੀ, ਜਿਸ ਵਿਚ ਕਈ ਪਿੰਡਾਂ ਦੀਆਂ ਟੀਮਾਂ ਨੇ ਭਾਗ ਲਿਆ। ਪਹਿਲੇ ਨੰਬਰ 'ਤੇ ਦਿੜ੍ਹਬਾ ਦੀ ਟੀਮ ਰਹੀ, ਜਿਸ ਵਲੋਂ 21 ਹਜ਼ਾਰ ਰੁਪਏ ਦਾ ਇਨਾਮ ਜਿੱਤਿਆ ਅਤੇ ਆਦਰਸ਼ ਨਗਰ ਦੂਜੇ ਤੇ ਸੂਲਰ ਦੀ ਟੀਮ ਤੀਜੇ ਸਥਾਨ 'ਤੇ ਰਹੀ।

ਇਸ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਹਰਲਕਾ ਇੰਚਾਰਜ ਸਮਾਣਾ, ਸ੍. ਜਗਮੀਤ ਸਿੰਘ ਹਰਿਆਊ, ਬਾਬਾ ਮਨਿੰਦਰ ਸਿੰਘ ਖਾਲਸਾ ਮੋਹਾਲੀ, ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਸਨ। ਇਸ ਤੋਂ ਬਿਨ੍ਹਾਂ ਪ੍ਰਸਿੱਧ ਗਾਇਕ ਪੰਜਾਬ ਚੀਮਾ, ਗੀਤਕਾਰ ਮੱਟ ਸ਼ੇਰੋਂਵਾਲਾ, ਹਰਮਲ ਬੱਲ, ਸਰਪੰਚ ਸਿਕੰਦਰ ਸ਼ੇਰਗਿੱਲ, ਪਰਮਵੀਰ ਸਿੰਘ ਕੰਬੋਜ ਏ ਸੀ-2 ਐਸ ਐਸ ਪੀ ਦਫਤਰ ਪਟਿਆਲਾ, ਸੈਨੀਮਨ ਸਿੰਘ ਸੁੱਖਾ ਉਚੇਚੇ ਤੌਰ 'ਤੇ ਹਾਜ਼ਰ ਸਨ।

ਹਲਕਾ ਪਟਿਆਲਾ ਦਿਹਾਤੀ ਤੋਂ ਭਾਰੀ ਗਿਣਤੀ 'ਚ ਕਾਂਗਰਸੀ ਵਰਕਰ ਤੇ ਆਗੂ ਸੰਗਰੂਰ ਰੈਲੀ 'ਚ ਪਾਉਣਗੇ ਸ਼ਮੂਲੀਅਤ: ਮੋਹਿਤ ਮੋਹਿੰਦਰਾ



ਪਟਿਆਲਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕਾਂਗਰਸ ਪਾਰਟੀ ਦੇ ਕੌਮੀ ਆਗੂ ਸ਼੍ਰੀ ਰਾਹੁਲ ਗਾਂਧੀ ਦੀ ਅਗਵਾਈ ਹੇਠ 4 ਤਰੀਕ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਵਿਸ਼ਾਲ 'ਇਨਸਾਫ ਰੈਲੀ' ਦੀਆਂ ਤਿਆਰੀਆਂ ਸਬੰਧੀ ਅੱਜ ਇੱਕ ਅਹਿਮ ਮੀਟਿੰਗ ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਪਟਿਆਲਾ ਦਿਹਾਤੀ ਦੇ ਇੰਚਾਰਜ ਸ਼੍ਰੀ ਮੋਹਿਤ ਮੋਹਿੰਦਰਾ ਦੇ ਗ੍ਰਹਿ ਵਿਖੇ ਹੋਈ। ਇਸ ਮੀਟਿੰਗ ਵਿੱਚ ਹਲਕੇ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਅਤੇ ਪਾਰਟੀ ਕੇਡਰ ਨੇ ਸ਼ਿਰਕਤ ਕੀਤੀ।

ਇਸ ਮੀਟਿੰਗ ਦੌਰਾਨ ਬਲਾਕ ਅਹੁਦੇਦਾਰ, ਮੰਡਲ ਪ੍ਰਧਾਨ, ਸਾਬਕਾ ਅਤੇ ਮੌਜੂਦਾ ਸਰਪੰਚ, ਪੰਚ, ਅਤੇ ਨਗਰ ਨਿਗਮ ਦੇ ਕੌਂਸਲਰਾਂ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ। ਮੀਟਿੰਗ ਦਾ ਮੁੱਖ ਮਕਸਦ ਸੰਗਰੂਰ ਰੈਲੀ ਵਿੱਚ ਹਲਕਾ ਪਟਿਆਲਾ ਦਿਹਾਤੀ ਵੱਲੋਂ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣਾ ਸੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੋਹਿਤ ਮੋਹਿੰਦਰਾ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਇਹ 'ਇਨਸਾਫ ਰੈਲੀ' ਮੌਜੂਦਾ ਸਰਕਾਰ ਦੀਆਂ ਨੀਤੀਆਂ ਅਤੇ ਵਾਅਦਾਖਿਲਾਫੀਆਂ ਖਿਲਾਫ ਲੋਕਾਂ ਦੀ ਆਵਾਜ਼ ਬੁਲੰਦ ਕਰਨ ਲਈ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਦਿਹਾਤੀ ਦੇ ਲੋਕ ਅਤੇ ਕਾਂਗਰਸੀ ਵਰਕਰ ਪੂਰੇ ਉਤਸ਼ਾਹ ਨਾਲ ਇਸ ਰੈਲੀ ਵਿੱਚ ਹਿੱਸਾ ਲੈਣਗੇ ਅਤੇ ਭਰਵਾਂ ਇਕੱਠ ਕਰਕੇ ਪਾਰਟੀ ਦੀ ਮਜ਼ਬੂਤੀ ਦਾ ਸੁਨੇਹਾ ਦੇਣਗੇ। ਉਨ੍ਹਾਂ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਲਾਮਬੰਦ ਹੋਣ ਅਤੇ ਆਪੋ-ਆਪਣੇ ਇਲਾਕਿਆਂ ਵਿੱਚੋਂ ਲੋਕਾਂ ਨੂੰ ਰੈਲੀ ਵਿੱਚ ਲੈ ਕੇ ਜਾਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਾਜ਼ਰ ਆਗੂਆਂ ਅਤੇ ਵਰਕਰਾਂ ਨੇ ਭਰੋਸਾ ਦਿਵਾਇਆ ਕਿ ਉਹ ਸੰਗਰੂਰ ਰੈਲੀ ਨੂੰ ਸਫਲ ਬਣਾਉਣ ਲਈ ਦਿਨ-ਰਾਤ ਮਿਹਨਤ ਕਰਨਗੇ ਅਤੇ ਵੱਡੀ ਗਿਣਤੀ ਵਿੱਚ ਕਾਫਲੇ ਲੈ ਕੇ ਸੰਗਰੂਰ ਪਹੁੰਚਣਗੇ।

ਬੰਦੀ ਸਿੰਘਾਂ ਨੂੰ ਰਿਹਾ ਕਰਾਉਣ ਲਈ ਜਥੇਬੰਦੀਆਂ ਦੇ ਆਗੂਆਂ ਨੇ ਕੀਤੀ ਅਹਿਮ ਮੀਟਿੰਗ

ਪੰਜਾਬ ਅਤੇ ਕੇਂਦਰ ਸਰਕਾਰ ਖਿਲਾਫ ਰੋਸ ਮਾਰਚ ਕੱਢਣ ਦਾ ਲਿਆ ਗਿਆ ਫੈਸਲਾ



ਪਟਿਆਲਾ, 2 ਨਵੰਬਰ
-ਜੀ. ਐਸ. ਭੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਕੌਮੀ ਇਨਸਾਫ ਮੋਰਚੇ ਦੀ ਤਾਲਮੇਲ ਕਮੇਟੀ ਦੀ ਜਸਟਿਸ ਰਣਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਲਏ ਫੈਸਲਿਆਂ ਦੀ ਬਾਪੂ ਗੁਰਚਰਨ ਸਿੰਘ ਸਰਪ੍ਰਸਤ, ਪ੍ਰੋਫੈਸਰ ਸਤਨਾਮ ਕੌਰ ਮੁੱਖ ਬੁਲਾਰਾ ਅਕਾਲੀ ਦਲ ਵਾਰਿਸ ਪੰਜਾਬ, ਸੁਖਬੀਰ ਸਿੰਘ ਬਲਬੇੜਾ ਬੁਲਾਰਾ ਅਕਾਲੀ ਦਲ ਵਾਰਿਸ ਪੰਜਾਬ, ਸਤਵਿੰਦਰ ਸਿੰਘ ਟੌਹੜਾ, ਬਾਬਾ ਸਤਨਾਮ ਸਿੰਘ ਨਾਨਕ ਸਰ, ਜਰਨੈਲ ਸਿੰਘ ਪਟਿਆਲਾ ,ਸਪਿੰਦਰਪਾਲ ਸਿੰਘ ਸੈਫਦੀਪੁਰ, ਸਤਨਾਮ ਸਿੰਘ ਸੱਤਾ, ਭੁਪਿੰਦਰ ਸਿੰਘ ਗਿੱਲ, ਨਿਰਮਲ ਸਿੰਘ ਬਲਬੇੜਾ, ਬਲਕਾਰ ਸਿੰਘ, ਸੂੱਬਾ ਸਕੱਤਰ ਭਟੇੜੀ ਕਲਾ, ਲਖਵੀਰ ਸਿੰਘ ਲੌਟ, ਮਨਜੀਤ ਸਿੰਘ ਰਾਜਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਅਤੇ ਆਪ ਸਰਕਾਰ ਦੇ ਮੁੱਖ ਮੰਤਰੀ ਮੈਂ ਨਾ ਹੋਏ ਭਗਵੰਤ ਸਿੰਘ ਮਾਨ ਸਰਕਾਰ ਬੰਦੀ ਸਿੰਘਾਂ ਦੀਆਂ ਰਿਹਾਈਆਂ ਲਈ ਸੰਜੀਦਾ ਨਹੀਂ ਹਨ। ਲਿਆ ਜਾ ਪੰਜਾਬ ਦੇ ਮੁੱਖ ਮੰਤਰੀ ਨੇ ਕੌਮੀ ਇਨਸਾਫ਼ ਮੋਰਚੇ ਨਾਲ 12 ਅਕਤੂਬਰ ਨੂੰ ਹੋਈ ਮੀਟਿੰਗ ਵਿੱਚ ਵਿਸ਼ਵਾਸ ਦਵਾਇਆ ਸੀ ਕਿ ਸਰਕਾਰ ਰਿਹਾਈਆਂ ਲਈ ਕੋਈ ਕਸਰ ਨਹੀਂ ਛੱਡੇਗੀ ਇਹਨਾਂ ਉੱਪਰ ਕੋਈ ਅਮਲ ਨਹੀਂ ਹੋ ਸਕਿਆ । ਕੇਂਦਰ ਦੀਆਂ ਸਰਕਾਰਾਂ ਪੰਜਾਬ ਅਤੇ ਪੰਥ ਨੂੰ ਇਨਸਾਫ ਦੇਣ ਦੀ ਬਜਾਏ ਪੰਜਾਬ ਦੀ ਅਣਖ ਪੰਜਾਬੀਅਤ ਦੀ ਭਾਵਨਾ ਅਤੇ ਪੰਜਾਬ ਦੇ ਇਤਿਹਾਸ ਨੂੰ ਹੀ ਖਤਮ ਕਰਨ ਦਾ ਭਰਮ ਪਾਲਣ ਦੇ ਯਤਨ ਕਰ ਰਹੀਆਂ ਹਨ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਭਾਜਪਾ ਸਰਕਾਰ ਦੀਆਂ ਕਠਪੁਤਲੀਆਂ ਬਣ ਕੇ ਕੰਮ ਕਰ ਰਹੀ ਹੈ ਉਹਨਾਂ ਕਿਹਾ ਕੀ ਕੇਂਦਰ ਸਰਕਾਰ ਬਿਨਾਂ ਵਜਹਾ ਸਿੱਖਾਂ ਦੇ ਮਸਲਿਆਂ ਵਿੱਚ ਪੈ ਕੇ ਸਮੁੱਚੇ ਭਾਈਚਾਰੇ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰ ਰਹੀ ਹੈ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਉਹਨਾਂ ਕਿਹਾ ਕਿ 8 ਨਵੰਬਰ ਨੂੰ ਬੰਦੀ ਛੋੜ ਦਿਵਸ ਦਿਵਾਲੀ ਵਾਲੇ ਦਿਨ ਨੂੰ 22 ਸੈਕਟਰ ਚੰਡੀਗੜ੍ਹ ਦੇ ਗੁਰਦੁਆਰਾ ਵਿੱਚ ਸੰਕੇਤਕ ਤੌਰ ਤੇ 101 ਵਿਅਕਤੀਆਂ ਦਾ ਜਥਾ ਗੁਰੂ ਦੇ ਚਰਨਾਂ ਵਿੱਚ ਬੰਦੀਆਂ ਸਿੰਘਾ ਦੀਆਂ ਰਿਹਾਈਆਂ ਲਈ ਅਰਦਾਸ ਕਰਕੇ ਕਾਲੇ ਚੋਲੇ ਪਾ ਕੇ ਮੁੱਖ ਮੰਤਰੀ ਨਿਵਾਸ ਵੱਲ ਰੋਸ ਮਾਰਚ ਕਰੇਗਾ ਉਹਨਾਂ ਕਿਹਾ ਕਿ ਕੌਮੀ ਇਨਸਾਫ ਮੋਰਚਾ ਪੰਜਾਬ ਨੂੰ ਆਪਣੀ ਹੋਂਦ ਬਚਾਉਣ ਲਈ ਅਤੇ ਬੰਦੀ ਸਿੰਘਾ ਦੀ ਅਤੇ ਸਮੁੱਚੇ ਰਾਜਸੀ ਬੰਦਿਆਂ ਦੀ ਰਿਹਾਈ ਲਈ ਘਰ ਘਰ ਨੂੰ ਅੰਦੋਲਨ ਦਾ ਹਿੱਸਾ ਬਣਾਇਆ ਜਾਵੇਗਾ ਜਿਸ ਵਿੱਚ ਸੂਬੇ ਭਰ ਦੇ ਸਾਰੀਆਂ ਪੰਚਾਇਤਾਂ ,ਗ੍ਰੰਥੀ ਸਿੰਘਾਂ, ਪਾਠੀ ਸਿੰਘਾਂ, ਜਨਤਕ ਅਤੇ ਰਾਜਸੀ ਬੰਦੀਆਂ, ਪਿੰਡ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਪੱਤਰ ਲਿਖ ਕੇ ਅੰਦੋਲਨ ਲਈ ਪ੍ਰੇਰਿਆ ਜਾਵੇਗਾ। 30 ਨਵੰਬਰ ਨੂੰ ਪੰਥਕ ਜਥੇਬੰਦੀਆਂ ਕਿਸਾਨ ਜਥੇਬੰਦੀਆਂ ਜਨਤਕ ਜਥੇਬੰਦੀਆਂ ਮਨੁੱਖੀ ਅਧਿਕਾਰ ਜਥੇਬੰਦੀਆਂ ਸਾਰੇ ਧਰਮਾਂ ਦੇ ਲੋਕਾਂ ਦੀ ਨੁਮਾਇੰਦਾ ਕਨਵੈਂਸ਼ਨ ਸੱਦੀ ਗਈ ਹੈ ਉਹਨਾਂ ਕਿਹਾ ਕੀ ਇਸ ਵਿੱਚ ਕੌਮੀ ਇਨਸਾਫ ਮੋਰਚੇ ਵੱਲੋਂ ਆਰ-ਪਾਰ ਦੇ ਸੰਘਰਸ਼ ਨੂੰ ਨਤੀਜਾ ਜਨਤਕ ਬਣਾਉਣ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ ਮੀਟਿੰਗ ਨੇ ਪਰਮਿੰਦਰ ਸਿੰਘ ਝੋਟੇ ਦੀ ਸੰਘਰਸ਼ ਕਮੇਟੀ ਦੀ ਪੂਰਨ ਤੌਰ ਤੇ ਹਿਮਾਇਤ ਕੀਤੀ ਅਤੇ 5 ਨਵੰਬਰ ਨੂੰ ਮੁੱਖ ਮੰਤਰੀ ਨਿਵਾਸ ਦੇ ਘਿਰਾਓ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਮੀਟਿੰਗ ਵਿੱਚ ਜਸਟਿਸ ਰਣਜੀਤ ਸਿੰਘ, ਗੁਰਦੀਪ ਸਿੰਘ ਬਠਿੰਡਾ,ਪਾਲ ਸਿੰਘ ਫਰਾਂਸ, ਬਲਵਿੰਦਰ ਸਿੰਘ ਫਿਰੋਜ਼ਪੁਰ, ਬਲਵਿੰਦਰ ਸਿੰਘ ਕਾਲਾ, ਗੁਰਿੰਦਰ ਸਿੰਘ ਭੰਗੂ,ਪਾਲ ਸਿੰਘ ਘੜੂਆਂ ਬਲਜੀਤ ਸਿੰਘ ਭਾਊ, ਕਰਨੈਲ ਸਿੰਘ ਪੰਜੋਲੀ,ਪਰਮਜੀਤ ਸਿੰਘ ਖਾਲਸਾ, ਅਵਤਾਰ ਸਿੰਘ ਬੁੜੈਲ, ਬੀਬੀ ਜਸਬੀਰ ਕੌਰ, ਜੀਤ ਸਿੰਘ ਔਲਖ, ਅਮਨਦੀਪ ਸਿੰਘ ਜਲੰਧਰ, ਰਸ਼ਪਾਲ ਸਿੰਘ ਚੰਡੀਗੜ੍ਹ ,ਤੇਜਿੰਦਰ ਸਿੰਘ ਹਾਈਜੈਕਰ, ਬੀਬੀ ਰਜਿੰਦਰ ਕੌਰ, ਪਰਮਿੰਦਰ ਸਿੰਘ ਮਲੋਆ,ਮੱਖਣ ਸਿੰਘ ਮਾਨਸਾ ਆਦਿ ਸ਼ਾਮਿਲ ਸਨ।

ਪੰਜਾਬੀ ਭਾਸ਼ਾ 'ਚ ਇਨਕਲਾਬੀ ਤਬਦੀਲੀਆਂ ਲਿਆਉਣ ਦੀ ਸਮਰੱਥਾ: ਸਪੀਕਰ ਕੁਲਤਾਰ ਸਿੰਘ ਸੰਧਵਾਂ



ਪਟਿਆਲਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬ ਸਰਕਾਰ ਦੀ ਸਰਪ੍ਰਸਤੀ 'ਚ ਮਨਾਏ ਜਾਣ ਵਾਲੇ ਪੰਜਾਬੀ ਮਾਹ-2026 ਦੇ ਸਮਾਗਮਾਂ ਦਾ ਅੱਜ ਸ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਕੀਤਾ। ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਹੋਏ ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਪ ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤੀ ਅਤੇ ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਦੇ ਪ੍ਰਧਾਨ ਡਾ. ਆਤਮ ਰੰਧਾਵਾ ਨੇ ਕੁੰਜੀਵਤ ਭਾਸ਼ਨ ਦਿੱਤਾ। ਇਸ ਮੌਕੇ ਨੌਜਵਾਨ ਸੂਫ਼ੀ ਗਾਇਕ ਯਾਕੂਬ ਨੇ ਆਪਣੀ ਸੁਰੀਲੀ ਤੇ ਸਾਫ਼-ਸੁਥਰੀ ਗਾਇਕੀ ਨਾਲ ਸਭ ਦਾ ਮਨ ਮੋਹ ਲਿਆ। ਇਸ ਮੌਕੇ 10 ਲਿਖਾਰੀਆਂ ਨੂੰ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ।

ਮੁੱਖ ਮਹਿਮਾਨ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਪੰਜਾਬੀ ਇੱਕ ਸੰਚਾਰ ਦਾ ਸਾਧਨ ਹੀ ਨਹੀਂ ਸਗੋਂ ਇੱਕ ਤਾਕਤ ਹੈ। ਜਿਸ ਰਾਹੀਂ ਸਮੇਂ-ਸਮੇਂ ਸਿਰ ਬਹੁਤ ਵੱਡੇ ਬਦਲਾਅ ਆਉਂਦੇ ਰਹੇ ਹਨ। ਉਨ੍ਹਾਂ ਕਿਹਾ ਕਿ ਸਾਡੇ ਗੁਰੂ ਬਹੁਤ ਵੱਡਾ ਪਰਉਪਕਾਰ ਕਰਕੇ ਗਏ ਜਿੰਨਾਂ ਨੇ ਆਪਣੀ ਬਾਣੀ ਰਾਹੀਂ ਪੰਜਾਬੀ ਭਾਸ਼ਾ ਰਾਹੀਂ ਪੂਰੀ ਲੋਕਾਈ ਨੂੰ ਮਾਨਵਤਾ ਦਾ ਸੰਦੇਸ਼ ਦੇ ਗਏ ਹਨ। ਜਿਸ ਕਰਕੇ ਉਨ੍ਹਾਂ ਦੀ ਮਹਾਨਤਾ ਨੂੰ ਦੁਨੀਆ ਸਦਾ ਹੀ ਸਲਾਮ ਕਰਦੀ ਰਹੇਗੀ।

ਸ. ਸੰਧਵਾਂ ਨੇ ਕਿਹਾ ਕਿ ਅੱਜ ਸਰਵੋਤਮ ਪੁਰਸਕਾਰ ਵੰਡਣ ਦਾ ਮੌਕਾ ਨਹੀਂ ਸਗੋਂ ਲਿਖਾਰੀਆਂ ਦੀ ਮਿਹਨਤ ਤੇ ਮਹਾਨਤਾ ਨੂੰ ਸਲਾਮ ਕਰਨ ਦਾ ਦਿਨ ਹੈ। ਉਨ੍ਹਾਂ ਕਿਹਾ ਪੁਸਤਕ ਰਚਨਾ ਸਿਰਫ ਕਾਗਜ਼ਾਂ 'ਤੇ ਸ਼ਬਦ ਉਕਰਨ ਵਾਲਾ ਕਾਰਜ ਨਹੀਂ ਹੁੰਦਾ ਸਗੋਂ ਇੱਕ ਭਾਸ਼ਾ ਦਾ ਅਗਲੀਆਂ ਪੀੜ੍ਹੀਆਂ ਤੱਕ ਸੰਚਾਰ ਕਰਨਾ ਵੀ ਹੁੰਦਾ ਹੈ। ਉਨ੍ਹਾਂ ਸਭ ਨੂੰ ਅਪੀਲ ਕੀਤੀ ਸਭ ਤੋਂ ਪਹਿਲਾਂ ਆਪਣੇ ਪਰਿਵਾਰ ਤੋਂ ਪੰਜਾਬੀ ਨੂੰ ਲਾਗੂ ਕਰਨ ਦਾ ਅਹਿਦ ਕਰੀਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੰਜਾਬੀ ਭਾਸ਼ਾ ਦੇ ਵਿਕਾਸ ਤੇ ਪਸਾਰ ਲਈ ਵਚਨਬੱਧ ਹੈ।

ਆਪਣੇ ਸਵਾਗਤੀ ਭਾਸ਼ਣ 'ਚ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਪੰਜਾਬ ਦਿਵਸ ਮਨਾਉਣ ਦਾ ਮਕਸਦ ਹੈ ਕਿ ਅਸੀਂ ਆਪਣੀ ਬਰਬਾਦੀਆਂ ਨੂੰ ਯਾਦ ਰੱਖੀਏ ਅਤੇ ਭਵਿੱਖ ਵਿੱਚ ਮੁੜ ਬਰਬਾਦ ਨਾ ਹੋਈਏ। ਉਨ੍ਹਾਂ ਕਿਹਾ ਕਿ ਸਾਡੇ ਕੋਲ ਦੁਨੀਆ ਦਾ ਸਭ ਤੋਂ ਉਪਜਾਊ ਖਿੱਤਾ ਹੈ ਪਰ ਅਸੀਂ ਆਪਣੇ ਕੁਦਰਤੀ ਸਾਧਨਾਂ ਦੀ ਸਹੀ ਸੰਭਾਲ ਨਹੀਂ ਕਰ ਰਹੇ ਜਿਸ ਕਾਰਨ ਅਸੀਂ ਕਦੇ ਵੀ ਖੁਸ਼ਹਾਲ ਨਹੀਂ ਹੋ ਸਕੇ। ਸਾਡੇ ਸੁਪਨੇ ਵੀ ਬਹੁਤ ਵੱਡੇ ਹਨ, ਸਿੱਖਣ ਦੀ ਸਮਰੱਥਾ ਵੀ ਬਹੁਤ ਹੈ ਤੇ ਤਰੱਕੀ ਵੀ ਬਹੁਤ ਕਰ ਲੈਂਦੇ ਹਾਂ ਪਰ ਦੁਨੀਆ ਦੇ ਚੰਗੇ ਲੋਕਾਂ 'ਚ ਸ਼ਾਮਲ ਨਹੀਂ ਹੋ ਸਕੇ, ਇਸ ਦਾ ਵੱਡਾ ਕਾਰਨ ਹੈ ਕਿ ਅਸੀਂ ਕਿਸੇ ਹੋਰ ਨੂੰ ਅੱਗੇ ਆਉਣ ਨਹੀਂ ਦਿੰਦੇ ਅਤੇ ਇਸੇ ਦੌੜ 'ਚ ਵੰਡੀਆਂ ਪਾ ਲੈਂਦੇ ਹੈ। ਉਨ੍ਹਾਂ ਕਿਹਾ ਕਿ ਸਾਡਾ ਦੇਸ਼ ਤਾਂ ਆਜ਼ਾਦ ਹੋ ਗਿਆ ਪਰ ਵਤਨ ਗੁਆ ਲਿਆ। ਜਿਸ ਦੀ ਕਦੇ ਵੀ ਭਰਪਾਈ ਨਹੀਂ ਹੋ ਸਕਦੀ।

ਪ੍ਰਧਾਨਗੀ ਭਾਸ਼ਣ 'ਚ ਡਾ. ਜਗਦੀਪ ਸਿੰਘ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਪੋਸਟ ਗ੍ਰੈਜੂਏਸ਼ਨ 'ਚ ਸਾਇੰਸ ਦੇ ਕੋਰਸਾਂ 'ਚ ਪੰਜਾਬੀ ਵਿਸ਼ਾ ਲਾਗੂ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ ਸਾਇੰਸ, ਕਾਮਰਸ ਤੇ ਇੰਜੀਨੀਅਰਿੰਗ ਦੀਆਂ ਟੈਕਸਟ ਬੁੱਕਸ ਨੂੰ ਪੰਜਾਬੀ 'ਚ ਤਿਆਰ ਕਰਨ ਦੇ ਯਤਨ ਚੱਲ ਰਹੇ ਹਨ। ਪੰਜਾਬੀ ਯੂਨੀਵਰਸਿਟੀ ਹਮੇਸ਼ਾ ਹੀ ਪੰਜਾਬੀ ਭਾਸ਼ਾ, ਸੱਭਿਆਚਾਰ ਤੇ ਪੰਜਾਬੀਅਤ ਦੀ ਮੁਦਈ ਰਹੀ ਹੈ।

ਕੁੰਜੀਵਤ ਭਾਸ਼ਣ 'ਚ ਡਾ ਆਤਮ ਰੰਧਾਵਾ ਨੇ ਕਿਹਾ ਕਿ ਏਆਈ ਦੇ ਯੁੱਗ ਵਿੱਚ ਪੰਜਾਬੀ ਭਾਸ਼ਾ ਨੂੰ ਜ਼ਮਾਨੇ ਦੇ ਮੇਚ ਦੀ ਬਣਾਉਣ ਲਈ ਨਿਰੰਤਰ ਯਤਨ ਕਰਨ ਦੀ ਲੋੜ ਹੈ। ਜਿਸ ਲਈ ਸਾਨੂੰ ਸਭ ਨੂੰ ਸਾਂਝੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਇੱਕ ਅਜਿਹੀ ਭਾਸ਼ਾ ਹੈ ਜੋ ਨੈਤਿਕ ਕਦਰਾਂ ਕੀਮਤਾਂ ਦਾ ਵੀ ਸੰਚਾਰ ਕਰਦੀ ਹੈ। ਜਿਸ ਦਾ ਪ੍ਰਤੱਖ ਪ੍ਰਮਾਣ ਇਸ ਦੇ ਰਿਸ਼ਤਾ ਪ੍ਰਬੰਧ ਤੋਂ ਪਤਾ ਲੱਗਦਾ ਹੈ। ਗਾਇਕ ਯਾਕੂਬ ਨੇ ਛੱਲਾ, ਦਮਾ ਦਮ ਮਸਤ ਕਲੰਧਰ, ਮਾਹੀਆ ਤੇ ਹੋਰ ਗੀਤਾਂ ਨਾਲ ਮਾਹੌਲ ਨੂੰ ਸਿਖ਼ਰ 'ਤੇ ਪਹੁੰਚਾ ਦਿੱਤਾ ਅਤੇ ਸੂਬੇ ਭਰ 'ਚੋਂ ਆਏ ਸਰੋਤਿਆਂ ਦਾ ਮਨ ਮੋਹ ਲਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ।

ਪੁਰਸਕਾਰ ਵੰਡ:

ਇਸ ਮੌਕੇ ਪੰਜਾਬੀ ਸਰਵੋਤਮ ਪੁਸਤਕ ਪੁਰਸਕਾਰਾਂ ਤਹਿਤ ਵੱਖ ਵੱਖ ਵੰਨਗੀਆਂ ਦੇ 10 ਪੁਰਸਕਾਰ ਅਤੇ 01 ਡਾ. ਸੁਰਜੀਤ ਪਾਤਰ ਯੁਵਾ ਸਾਹਿਤ ਪੁਰਸਕਾਰ ਪ੍ਰਦਾਨ ਕੀਤਾ ਗਿਆ। ਇਨ੍ਹਾਂ ਪੁਰਸਕਾਰਾਂ ਲਈ ਪਿਛਲੇ ਸਾਲ 2025 ਦੌਰਾਨ ਛਪੀਆਂ ਪੁਸਤਕਾਂ ਦੀ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਲਈ ਮੰਗ ਕੀਤੀ ਗਈ ਸੀ ਅਤੇ ਵੱਖ-ਵੱਖ ਖੇਤਰਾਂ ਦੇ ਵਿਦਵਾਨ ਵਿਸ਼ਾ ਮਾਹਿਰਾਂ ਤੋਂ ਇਨ੍ਹਾਂ ਪੁਸਤਕਾਂ ਦਾ ਮੁਲਾਂਕਣ ਕਰਵਾਇਆ ਗਿਆ ਅਤੇ ਸਰਵੋਤਮ ਪੁਸਤਕਾਂ ਦੀ ਚੋਣ ਕੀਤੀ ਗਈ। ਇਸ ਪੁਰਸਕਾਰ 'ਚ ਇਨਾਮੀ ਰਾਸ਼ੀ 31,000/- ਦੇ ਨਾਲ-ਨਾਲ ਇਕ ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਂਟ ਕੀਤਾ ਜਾਵੇਗਾ। ਇਨ੍ਹਾਂ ਪੁਰਸਕਾਰਾਂ ਲਈ ਵੱਖ-ਵੱਖ ਵਿਧਾਵਾਂ ਦੀਆਂ 282 ਕਿਤਾਬਾਂ ਪ੍ਰਾਪਤ ਹੋਈਆਂ ਸਨ।

ਇਸ ਮੌਕੇ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਤਹਿਤ ਭਾਈ ਵੀਰ ਸਿੰਘ ਪੁਰਸਕਾਰ (ਸਵੈ-ਜੀਵਨੀ) ਵਰਿਆਮ ਮਸਤ ਦੀ ਪੁਸਤਕ 'ਰੰਗਮੰਚ ਦੇ ਦਿਨ' ਨੂੰ, ਨਾਨਕ ਸਿੰਘ ਪੁਰਸਕਾਰ (ਨਾਵਲ) ਜਸਪਾਲ ਮਾਨਖੇੜਾ ਦੀ ਪੁਸਤਕ 'ਹਵੇਲੀਆਲਾ' ਨੂੰ, ਪ੍ਰਿੰ ਸੁਜਾਨ ਸਿੰਘ ਪੁਰਸਕਾਰ (ਕਹਾਣੀ) ਭੁਪਿੰਦਰ ਸਿੰਘ ਮਾਨ ਦੀ ਪੁਸਤਕ 'ਲਾਲ ਰੱਤਾ' ਨੂੰ, ਗੁਰਬਖ਼ਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ) ਅਜੈ ਤਨਵੀਰ ਦੀ ਪੁਸਤਕ 'ਜਾਦੂਨਗਰੀ ਦੇ ਜਾਦੂਗਰ' ਨੂੰ, ਗਿਆਨੀ ਗੁਰਮੁਖ ਸਿੰਘ ਮੁਸਾਫਿਰ ਪੁਰਸਕਾਰ (ਕਵਿਤਾ) ਡਾ. ਨਵਦੀਪ ਕੌਰ ਦੀ ਪੁਸਤਕ 'ਅਹਿਲਿਆ' ਨੂੰ, ਈਸ਼ਵਰ ਚੰਦਰ ਨੰਦਾ ਪੁਰਸਕਾਰ (ਨਾਟਕ) ਕੁਲਬੀਰ ਮਲਿਕ ਦੀ ਪੁਸਤਕ 'ਡਾਕ ਨਿੱਤ ਆਵੇਗੀ...' ਨੂੰ, ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ) ਜੰਗ ਬਹਾਦੁਰ ਗੋਇਲ ਦੀ ਪੁਸਤਕ 'ਜੰਗਲ ਤੋਂ ਪਾਰ (ਸੀਤਾ ਰਤਨਮਲ)' ਨੂੰ, ਐੱਮ.ਐੱਸ. ਰੰਧਾਵਾ ਪੁਰਸਕਾਰ (ਸੰਪਾਦਨ) ਪ੍ਰਿੰ. ਲਵਲੀ ਸ. ਪੰਨੂ ਦੀ ਪੁਸਤਕ 'ਪੁਆਧੀ ਲੋਕ-ਕਾਵਿ (ਟੱਪੇ ਅਤੇ ਜੱਕੜੀਆਂ)' ਨੂੰ ਅਤੇ ਡਾ. ਅਤਰ ਸਿੰਘ ਪੁਰਸਕਾਰ (ਖੋਜ) ਡਾ. ਧਰਮ ਸਿੰਘ ਦੀ ਪੁਸਤਕ 'ਪ੍ਰਗਟ ਭਏ ਗੁਰ ਤੇਗ ਬਹਾਦਰ' ਨੂੰ ਪ੍ਰਦਾਨ ਕੀਤੇ ਜਾਣਗੇ। ਡਾ. ਸੁਰਜੀਤ ਪਾਤਰ ਯੁਵਾ ਪੁਰਸਕਾਰ ਉਭਰਦੇ ਕਵੀ ਸੁਰਖ਼ਾਬ ਦੀ ਪੁਸਤਕ 'ਵੈਤਰਨੀ' ਨੂੰ ਪ੍ਰਦਾਨ ਕੀਤਾ ਗਿਆ। ਇਸ ਤੋਂ ਇਲਾਵਾ ਵਿਸ਼ੇਸ਼ ਸਨਮਾਨਾਂ ਤਹਿਤ ਡਾ. ਰਣਜੀਤ ਸਿੰਘ, ਭੁਪਿੰਦਰ ਦੁਲੇਅ ਟੌਰਾਂਟੋ, ਹਰਕੀਰਤ ਕੌਰ ਚਹਿਲ ਕੈਨੇਡਾ, ਪ੍ਰੋ. ਅਰਵਿੰਦਰ ਸਿੰਘ ਘਨੌਰ, ਸਰਵੋਤਮ ਕਰਮਚਾਰੀ ਵਜੋਂ ਮਨਜਿੰਦਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰਿੰ. ਐਸ. ਐਸ. ਰਿਸ਼ੀ, ਡਾ. ਬਲਵੀਰ ਕੌਰ ਪੰਧੇਰ, ਰਣਜੀਤ ਸਿੰਘ ਆਸਟਰੇਲੀਆ, ਡਾ. ਗੁਰਮੁਖ ਸਿੰਘ, ਡਾ. ਸੁਰਜੀਤ ਸਿੰਘ, ਪਦਮ ਸ੍ਰੀ ਪ੍ਰਾਣ ਸੱਭਰਵਾਲ, ਸਵਾਮੀ ਅੰਤਰਨੀਰਵ, ਗੁਰਪ੍ਰੀਤ ਮਾਨਸਾ, ਜਗਦੀਸ਼ ਰਾਏ ਕੂਲਰੀਆਂ, ਦਰਸ਼ਨ ਬੁੱਟਰ, ਬਲਵਿੰਦਰ ਸੰਧੂ, ਅਵਤਾਰਜੀਤ ਸਿੰਘ, ਪਵਨ ਹਰਚੰਦਪੁਰੀ ਤੇ ਵੱਖ-ਵੱਖ ਜ਼ਿਲ੍ਹਾ ਭਾਸ਼ਾ ਅਫ਼ਸਰ ਹਾਜ਼ਰ ਸਨ।

ਜ਼ਿਲ੍ਹਾ ਮਾਲੇਰਕੋਟਲਾ ਦੀ ਮਿੱਟੀ 'ਚੋਂ ਉੱਠੇ ਹੌਸਲੇ ਨੇ ਏਸ਼ੀਆ ਦੇ ਖੇਡ ਮੰਚ 'ਤੇ ਲਿਖੀ ਕਾਮਯਾਬੀ ਦੀ ਨਵੀਂ ਇਬਾਰਤ : ਡਾ. ਜਮੀਲ ਉਰ ਰਹਿਮਾਨ

ਮਲੇਰਕੋਟਲਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਦੋਂ ਕਿਸੇ ਛੋਟੇ ਜਿਹੇ ਇਲਾਕੇ ਦਾ ਨੌਜਵਾਨ ਆਪਣੀ ਪ੍ਰਤਿਭਾ ਦੇ ਦਮ 'ਤੇ ਕੌਮਾਂਤਰੀ ਮੰਚ ਤੱਕ ਪਹੁੰਚਦਾ ਹੈ ਤਾਂ ਉਸ ਦੀ ਜਿੱਤ ਪੂਰੇ ਖਿੱਤੇ ਦੀ ਪਛਾਣ ਨੂੰ ਨਵੀਆਂ ਬੁਲੰਦੀਆਂ ਬਖ਼ਸ਼ਦੀ ਹੈ। ਪੰਜਵੀਆਂ ਏਸ਼ੀਅਨ ਪੈਰਾ ਖੇਡਾਂ-2026 ਵਿੱਚ ਚਾਂਦੀ ਦਾ ਤਗਮਾ ਜਿੱਤਣ ਵਾਲੇ ਅਮਰਗੜ੍ਹ ਦੇ ਮੁਹੰਮਦ ਯਾਸਰ ਨੇ ਅਜਿਹਾ ਹੀ ਮਾਣ ਜ਼ਿਲ੍ਹਾ ਮਾਲੇਰਕੋਟਲਾ, ਪੰਜਾਬ ਅਤੇ ਸਮੁੱਚੇ ਭਾਰਤ ਦੀ ਝੋਲੀ ਪਾਇਆ ਹੈ।



ਇਨ੍ਹਾਂ ਸ਼ਬਦਾਂ ਨਾਲ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਖਿਡਾਰੀ ਅਤੇ ਉਸ ਦੇ ਪਰਿਵਾਰ ਨੂੰ ਦਿਲੀ ਮੁਬਾਰਕਬਾਦ ਦਿੱਤੀ।

ਵਿਧਾਇਕ ਨੇ ਕਿਹਾ ਕਿ ਜਾਪਾਨ ਦੇ ਆਈਚੀ-ਨਾਗੋਯਾ ਵਿਖੇ ਸ਼ਾਟਪੁੱਟ ਐੱਫ-46 ਮੁਕਾਬਲੇ ਵਿੱਚ ਯਾਸਰ ਵੱਲੋਂ ਹਾਸਲ ਕੀਤੀ ਇਹ ਸਫਲਤਾ ਕੇਵਲ ਤਗਮੇ ਦੀ ਚਮਕ ਨਹੀਂ, ਸਗੋਂ ਸਾਲਾਂ ਦੀ ਸਾਧਨਾ, ਸਬਰ ਅਤੇ ਆਪਣੇ ਆਪ 'ਤੇ ਅਟੁੱਟ ਭਰੋਸੇ ਦੀ ਜਿਊਂਦੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਯਾਸਰ ਨੇ ਦੁਨੀਆ ਨੂੰ ਦਿਖਾ ਦਿੱਤਾ ਹੈ ਕਿ ਇਨਸਾਨ ਦੀ ਅਸਲ ਤਾਕਤ ਉਸ ਦੇ ਹਾਲਾਤ ਨਹੀਂ, ਸਗੋਂ ਉਨ੍ਹਾਂ ਤੋਂ ਉੱਪਰ ਉੱਠਣ ਦਾ ਜਜ਼ਬਾ ਹੁੰਦੀ ਹੈ।

ਡਾ. ਰਹਿਮਾਨ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਮੰਚ ਪੇਂਡੂ ਪ੍ਰਤਿਭਾਵਾਂ ਲਈ ਅੱਗੇ ਵਧਣ ਦੇ ਨਵੇਂ ਰਾਹ ਖੋਲ੍ਹ ਰਹੇ ਹਨ।

ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਮੋਰਚੇ ਨੂੰ ਲੋਕ ਲਹਿਰ ਬਣਾਉਣ ਲਈ ਨੌਜਵਾਨੀ ਦੇ ਕਦਮ ਨਸ਼ਿਆਂ ਵੱਲ ਨਹੀਂ, ਖੇਡ ਮੈਦਾਨਾਂ ਵੱਲ ਵਧਣੇ ਚਾਹੀਦੇ ਹਨ। ਖੇਡ ਸਹੂਲਤਾਂ ਅਤੇ ਲੋੜੀਂਦਾ ਸਾਮਾਨ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਉੱਚ ਪੱਧਰੀ ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਟੀਮ ਵੱਲੋਂ ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਵਿੱਚ ਪਰਾਲੀ ਪ੍ਰਬੰਧਨ ਦੇ ਉਪਰਾਲਿਆਂ ਦੀ ਸਮੀਖਿਆ; ਜ਼ਿਲ੍ਹਾ ਪ੍ਰਸ਼ਾਸਨਾਂ ਦੇ ਯਤਨਾਂ ਦੀ ਸ਼ਲਾਘਾ

ਸੰਗਰੂਰ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਉੱਚ ਪੱਧਰੀ ਟੀਮ, ਜਿਸ ਵਿੱਚ ਤਕਨੀਕੀ ਮੈਂਬਰ ਡਾ. ਐੱਸ. ਡੀ. ਅੱਤਰੀ ਅਤੇ ਵਿਗਿਆਨੀ-ਸੀ ਸ੍ਰੀ ਵਿਜੇ ਕੁਮਾਰ ਸ਼ਾਮਲ ਸਨ, ਨੇ 30 ਅਕਤੂਬਰ, 2026 ਨੂੰ ਸੰਗਰੂਰ ਜ਼ਿਲ੍ਹੇ ਦਾ ਦੌਰਾ ਕੀਤਾ। ਇਸ ਤੋਂ ਬਾਅਦ 2 ਨਵੰਬਰ, 2026 ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੰਗਰੂਰ ਵਿਖੇ ਸਮੀਖਿਆ ਮੀਟਿੰਗ ਕੀਤੀ।

ਇਸ ਮੀਟਿੰਗ ਦਾ ਉਦੇਸ਼ ਝੋਨੇ ਦੀ ਮੌਜੂਦਾ ਵਾਢੀ ਦੇ ਸੀਜ਼ਨ ਦੌਰਾਨ ਪਰਾਲੀ ਦੇ ਵਿਗਿਆਨਕ ਪ੍ਰਬੰਧਨ ਅਤੇ ਇਸ ਨੂੰ ਸਾੜਨ ਦੀਆਂ ਘਟਨਾਵਾਂ ਦੀ ਰੋਕਥਾਮ ਲਈ ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਦੇ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਕੀਤੀਆਂ ਜਾ ਰਹੀਆਂ ਤਿਆਰੀਆਂ ਅਤੇ ਉਪਰਾਲਿਆਂ ਦਾ ਜਾਇਜ਼ਾ ਲੈਣਾ ਸੀ।

ਆਪਣੇ ਦੌਰੇ ਦੌਰਾਨ ਕਮਿਸ਼ਨ ਦੀ ਟੀਮ ਨੇ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ ਦਾ ਨਿਰੀਖਣ ਕਰਕੇ ਪਰਾਲੀ ਦੇ ਖੇਤਾਂ ਵਿੱਚ ਅਤੇ ਖੇਤਾਂ ਤੋਂ ਬਾਹਰ ਪ੍ਰਬੰਧਨ ਸਬੰਧੀ ਉਪਰਾਲਿਆਂ ਨੂੰ ਲਾਗੂ ਕਰਨ ਦੀ ਸਥਿਤੀ ਦਾ ਜਾਇਜ਼ਾ ਲਿਆ। ਟੀਮ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ ਵਾਲੇ ਸੰਵੇਦਨਸ਼ੀਲ ਪਿੰਡ ਘਰਾਚੋਂ ਦਾ ਦੌਰਾ ਕੀਤਾ, ਜਿੱਥੇ ਪਰਾਲੀ ਦੇ ਪ੍ਰਬੰਧਨ ਅਤੇ ਫ਼ਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਦੀ ਵਰਤੋਂ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਵੀ ਕੀਤੀ ਗਈ। ਟੀਮ ਨੇ ਕਿਸਾਨਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਿਸਾਨਾਂ ਦੀ ਸਰਗਰਮ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਨੇ ਟੀਮ ਨੂੰ ਪਰਾਲੀ ਦੇ ਵਿਗਿਆਨਕ ਪ੍ਰਬੰਧਨ ਲਈ ਕਿਸਾਨਾਂ ਨੂੰ ਮਸ਼ੀਨਰੀ ਸਮੇਂ ਸਿਰ ਉਪਲਬਧ ਕਰਵਾਉਣ ਵਾਸਤੇ ਕੀਤੇ ਗਏ ਪ੍ਰਬੰਧਾਂ ਬਾਰੇ ਜਾਣੂ ਕਰਵਾਇਆ।

ਇਸ ਤੋਂ ਇਲਾਵਾ, ਟੀਮ ਨੇ ਭਵਾਨੀਗੜ੍ਹ ਦੇ ਪਿੰਡ ਨਦਾਮਪੁਰ ਵਿਖੇ ਸਥਿਤ ਮੈਸਰਜ਼ ਟ੍ਰਾਂਸਪੈਸਿਫਿਕ ਇੰਜੀਨੀਅਰਿੰਗ ਪ੍ਰਾਈਵੇਟ ਲਿਮਟਿਡ ਦੇ ਪਰਾਲੀ ਤੋਂ ਵਿਸ਼ੇਸ਼ ਤਰੀਕੇ ਨਾਲ ਤਿਆਰ ਕੀਤੇ ਬਾਲਣ ਦੀਆਂ ਗੋਲੀਆਂ ਬਣਾਉਣ ਵਾਲੇ ਕਾਰਖਾਨੇ ਦਾ ਦੌਰਾ ਕੀਤਾ। ਟੀਮ ਨੇ ਕਾਰਖਾਨੇ ਦਾ ਨਿਰੀਖਣ ਕਰਕੇ ਪਰਾਲੀ ਤੋਂ ਜੈਵਿਕ ਬਾਲਣ ਦੀਆਂ ਗੋਲੀਆਂ ਤਿਆਰ ਕਰਨ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ



ਗੋਲੀਆਂ ਦੀ ਵਰਤੋਂ ਤਾਪ ਬਿਜਲੀ ਘਰਾਂ ਅਤੇ ਉਦਯੋਗਾਂ ਵਿੱਚ ਬਦਲਵੇਂ ਬਾਲਣ ਵਜੋਂ ਕੀਤੀ ਜਾਂਦੀ ਹੈ। ਇਸ ਨਾਲ ਪਰਾਲੀ ਦੇ ਖੇਤਾਂ ਤੋਂ ਬਾਹਰ ਪ੍ਰਬੰਧਨ ਲਈ ਇੱਕ ਮਹੱਤਵਪੂਰਨ ਬਦਲ ਉਪਲਬਧ ਹੁੰਦਾ ਹੈ ਅਤੇ ਪਰਾਲੀ ਨੂੰ ਬੇਕਾਰ ਸਮਝਣ ਦੀ ਬਜਾਏ ਇੱਕ ਲਾਭਦਾਇਕ ਸਰੋਤ ਵਜੋਂ ਵਰਤਣ ਨੂੰ ਉਤਸ਼ਾਹ ਮਿਲਦਾ ਹੈ।

ਖੇਤਰੀ ਦੌਰੇ ਦੌਰਾਨ ਸੰਗਰੂਰ ਜ਼ਿਲ੍ਹੇ ਦੀ ਤਹਿਸੀਲ ਭਵਾਨੀਗੜ੍ਹ ਦੇ ਪਿੰਡ ਬੱਸੀਅਰਕ, ਕਪਿਆਲ ਅਤੇ ਝਨੇੜੀ ਵਿਖੇ ਅੱਗ ਲੱਗਣ ਦੀਆਂ ਤਿੰਨ ਸਰਗਰਮ ਘਟਨਾਵਾਂ ਵੀ ਸਾਹਮਣੇ ਆਈਆਂ। ਸਥਾਨਕ ਪ੍ਰਸ਼ਾਸਨ ਨੇ ਤੁਰੰਤ ਕਾਰਵਾਈ ਕਰਦਿਆਂ ਅੱਗ ਬੁਝਾਈ। ਇਸ ਤੋਂ ਇਲਾਵਾ, ਲਾਗੂ ਨਿਯਮਾਂ ਅਨੁਸਾਰ ਵਾਤਾਵਰਣ ਨੂੰ ਹੋਏ ਨੁਕਸਾਨ ਲਈ ਮੁਆਵਜ਼ਾ ਲਗਾਉਣ, ਪਹਿਲੀ ਸੂਚਨਾ ਰਿਪੋਰਟਾਂ ਦਰਜ ਕਰਨ ਅਤੇ ਮਾਲ ਰਿਕਾਰਡ ਵਿੱਚ ਲਾਲ ਇੰਦਰਾਜ ਕਰਨ ਵਰਗੇ ਲਾਗੂਕਰਨ ਉਪਰਾਲੇ ਵੀ ਕੀਤੇ ਗਏ।

2 ਨਵੰਬਰ ਨੂੰ ਕਮਿਸ਼ਨ ਦੀ ਟੀਮ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੰਗਰੂਰ ਵਿਖੇ ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰਾਂ, ਸੀਨੀਅਰ ਪੁਲਿਸ ਕਪਤਾਨਾਂ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਖੇਤੀਬਾੜੀ ਵਿਭਾਗ ਅਤੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਉਡਣ ਦਸਤਿਆਂ ਦੀਆਂ ਟੀਮਾਂ ਦੇ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਸ਼ਾਸਨਾਂ ਦੀਆਂ ਤਿਆਰੀਆਂ, ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਦੀ ਉਪਲਬਧਤਾ ਅਤੇ ਵਰਤੋਂ, ਪਰਾਲੀ ਇਕੱਠੀ ਕਰਨ, ਸਟੋਰ ਕਰਨ ਅਤੇ ਸੰਭਾਲਣ ਦੇ ਪ੍ਰਬੰਧਾਂ, ਖੇਤਰੀ ਪੱਧਰ 'ਤੇ ਨਿਗਰਾਨੀ, ਨਿਯਮਾਂ ਨੂੰ ਲਾਗੂ ਕਰਨ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਦੀਆਂ ਰਣਨੀਤੀਆਂ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ।

ਇਸ ਮੀਟਿੰਗ ਵਿੱਚ ਸੰਗਰੂਰ ਦੀ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ, ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਵਿਰਾਜ ਸ਼ਿਆਮਕਰਨ ਤਿੜਕੇ ਸਮੇਤ ਸਬੰਧਤ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਕਪਤਾਨਾਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸੀਨੀਅਰ ਵਾਤਾਵਰਣ ਇੰਜੀਨੀਅਰ ਡਾ. ਰਾਜੀਵ ਗੁਪਤਾ, ਕਾਰਜਕਾਰੀ ਇੰਜੀਨੀਅਰ ਰੋਹਿਤ ਸਿੰਗਲਾ ਅਤੇ ਰਣਤੇਜ ਸ਼ਰਮਾ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ।

ਵਿਚਾਰ-ਵਟਾਂਦਰੇ ਦੌਰਾਨ ਕਮਿਸ਼ਨ ਦੇ ਨੁਮਾਇੰਦਿਆਂ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਕਾਬੂ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨਾਂ ਅਤੇ ਸਬੰਧਤ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਯਤਨਾਂ 'ਤੇ ਤਸੱਲੀ ਪ੍ਰਗਟਾਈ।

ਉਨ੍ਹਾਂ ਜ਼ਿਲ੍ਹਾ ਅਧਿਕਾਰੀਆਂ ਵੱਲੋਂ ਅਪਣਾਏ ਗਏ ਆਪਸੀ ਤਾਲਮੇਲ ਵਾਲੇ ਤਰੀਕੇ ਦੀ ਸ਼ਲਾਘਾ ਕੀਤੀ ਅਤੇ ਖੇਤਰੀ ਪੱਧਰ 'ਤੇ ਨਿਗਰਾਨੀ ਹੋਰ ਮਜ਼ਬੂਤ ਕਰਨ, ਨਿਯਮਾਂ ਦੀ ਪ੍ਰਭਾਵਸ਼ਾਲੀ ਪਾਲਣਾ ਯਕੀਨੀ ਬਣਾਉਣ, ਵਿਭਾਗਾਂ ਵਿਚਕਾਰ ਤਾਲਮੇਲ ਵਧਾਉਣ ਅਤੇ ਕਿਸਾਨਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਮੁਹੱਈਆ ਕਰਵਾਉਣ ਰਾਹੀਂ ਯਤਨਾਂ ਨੂੰ ਹੋਰ ਤੇਜ਼ ਕਰਨ ਲਈ ਪ੍ਰੇਰਿਤ ਕੀਤਾ।

ਕਮਿਸ਼ਨ ਦੀ ਟੀਮ ਨੇ ਜ਼ੋਰ ਦਿੱਤਾ ਕਿ ਪਰਾਲੀ ਦਾ ਵਿਗਿਆਨਕ ਢੰਗ ਨਾਲ ਪ੍ਰਬੰਧਨ ਯਕੀਨੀ ਬਣਾਉਣ ਅਤੇ ਇਨ੍ਹਾਂ ਜ਼ਿਲ੍ਹਿਆਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਦੇ ਅੰਤਿਮ ਟੀਚੇ ਦੀ ਪ੍ਰਾਪਤੀ ਲਈ ਸਾਰੇ ਸਬੰਧਤ ਵਿਭਾਗਾਂ ਦੇ ਨਿਰੰਤਰ ਯਤਨਾਂ ਦੇ ਨਾਲ-ਨਾਲ ਕਿਸਾਨਾਂ ਦੀ ਸਰਗਰਮ ਭਾਗੀਦਾਰੀ ਵੀ ਬੇਹੱਦ ਜ਼ਰੂਰੀ ਹੈ।

ਸੰਗਰੂਰ ਵਿਖੇ ਸਮੀਖਿਆ ਮੀਟਿੰਗ ਸਮਾਪਤ ਕਰਨ ਤੋਂ ਬਾਅਦ ਕਮਿਸ਼ਨ ਦੀ ਟੀਮ ਪਰਾਲੀ ਪ੍ਰਬੰਧਨ ਸਬੰਧੀ ਜ਼ਮੀਨੀ ਪੱਧਰ 'ਤੇ ਕੀਤੇ ਗਏ ਪ੍ਰਬੰਧਾਂ ਅਤੇ ਉਪਰਾਲਿਆਂ ਦਾ ਹੋਰ ਜਾਇਜ਼ਾ ਲੈਣ ਲਈ ਮਾਲੇਰਕੋਟਲਾ ਜ਼ਿਲ੍ਹੇ ਦੇ ਖੇਤਰੀ ਦੌਰੇ 'ਤੇ ਰਵਾਨਾ ਹੋਈ।

ਹਲਕਾ ਜੰਡਿਆਲਾ ਗੁਰੂ ਦੇ ਪਿੰਡ ਖ਼ਾਨਕੋਟ ਤੋਂ 83ਵੀਂ ਤੀਰਥ ਯਾਤਰਾ ਬੱਸ ਸੰਗਤ ਨੂੰ ਲੈ ਕੇ ਰਵਾਨਾ

ਅੰਮ੍ਰਿਤਸਰ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਖ਼ਾਨਕੋਟ ਤੋਂ ਹਲਕੇ ਦੀ 83ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਬੱਸ ਰਾਹੀਂ ਸੰਗਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰੇਗੀ।

ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ ਅਤੇ ਵਾਪਸ ਲਿਆਉਣ ਤੋਂ ਇਲਾਵਾ ਯਾਤਰਾ ਦੌਰਾਨ ਰਹਿਣ-ਸਹਿਣ ਸਮੇਤ ਲੋੜੀਂਦੇ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਸਕਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੀ ਸੰਗਤ ਨੂੰ ਭਰਪੂਰ ਲਾਭ ਮਿਲ ਰਿਹਾ ਹੈ ਅਤੇ ਅੱਜ ਹਲਕੇ ਵਿੱਚੋਂ 83ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਵਾਸੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।

ਤੀਰਥ ਯਾਤਰਾ ਕਰਨ ਵਾਲੇ ਯਾਤਰੂਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਹੈ ਅਤੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ।

ਮਾਨ ਸਰਕਾਰ ਦੇ ਫਾਸਟਟਰੈਕ ਪੋਰਟਲ ਨੇ 'ਈਜ਼ ਆਫ਼ ਡੂਇੰਗ ਬਿਜ਼ਨਸ' ਤਹਿਤ ਨਵੇਂ ਮਾਪਦੰਡ ਸਥਾਪਤ ਕੀਤੇ; 16 ਮਹੀਨਿਆਂ ਵਿੱਚ 20 ਹਜ਼ਾਰ ਤੋਂ ਵੱਧ ਪ੍ਰਵਾਨਗੀਆਂ ਜਾਰੀ

ਚੰਡੀਗੜ੍ਹ, 2 ਨਵੰਬਰ
-ਸੰਜੀਵ ਸ਼ਰਮਾ-

'ਈਜ਼ ਆਫ਼ ਡੂਇੰਗ ਬਿਜ਼ਨਸ' ਵਿੱਚ ਕੌਮੀ ਪੱਧਰ 'ਤੇ ਨਵੇਂ ਮਾਪਦੰਡ ਸਥਾਪਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਫਾਸਟਟਰੈਕ ਪੋਰਟਲ (https://fasttrack.punjab.gov.in) ਇੱਕ ਕ੍ਰਾਂਤੀਕਾਰੀ ਕਦਮ ਸਾਬਤ ਹੋ ਰਿਹਾ ਹੈ, ਜਿਸ ਨੇ ਪੰਜਾਬ ਨੂੰ ਦੇਸ਼ ਭਰ ਵਿੱਚ ਨਿਵੇਸ਼ਕਾਂ ਲਈ ਵਧੇਰੇ ਅਨੁਕੂਲ ਬਣਾ ਦਿੱਤਾ ਹੈ। ਇਹ ਪੋਰਟਲ ਵੱਧ ਤੋਂ ਵੱਧ 45 ਦਿਨਾਂ ਦੇ ਅੰਦਰ ਸਾਰੀਆਂ ਰੈਗੂਲੇਟਰੀ ਪ੍ਰਵਾਨਗੀਆਂ ਤੋਂ ਇਲਾਵਾ ਦੇਰੀ ਦੀ ਸੂਰਤ ਵਿੱਚ 'ਆਟੋਮੈਟਿਕ ਡੀਮਡ ਪ੍ਰਵਾਨਗੀ' ਦੀ ਵਿਵਸਥਾ ਹੈ। 10 ਜੂਨ, 2025 ਨੂੰ ਲਾਂਚ ਕੀਤੇ ਗਏ ਇਸ ਪੋਰਟਲ ਰਾਹੀਂ ਹੁਣ ਤੱਕ 20,417 ਪ੍ਰਵਾਨਗੀਆਂ ਜਾਰੀ ਕੀਤੀਆਂ ਗਈਆਂ ਹਨ।

ਇਸ ਨੂੰ ਸੂਬੇ ਦੇ ਉਦਯੋਗਿਕ ਖੇਤਰ ਲਈ ਇੱਕ ਵੱਡਾ ਸਾਕਾਰਾਤਮਕ ਬਦਲਾਅ ਕਰਾਰ ਦਿੰਦਿਆਂ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਪੋਰਟਲ ਸਿੰਗਲ-ਵਿੰਡੋ ਡਿਜੀਟਲ ਪਲੇਟਫਾਰਮ ਵਜੋਂ ਕੰਮ ਕਰਦਾ ਹੈ, ਜਿਸ ਨਾਲ ਕਾਰੋਬਾਰੀਆਂ ਨੂੰ ਏਕੀਕ੍ਰਿਤ ਪ੍ਰਣਾਲੀ ਰਾਹੀਂ ਸਾਰੀਆਂ ਰੈਗੂਲੇਟਰੀ ਪ੍ਰਵਾਨਗੀਆਂ ਅਤੇ ਸਰਕਾਰੀ ਸੇਵਾਵਾਂ ਆਨਲਾਈਨ ਪ੍ਰਾਪਤ ਹੋ ਰਹੀਆਂ ਹਨ।

ਇਸ ਪੋਰਟਲ ਦੀ ਕਾਰਜਕੁਸ਼ਲਤਾ 'ਤੇ ਚਾਨਣਾ ਪਾਉਂਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਹ ਇੱਕ ਵਧੇਰੇ ਸੁਚਾਰੂ ਦੋ-ਪੜਾਵੀ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਦੀ ਪੇਸ਼ਕਸ਼ ਕਰਦਾ ਹੈ। ਰਜਿਸਟ੍ਰੇਸ਼ਨ ਤੋਂ ਬਾਅਦ, ਨਿਵੇਸ਼ਕ ਨਵੇਂ ਨਿਵੇਸ਼ਾਂ ਲਈ ਅਪਲਾਈ ਕਰਨ, ਮੌਜੂਦਾ ਪ੍ਰਾਜੈਕਟਾਂ ਸਬੰਧੀ ਸੇਵਾਵਾਂ ਲੈਣ, ਈ-ਵਾਲਟ ਲੈਣ-ਦੇਣ ਦੀ ਸਹੂਲਤ ਅਤੇ ਆਪਣੇ ਪ੍ਰਾਜੈਕਟਾਂ ਦੀ ਰੀਅਲ-ਟਾਈਮ ਟਰੈਕਿੰਗ ਵਾਸਤੇ ਸਮਰਪਿਤ ਡੈਸ਼ਬੋਰਡ ਦੀ ਵਰਤੋਂ ਕਰ ਸਕਦੇ ਹਨ।

ਨਵੇਂ ਨਿਵੇਸ਼ਾਂ ਲਈ ਕਾਰੋਬਾਰੀਆਂ ਨੂੰ ਸਾਰੀਆਂ ਲੋੜੀਂਦੀਆਂ ਸੇਵਾਵਾਂ, ਮਨਜ਼ੂਰੀਆਂ ਅਤੇ ਪ੍ਰਵਾਨਗੀਆਂ ਲਈ ਸਿਰਫ਼ ਇੱਕ ਹੀ 'ਕਾਮਨ ਐਪਲੀਕੇਸ਼ਨ ਫਾਰਮ' ਜਮ੍ਹਾਂ ਕਰਵਾਉਣਾ ਪੈਂਦਾ ਹੈ, ਜਿਸ ਨਾਲ ਵੱਖ-ਵੱਖ ਵਿਭਾਗਾਂ ਕੋਲ ਵੱਖਰੇ ਤੌਰ 'ਤੇ ਪਹੁੰਚ ਕਰਨ ਦੀ ਲੋੜ ਖ਼ਤਮ ਹੋ ਗਈ ਹੈ। ਇਹ ਪੋਰਟਲ ਵੱਧ ਤੋਂ ਵੱਧ 45 ਦਿਨਾਂ ਦੇ ਅੰਦਰ ਸਮਾਂਬੱਧ ਪ੍ਰਵਾਨਗੀਆਂ ਯਕੀਨੀ ਬਣਾਉਂਦਾ ਹੈ ਅਤੇ ਵਿਭਾਗੀ ਦੇਰੀ ਹੋਣ 'ਤੇ ਇਸ ਵਿੱਚ ਆਟੋਮੈਟਿਕ ਡੀਮਡ ਪ੍ਰਵਾਨਗੀ ਦੀ ਵਿਵਸਥਾ ਹੈ, ਜੋ ਪ੍ਰਸ਼ਾਸਕੀ ਕੁਸ਼ਲਤਾ ਨੂੰ ਯਕੀਨੀ ਬਣਾਉਣ, ਸਮਾਂ-ਸੀਮਾਵਾਂ ਬਾਰੇ ਸਪੱਸ਼ਟਤਾ ਅਤੇ ਨਿਵੇਸ਼ਕਾਂ ਲਈ ਫ਼ੈਸਲੇ ਲੈਣ ਦੀ ਪ੍ਰਕਿਰਿਆ ਨੂੰ ਤੇਜ਼ ਕਰਦਾ ਹੈ।

ਉਦਯੋਗ ਅਤੇ ਵਣਜ ਮੰਤਰੀ ਨੇ ਕਿਹਾ ਕਿ ਇਹ ਪਲੇਟਫਾਰਮ ਪ੍ਰੋਸੀਜਰਲ ਅੜਿੱਕਿਆਂ ਨੂੰ ਦੂਰ ਕਰਕੇ ਅਤੇ ਪ੍ਰਵਾਨਗੀਆਂ ਵਿੱਚ ਵਧੇਰੇ ਜਵਾਬਦੇਹੀ ਨੂੰ ਯਕੀਨੀ ਬਣਾ ਕੇ ਇੱਕ ਪਾਰਦਰਸ਼ੀ, ਕੁਸ਼ਲ ਅਤੇ ਨਿਵੇਸ਼ਕ-ਪੱਖੀ ਕਾਰੋਬਾਰੀ ਮਾਹੌਲ ਸਿਰਜਣ ਲਈ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਸੰਕਲਪ ਨੂੰ ਦਰਸਾਉਂਦਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ, ਸਾਡੀ ਸਰਕਾਰ ਇੱਕ ਅਜਿਹਾ ਪਾਰਦਰਸ਼ੀ, ਕੁਸ਼ਲ ਅਤੇ ਨਿਵੇਸ਼ਕ-ਪੱਖੀ ਮਾਹੌਲ ਸਿਰਜਣ ਲਈ ਵਚਨਬੱਧ ਹੈ ਜਿੱਥੇ ਕਾਰੋਬਾਰ ਬਿਨਾਂ ਕਿਸੇ ਅੜਿੱਕੇ ਦੇ ਵਧ-ਫੁੱਲ ਸਕਣ। 'ਇਨਵੈਸਟ ਪੰਜਾਬ', ਦੇਸ਼ ਦੀ ਸਰਵੋਤਮ ਇਨਵੈਸਟਮੈਂਟ ਪ੍ਰਮੋਸ਼ਨ ਏਜੰਸੀ ਬਣਨ ਦੇ ਵਿਜ਼ਨ ਨਾਲ ਇਸ ਤਬਦੀਲੀ ਦੀ ਅਗਵਾਈ ਕਰ ਰਿਹਾ ਹੈ। ਫਾਸਟਟਰੈਕ ਪੋਰਟਲ ਸਮਾਂਬੱਧ ਪ੍ਰਵਾਨਗੀਆਂ, ਡਿਜੀਟਲ ਗਵਰਨੈਂਸ ਅਤੇ ਈਜ਼ ਆਫ਼ ਡੂਇੰਗ ਬਿਜ਼ਨਸ ਪ੍ਰਤੀ ਸਾਡੀ ਵਚਨਬੱਧਤਾ ਦਾ ਪ੍ਰਤੱਖ ਸਬੂਤ ਹੈ।

ਉਨ੍ਹਾਂ ਕਿਹਾ ਕਿ ਨਿਵੇਸ਼ ਦੇ ਵਧ ਰਹੇ ਮੁਕਾਬਲੇਬਾਜ਼ੀ ਵਾਲੇ ਦੌਰ ਵਿੱਚ ਫਾਸਟਟਰੈਕ ਪਹਿਲਕਦਮੀ ਇੱਕ ਵੱਡਾ ਕਦਮ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਅਤੇ ਉਦਯੋਗਾਂ ਦਰਮਿਆਨ ਤਾਲਮੇਲ ਨੂੰ ਸਰਲ ਬਣਾਉਣ ਲਈ ਤਕਨਾਲੋਜੀ ਦੀ ਵਰਤੋਂ ਕਰਕੇ, ਪੰਜਾਬ ਸਰਕਾਰ ਨਿਵੇਸ਼ਕਾਂ ਨੂੰ ਗੁੰਝਲਦਾਰ ਪ੍ਰਕਿਰਿਆਵਾਂ ਵਿੱਚ ਉਲਝਣ ਦੀ ਬਜਾਏ ਪ੍ਰਾਜੈਕਟਾਂ ਨੂੰ ਲਾਗੂ ਕਰਨ, ਰੋਜ਼ਗਾਰ ਪੈਦਾ ਕਰਨ ਅਤੇ ਆਪਣੇ ਉੱਦਮ ਦੇ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਦੇ ਯੋਗ ਬਣਾ ਰਹੀ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਪੋਰਟਲ 'ਇਨਵੈਸਟ ਪੰਜਾਬ' ਦੇ ਨਿਵੇਸ਼ ਦੀ ਸਹੂਲਤ ਸਬੰਧੀ ਯਤਨਾਂ ਨੂੰ ਹੋਰ ਮਜ਼ਬੂਤ ਕਰਦਾ ਹੈ ਅਤੇ ਫਾਸਟਟਰੈਕ ਪੋਰਟਲ ਵਰਗੀਆਂ ਪਹਿਲਕਦਮੀਆਂ ਰਾਹੀਂ ਪੰਜਾਬ ਨਵੇਂ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ, ਮੌਜੂਦਾ ਉੱਦਮਾਂ ਨੂੰ ਸਹਿਯੋਗ ਦੇਣ ਅਤੇ ਨਿਰੰਤਰ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਇੱਕ ਮਜ਼ਬੂਤ ਸੰਸਥਾਗਤ ਢਾਂਚਾ ਤਿਆਰ ਕਰ ਰਿਹਾ ਹੈ।

ਸ੍ਰੀ ਅਰੋੜਾ ਨੇ ਕਿਹਾ ਕਿ ਜਿੱਥੇ ਪੰਜਾਬ ਵੱਖ-ਵੱਖ ਖੇਤਰਾਂ ਵਿੱਚ ਸਰਗਰਮੀ ਨਾਲ ਨਿਵੇਸ਼ ਲਿਆ ਰਿਹਾ ਹੈ, ਉੱਥੇ ਹੀ ਫਾਸਟਟਰੈਕ ਪੋਰਟਲ ਇੱਕ ਅਜਿਹੇ ਪ੍ਰਗਤੀਸ਼ੀਲ ਪ੍ਰਸ਼ਾਸਨਿਕ ਸੁਧਾਰ ਵਜੋਂ ਉੱਭਰਿਆ ਹੈ ਜੋ ਰੈਗੂਲੇਟਰੀ ਪ੍ਰਵਾਨਗੀ ਪ੍ਰਕਿਰਿਆ ਵਿੱਚ ਵਧੇਰੇ ਸਰਲਤਾ, ਸਪੱਸ਼ਟਤਾ ਅਤੇ ਕੁਸ਼ਲਤਾ ਲਿਆਉਂਦਾ ਹੈ।

10 ਮੀਟਰ ਏਅਰ ਪਿਸਟਲ ਸ਼ੂਟਿੰਗ ਵਿੱਚ ਕਨਿਸ਼ਕਾ ਨੇ ਵਧਾਇਆ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦਾ ਮਾਣ

ਅਮਲੋਹ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਛੋਟੇ ਸ਼ਹਿਰਾਂ ਵਿੱਚ ਵੀ ਹੁਨਰ ਦੀ ਕੋਈ ਕਮੀ ਨਹੀਂ ਹੁੰਦੀ, ਲੋੜ ਹੁੰਦੀ ਹੈ ਤਾਂ ਸਿਰਫ਼ ਸਹੀ ਮਾਰਗਦਰਸ਼ਨ, ਹੌਸਲਾ ਅਫ਼ਜ਼ਾਈ ਅਤੇ ਮੌਕਿਆਂ ਦੀ। ਇਸ ਗੱਲ ਨੂੰ ਸੱਚ ਸਾਬਤ ਕਰਦਿਆਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੀ 15 ਸਾਲਾ ਧੀ ਕਨਿਸ਼ਕਾ ਨੇ ਸ਼ੂਟਿੰਗ ਦੇ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ।

ਕਨਿਸ਼ਕਾ ਨੇ ਦੇਹਰਾਦੂਨ ਵਿਖੇ ਕਰਵਾਈ ਗਈ ਪ੍ਰੀ-ਨੈਸ਼ਨਲ ਮਲਟੀ-ਟਾਰਗੇਟ ਸ਼ੂਟਿੰਗ ਚੈਂਪੀਅਨਸ਼ਿਪ ਦੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ ਲਈ ਕੁਆਲੀਫਾਈ ਕਰ ਲਿਆ ਹੈ। ਇਹ ਮੁਕਾਬਲਾ ਨੈਸ਼ਨਲ ਰਾਈਫਲ ਐਸੋਸੀਏਸ਼ਨ ਆਫ ਇੰਡੀਆ (NRAI) ਦੇ ਅਧੀਨ ਕਰਵਾਇਆ ਜਾਂਦਾ ਹੈ।

ਕਨਿਸ਼ਕਾ ਦੀ ਇਸ ਪ੍ਰਾਪਤੀ ਨਾਲ ਪਰਿਵਾਰ, ਇਲਾਕੇ ਅਤੇ ਜ਼ਿਲ੍ਹੇ ਵਿੱਚ ਖ਼ੁਸ਼ੀ ਦੀ ਲਹਿਰ ਹੈ। ਮਹਿਜ਼ 15 ਸਾਲ ਦੀ ਉਮਰ ਵਿੱਚ ਕੌਮੀ ਪੱਧਰ ਦੇ ਮੁਕਾਬਲੇ ਲਈ ਚੁਣੇ ਜਾਣਾ ਉਸ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਖੇਡ ਪ੍ਰਤੀ ਸਮਰਪਣ ਨੂੰ ਦਰਸਾਉਂਦਾ ਹੈ। ਹੁਣ ਕਨਿਸ਼ਕਾ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਹਿੱਸਾ ਲੈ ਕੇ ਦੇਸ਼ ਭਰ ਦੇ ਖਿਡਾਰੀਆਂ ਵਿਚਕਾਰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰੇਗੀ ਅਤੇ ਜ਼ਿਲ੍ਹੇ ਦੀ ਨੁਮਾਇੰਦਗੀ ਕਰੇਗੀ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਨਿਸ਼ਕਾ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਦੀ ਧੀ ਨੇ ਸਖ਼ਤ ਮਿਹਨਤ ਅਤੇ ਲਗਾਤਾਰ ਅਭਿਆਸ ਦੇ ਦਮ 'ਤੇ ਇਹ ਮੁਕਾਮ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਜਿਹੇ ਬਹੁਤ ਸਾਰੇ ਹੋਣਹਾਰ ਬੱਚੇ ਹਨ, ਜਿਨ੍ਹਾਂ ਵਿੱਚ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਦੀ ਸਮਰੱਥਾ ਹੈ, ਪਰ ਆਰਥਿਕ ਸਾਧਨਾਂ ਅਤੇ ਲੋੜੀਂਦੀਆਂ ਸਹੂਲਤਾਂ ਦੀ ਘਾਟ ਕਈ ਵਾਰ ਉਨ੍ਹਾਂ ਦੀ ਤਰੱਕੀ ਵਿੱਚ ਰੁਕਾਵਟ ਬਣ ਜਾਂਦੀ ਹੈ।

ਉਨ੍ਹਾਂ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਅਜਿਹੇ ਹੋਣਹਾਰ ਖਿਡਾਰੀਆਂ ਨੂੰ ਥੋੜ੍ਹੀ ਜਿਹੀ ਆਰਥਿਕ ਮਦਦ, ਵਧੀਆ ਸਿਖਲਾਈ ਅਤੇ ਲੋੜੀਂਦੀਆਂ ਖੇਡ ਸਹੂਲਤਾਂ ਮੁਹੱਈਆ ਕਰਵਾਏ ਤਾਂ ਇਹ ਬੱਚੇ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਦੇਸ਼ ਲਈ ਤਗਮੇ ਜਿੱਤਣ ਦੀ ਸਮਰੱਥਾ ਰੱਖਦੇ ਹਨ। ਖੇਡ ਪ੍ਰਤਿਭਾਵਾਂ ਨੂੰ ਸਮੇਂ ਸਿਰ ਉਤਸ਼ਾਹਿਤ ਕਰਨਾ ਬਹੁਤ ਜ਼ਰੂਰੀ ਹੈ, ਤਾਂ ਜੋ ਕਿਸੇ ਵੀ ਬੱਚੇ ਦਾ ਹੁਨਰ ਸਾਧਨਾਂ ਦੀ ਘਾਟ ਕਾਰਨ ਪਿੱਛੇ ਨਾ ਰਹਿ ਜਾਵੇ।

ਕਨਿਸ਼ਕਾ ਦੀ ਇਹ ਪ੍ਰਾਪਤੀ ਨਾ ਸਿਰਫ਼ ਉਸ ਦੇ ਪਰਿਵਾਰ ਲਈ ਮਾਣ ਵਾਲੀ ਗੱਲ ਹੈ, ਸਗੋਂ ਜ਼ਿਲ੍ਹੇ ਦੀਆਂ ਹੋਰ ਧੀਆਂ ਅਤੇ ਨੌਜਵਾਨ ਖਿਡਾਰੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਉਸ ਦੀ ਆਉਣ ਵਾਲੀ ਨੈਸ਼ਨਲ ਚੈਂਪੀਅਨਸ਼ਿਪ 'ਤੇ ਟਿਕੀਆਂ ਹੋਈਆਂ ਹਨ, ਜਿੱਥੇ ਉਹ ਆਪਣੇ ਪ੍ਰਦਰਸ਼ਨ ਨਾਲ ਇੱਕ ਹੋਰ ਪ੍ਰਾਪਤੀ ਦਰਜ ਕਰਨ ਦੇ ਇਰਾਦੇ ਨਾਲ ਮੈਦਾਨ ਵਿੱਚ ਉਤਰੇਗੀ।

ਆਂਗਣਵਾੜੀ ਵਰਕਰਾਂ ਨੇ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਵਿੱਚ ਅਹਿਮ ਭੂਮਿਕਾ ਨਿਭਾਈ: ਦਲਵੀਰ ਸਿੰਘ ਢਿੱਲੋਂ

ਧੂਰੀ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਦੇ ਸਨਮਾਨ ਅਤੇ ਧੰਨਵਾਦ ਲਈ ਸਥਾਨਕ ਸਨਾਤਨ ਧਰਮਸ਼ਾਲਾ, ਧੂਰੀ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮਿਹਨਤ, ਲਗਨ ਅਤੇ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ।

ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ



ਆਂਗਣਵਾੜੀ ਵਰਕਰਾਂ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਰਕਰਾਂ ਦੀ ਮਿਹਨਤ ਅਤੇ ਸਮਰਪਣ ਨੂੰ ਮਾਨਤਾ ਦਿੰਦਿਆਂ ਸਰਕਾਰ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਮਾਣ-ਭੱਤਾ ਦਿੱਤਾ ਜਾ ਰਿਹਾ ਹੈ, ਜੋ ਦੀਵਾਲੀ ਤੋਂ ਪਹਿਲਾਂ ਸਾਰੀਆਂ ਆਂਗਣਵਾੜੀ ਵਰਕਰਾਂ ਨੂੰ ਪ੍ਰਦਾਨ ਕਰ ਦਿੱਤਾ ਜਾਵੇਗਾ।

ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਨੇ ਘਰ-ਘਰ ਤੱਕ ਪਹੁੰਚ ਕਰਕੇ ਯੋਜਨਾ ਦੀ ਜਾਣਕਾਰੀ ਦੇਣ ਅਤੇ ਯੋਗ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕਰਵਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਰਕਰਾਂ ਦੀ ਮਿਹਨਤ ਸਦਕਾ ਸਰਕਾਰ ਦੀ ਇਸ ਭਲਾਈ ਯੋਜਨਾ ਦਾ ਲਾਭ ਵੱਧ ਤੋਂ ਵੱਧ ਮਹਿਲਾਵਾਂ ਤੱਕ ਪਹੁੰਚਾਉਣ ਵਿੱਚ ਮਦਦ ਮਿਲੀ ਹੈ। ਉਨ੍ਹਾਂ ਸਮੂਹ ਆਂਗਣਵਾੜੀ ਵਰਕਰਾਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ ਨੇ ਕਿਹਾ ਕਿ ਮਹਿਲਾਵਾਂ ਦਾ ਸਨਮਾਨ ਅਤੇ ਉਨ੍ਹਾਂ ਨੂੰ ਆਰਥਿਕ ਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣਾ ਸਮਾਜ ਦੀ ਤਰੱਕੀ ਲਈ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਮਹਿਲਾਵਾਂ ਦੀ ਭਲਾਈ ਨਾਲ ਜੁੜਿਆ ਅਹਿਮ ਉਪਰਾਲਾ ਹੈ ਅਤੇ ਇਸ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਆਂਗਣਵਾੜੀ ਵਰਕਰਾਂ ਵੱਲੋਂ ਨਿਭਾਈ ਗਈ ਜ਼ਿੰਮੇਵਾਰੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਰਕਰਾਂ ਦੀ ਹੌਸਲਾ ਅਫ਼ਜ਼ਾਈ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸਮਾਜਿਕ ਯੋਗਦਾਨ ਨੂੰ ਮਾਨਤਾ ਦੇਣ ਦਾ ਵੀ ਵਧੀਆ ਮੌਕਾ ਹਨ।

ਪ੍ਰਧਾਨ ਨਗਰ ਕੌਂਸਲ ਧੂਰੀ ਅਮਰਜੋਤ ਕੌਰ ਬਾਜਵਾ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਸਮਾਜ ਦੇ ਹਰ ਵਰਗ ਨਾਲ ਜੁੜੀਆਂ ਹੋਈਆਂ ਹਨ ਅਤੇ ਸਰਕਾਰੀ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਕੜੀ ਵਜੋਂ ਕੰਮ ਕਰਦੀਆਂ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਦੌਰਾਨ ਵਰਕਰਾਂ ਵੱਲੋਂ ਦਿਖਾਈ ਗਈ ਮਿਹਨਤ, ਜ਼ਿੰਮੇਵਾਰੀ ਅਤੇ ਸਮਰਪਣ ਸ਼ਲਾਘਾਯੋਗ ਹੈ। ਉਨ੍ਹਾਂ ਸਮੂਹ ਆਂਗਣਵਾੜੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸੇਵਾ ਅਤੇ ਯੋਗਦਾਨ ਦੀ ਕਦਰ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਗੱਠਾਂ ਬਣਾ ਕੇ ਸੁਚੱਜਾ ਪ੍ਰਬੰਧਨ ਕਰਨ ਕਿਸਾਨ : ਐਸ.ਡੀ.ਐਮ.

ਮਲੇਰਕੋਟਲਾ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਰੋਕਣ ਅਤੇ ਕਿਸਾਨਾਂ ਨੂੰ ਫ਼ਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਪ੍ਰਤੀ ਜਾਗਰੂਕ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਐਸ.ਡੀ.ਐਮ. ਅਮਰਗੜ੍ਹ ਰਾਜੇਸ਼ ਕੁਮਾਰ ਸ਼ਰਮਾ ਵੱਲੋਂ ਬਲਾਕ ਅਮਰਗੜ੍ਹ ਦੇ ਪਿੰਡ ਤੋਲੇਵਾਲ ਵਿਖੇ ਖੇਤਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਸਾੜਨ ਦੀ ਬਜਾਏ ਬੇਲਰ ਮਸ਼ੀਨਾਂ ਰਾਹੀਂ ਇਸ ਦੀਆਂ ਗੱਠਾਂ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਐਸ.ਡੀ.ਐਮ. ਰਾਜੇਸ਼ ਕੁਮਾਰ ਸ਼ਰਮਾ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਉੱਥੇ ਹੀ ਜ਼ਮੀਨ ਵਿਚਲੇ ਲਾਭਦਾਇਕ ਸੂਖਮ ਜੀਵਾਂ ਦਾ ਨੁਕਸਾਨ ਹੁੰਦਾ ਹੈ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਵੀ ਪ੍ਰਭਾਵਿਤ ਹੁੰਦੀ ਹੈ। ਇਸ ਤੋਂ ਇਲਾਵਾ ਧੂੰਏਂ ਕਾਰਨ ਲੋਕਾਂ ਨੂੰ ਸਾਹ ਸਬੰਧੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਧੁਨਿਕ ਖੇਤੀਬਾੜੀ ਮਸ਼ੀਨਰੀ ਦੀ ਵਰਤੋਂ ਕਰਕੇ ਪਰਾਲੀ ਦੀਆਂ ਗੱਠਾਂ ਤਿਆਰ ਕਰਨ, ਤਾਂ ਜੋ ਇਸ ਦਾ ਵਾਤਾਵਰਣ ਪੱਖੀ ਢੰਗ ਨਾਲ ਨਿਪਟਾਰਾ ਅਤੇ ਉਦਯੋਗਿਕ ਵਰਤੋਂ ਸੰਭਵ ਹੋ ਸਕੇ।

ਅਕਤੂਬਰ ਮਹੀਨੇ ਕੌਮੀ ਪੱਧਰ 'ਤੇ ਐੱਸ.ਜੀ.ਐੱਸ.ਟੀ. ਦੇ 14% ਵਾਧੇ ਦੇ ਮੁਕਾਬਲੇ ਪੰਜਾਬ ਦੀ ਐੱਸ.ਜੀ.ਐੱਸ.ਟੀ. ਨਕਦ ਪ੍ਰਾਪਤੀ ਵਿੱਚ 28% ਦਾ ਸ਼ਾਨਦਾਰ ਵਾਧਾ ਦਰਜ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ 2 ਨਵੰਬਰ
-ਛਤਰਪਾਲ ਸਿੰਘ-

ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਐਲਾਨ ਕੀਤਾ ਕਿ ਪੰਜਾਬ ਨੇ ਅਕਤੂਬਰ 2026 ਦੌਰਾਨ ਸਟੇਟ ਗੁੱਡਜ਼ ਐਂਡ ਸਰਵਿਸਿਜ਼ ਟੈਕਸ (ਐੱਸ.ਜੀ.ਐੱਸ.ਟੀ.) ਦੀ ਨਕਦ ਪ੍ਰਾਪਤੀ ਵਿੱਚ 28.29 ਫ਼ੀਸਦੀ ਦਾ ਬੇਮਿਸਾਲ ਵਾਧਾ ਦਰਜ ਕੀਤਾ ਹੈ, ਜਦਕਿ ਕੌਮੀ ਪੱਧਰ 'ਤੇ ਐੱਸ.ਜੀ.ਐੱਸ.ਟੀ. ਪ੍ਰਾਪਤੀ ਵਿੱਚ ਲਗਭਗ 14 ਫ਼ੀਸਦੀ ਦਾ ਵਾਧਾ ਰਿਹਾ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਮਾਲੀਆ ਇਕੱਠਾ ਕਰਨ ਦੇ ਯਤਨਾਂ ਨੂੰ ਮਜ਼ਬੂਤ ਕਰਨ, ਕਰ ਪਾਲਣਾ ਵਿੱਚ ਸੁਧਾਰ ਲਿਆਉਣ ਅਤੇ ਕਰ ਚੋਰੀ ਰੋਕਣ ਲਈ ਸੂਬਾ ਸਰਕਾਰ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦੀ ਹੈ।

ਕਰ ਪ੍ਰਾਪਤੀ ਦੇ ਤਾਜ਼ਾ ਅੰਕੜਿਆਂ ਦਾ ਖ਼ੁਲਾਸਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਪੰਜਾਬ ਦੀ ਐੱਸ.ਜੀ.ਐੱਸ.ਟੀ. ਨਕਦ ਪ੍ਰਾਪਤੀ ਅਕਤੂਬਰ 2025 ਦੇ 803.07 ਕਰੋੜ ਰੁਪਏ ਤੋਂ ਵਧ ਕੇ ਅਕਤੂਬਰ 2026 ਵਿੱਚ 1,030.29 ਕਰੋੜ ਰੁਪਏ ਹੋ ਗਿਆ ਹੈ, ਜਿਸ ਨਾਲ 227.22 ਕਰੋੜ ਰੁਪਏ ਦੀ ਵਾਧੂ ਪ੍ਰਾਪਤੀ ਅਤੇ 28.29 ਫ਼ੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ।

ਇਸ ਪ੍ਰਾਪਤੀ 'ਤੇ ਚਾਨਣਾ ਪਾਉਂਦਿਆਂ ਵਿੱਤ ਮੰਤਰੀ ਚੀਮਾ ਨੇ ਦੱਸਿਆ, ਅਪ੍ਰੈਲ ਮਹੀਨੇ ਵਿੱਚ ਲਗਭਗ 1,182 ਕਰੋੜ ਰੁਪਏ ਦੀ ਪ੍ਰਾਪਤੀ ਤੋਂ ਬਾਅਦ, ਪੰਜਾਬ ਨੇ ਸਾਲ 2026 ਦੌਰਾਨ ਦੂਜੀ ਵਾਰ 1,000 ਕਰੋੜ ਰੁਪਏ ਦੀ ਐੱਸ.ਜੀ.ਐੱਸ.ਟੀ. ਨਕਦ ਪ੍ਰਾਪਤੀ ਦੇ ਮੀਲ ਪੱਥਰ ਨੂੰ ਪਾਰ ਕੀਤਾ ਹੈ। ਉਨ੍ਹਾਂ ਕਿਹਾ ਕਿ 2017 ਵਿੱਚ ਜੀ.ਐੱਸ.ਟੀ. ਲਾਗੂ ਹੋਣ ਤੋਂ ਬਾਅਦ ਇਹ ਪਹਿਲੀ ਵਾਰ ਹੈ ਜਦੋਂ ਪੰਜਾਬ ਨੇ ਅਕਤੂਬਰ ਮਹੀਨੇ ਦੌਰਾਨ 1,000 ਕਰੋੜ ਰੁਪਏ ਤੋਂ ਵੱਧ ਦੀ ਐੱਸ.ਜੀ.ਐੱਸ.ਟੀ. ਨਕਦ ਪ੍ਰਾਪਤੀ ਹਾਸਲ ਕੀਤੀ ਹੈ।

ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਅਕਤੂਬਰ 2026 ਦੌਰਾਨ ਪੰਜਾਬ ਦੀ ਕੁੱਲ ਜੀ.ਐੱਸ.ਟੀ. ਪ੍ਰਾਪਤੀ 2,716.60 ਕਰੋੜ ਰੁਪਏ ਤੱਕ ਪਹੁੰਚ ਗਈ, ਜਦਕਿ ਅਕਤੂਬਰ 2025 ਦੌਰਾਨ ਇਹ 2,393.22 ਕਰੋੜ ਰੁਪਏ ਸੀ, ਜਿਸ ਵਿੱਚ 323.38 ਕਰੋੜ ਦਾ ਵਾਧਾ ਅਤੇ ਲਗਭਗ 14 ਫ਼ੀਸਦੀ ਦੀ ਵਾਧਾ ਦਰ ਦਰਜ ਕੀਤੀ ਗਈ।

ਮੌਜੂਦਾ ਵਿੱਤੀ ਵਰ੍ਹੇ ਦੌਰਾਨ ਕੌਮੀ ਰੁਝਾਨ ਦੇ ਮੁਕਾਬਲੇ ਪੰਜਾਬ ਦੀ ਮਜ਼ਬੂਤ ਕਾਰਗੁਜ਼ਾਰੀ ਬਾਰੇ ਗੱਲ ਕਰਦਿਆਂ ਚੀਮਾ ਨੇ ਕਿਹਾ, ਸੂਬੇ ਦੇ ਕੁੱਲ ਸੰਚਤ ਜੀ.ਐੱਸ.ਟੀ. ਮਾਲੀਏ ਵਿੱਚ ਅਪ੍ਰੈਲ-ਅਕਤੂਬਰ 2026 ਦੌਰਾਨ 16.39 ਫ਼ੀਸਦੀ ਦਾ ਵਾਧਾ ਦਰਜ ਹੋਇਆ ਹੈ, ਜਦਕਿ ਇਸੇ ਅਰਸੇ ਦੌਰਾਨ ਕੌਮੀ ਪੱਧਰ 'ਤੇ ਕੁੱਲ ਜੀ.ਐੱਸ.ਟੀ. ਵਾਧਾ ਲਗਭਗ 15 ਫ਼ੀਸਦੀ ਰਿਹਾ। ਉਨ੍ਹਾਂ ਕਿਹਾ ਕਿ ਪੰਜਾਬ ਦਾ ਲਗਾਤਾਰ ਵੱਧ ਰਿਹਾ ਮਾਲੀਆ ਬਿਹਤਰ ਨਿਗਰਾਨੀ, ਤਕਨਾਲੋਜੀ-ਅਧਾਰਿਤ ਪੜਤਾਲ ਅਤੇ ਮਜ਼ਬੂਤ ਪ੍ਰਸ਼ਾਸਨ ਦੀ ਕਾਰਜਕੁਸ਼ਲਤਾ ਦਾ ਪ੍ਰਤੱਖ ਪ੍ਰਮਾਣ ਹੈ।

ਸੰਚਤ ਕਾਰਗੁਜ਼ਾਰੀ ਦੇ ਵੇਰਵੇ ਸਾਂਝੇ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਅਪ੍ਰੈਲ-ਅਕਤੂਬਰ 2026 ਦੌਰਾਨ ਪੰਜਾਬ ਦੀ ਕੁੱਲ ਜੀ.ਐੱਸ.ਟੀ. ਪ੍ਰਾਪਤੀ 18,047.68 ਕਰੋੜ ਰੁਪਏ ਤੱਕ ਪਹੁੰਚ ਗਿਆ, ਜਦਕਿ ਪਿਛਲੇ ਵਿੱਤੀ ਸਾਲ ਦੇ ਇਸੇ ਅਰਸੇ ਦੌਰਾਨ ਇਹ 15,505.66 ਕਰੋੜ ਰੁਪਏ ਸੀ, ਜਿਸ ਨਾਲ 2,542.02 ਕਰੋੜ ਰੁਪਏ ਦੀ ਵਾਧੂ ਪ੍ਰਾਪਤੀ ਦਰਜ ਕੀਤੀ ਗਈ।



ਵੈਟ ਅਤੇ ਸੀ.ਐੱਸ.ਟੀ. ਅਧੀਨ ਸ਼ਾਨਦਾਰ ਕਾਰਗੁਜ਼ਾਰੀ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਖ਼ੁਲਾਸਾ ਕੀਤਾ ਕਿ ਅਕਤੂਬਰ 2026 ਦੌਰਾਨ ਇਹਨਾਂ ਦੋਹਾਂ ਟੈਕਸ ਮੱਦਾਂ ਅਧੀਨ ਸਾਂਝਾ ਸੰਗ੍ਰਹਿ 23.76 ਫ਼ੀਸਦੀ ਵਧ ਕੇ 763.49 ਕਰੋੜ ਰੁਪਏ ਹੋ ਗਿਆ, ਜੋ ਅਕਤੂਬਰ 2025 ਦੌਰਾਨ 616.93 ਕਰੋੜ ਰੁਪਏ ਸੀ। ਉਨ੍ਹਾਂ ਦੱਸਿਆ ਕਿ ਇਹ 146.56 ਕਰੋੜ ਰੁਪਏ ਦੇ ਵਾਧੂ ਮਾਲੀਏ ਨੂੰ ਦਰਸਾਉਂਦਾ ਹੈ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਜੀ.ਐੱਸ.ਟੀ., ਵੈਟ ਅਤੇ ਸੀ.ਐੱਸ.ਟੀ. ਵਿੱਚ ਹੋਇਆ ਇਹ ਉਤਸ਼ਾਹਜਨਕ ਵਾਧਾ ਬਿਹਤਰ ਨਿਗਰਾਨੀ, ਨਿਯਮਾਂ ਦੀ ਪਾਲਣਾ ਅਤੇ ਪ੍ਰਭਾਵਸ਼ਾਲੀ ਪ੍ਰਸ਼ਾਸਨਿਕ ਕਦਮਾਂ ਰਾਹੀਂ ਸਾਰੇ ਪ੍ਰਮੁੱਖ ਕਰ ਸਾਧਨਾਂ ਤੋਂ ਮਾਲੀਆ ਵਧਾਉਣ ਲਈ ਪੰਜਾਬ ਸਰਕਾਰ ਦੀ ਵਿਆਪਕ ਪਹੁੰਚ ਨੂੰ ਦਰਸਾਉਂਦਾ ਹੈ।

ਵਿਭਾਗ ਦੀਆਂ ਤੇਜ਼ ਕੀਤੀਆਂ ਗਈਆਂ ਇਨਫੋਰਸਮੈਂਟ ਗਤੀਵਿਧੀਆਂ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਦੱਸਿਆ ਕਿ ਆਬਕਾਰੀ ਤੇ ਕਰ ਵਿਭਾਗ ਨੇ ਅਕਤੂਬਰ 2026 ਦੌਰਾਨ ਕਰ ਚੋਰੀ, ਵਸਤਾਂ ਦੀ ਨਿਯਮਾਂ ਦੇ ਉਲਟ ਢੋਆ-ਢੁਆਈ, ਜਾਅਲੀ ਬਿਲਿੰਗ ਅਤੇ ਜੀ.ਐੱਸ.ਟੀ. ਨਿਯਮਾਂ ਦੀਆਂ ਹੋਰ ਉਲੰਘਣਾਵਾਂ ਵਿਰੁੱਧ ਲਗਾਤਾਰ ਕਾਰਵਾਈ ਕਰਦੇ ਹੋਏ 111.12 ਕਰੋੜ ਰੁਪਏ ਦੇ ਜੁਰਮਾਨੇ ਲਗਾਏ ਹਨ।

ਉਨ੍ਹਾਂ ਕਿਹਾ ਕਿ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਾਂ (ਸਿਪੂ), ਮੋਬਾਈਲ ਵਿੰਗਾਂ ਅਤੇ ਫੀਲਡ ਟੀਮਾਂ ਨੇ ਖੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਸੜਕਾਂ 'ਤੇ ਚੈਕਿੰਗ, ਨਿਰੀਖਣ ਅਤੇ ਸ਼ੱਕੀ ਲੈਣ-ਦੇਣ ਦੀ ਜਾਂਚ ਤੇਜ਼ ਕਰ ਦਿੱਤੀ ਹੈ। ਵਿੱਤ ਮੰਤਰੀ ਚੀਮਾ ਨੇ ਕਿਹਾ, ਜਾਅਲੀ ਇਨਪੁਟ ਟੈਕਸ ਕ੍ਰੈਡਿਟ, ਈ-ਵੇਅ ਬਿੱਲਾਂ ਦੀ ਦੁਰਵਰਤੋਂ ਅਤੇ ਬਿਨਾਂ ਅਸਲ ਵਪਾਰਕ ਲੈਣ-ਦੇਣ ਦੇ ਵਸਤਾਂ ਦੀ ਢੋਆ-ਢੁਆਈ ਨੂੰ ਫੜਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

ਲੁਧਿਆਣਾ ਦੀ ਬਾਲਾਜੀ ਟਰਾਂਸਪੋਰਟ ਕੰਪਨੀ ਨਾਲ ਸਬੰਧਤ ਵੱਡੇ ਜੀ.ਐੱਸ.ਟੀ. ਫਰਾਡ ਨੈੱਟਵਰਕ ਦਾ ਹਵਾਲਾ ਦਿੰਦਿਆਂ ਵਿੱਤ ਮੰਤਰੀ ਨੇ ਦੱਸਿਆ ਕਿ ਵਿਭਾਗ ਨੇ ਇਸ ਮਾਮਲੇ ਦੇ ਸਬੰਧ ਵਿੱਚ 20 ਕਰੋੜ ਰੁਪਏ ਦਾ ਟੈਕਸ ਵਸੂਲ ਕੀਤਾ ਹੈ।

ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਪਹਿਲਾਂ ਕੀਤੀ ਗਈ ਜਾਂਚ ਵਿੱਚ ਲਗਭਗ 62 ਆਪਸ ਵਿੱਚ ਜੁੜੀਆਂ ਫਰਮਾਂ ਦੇ ਸ਼ੱਕੀ ਮਲਟੀ-ਸਟੇਟ ਜੀ.ਐੱਸ.ਟੀ. ਫਰਾਡ ਨੈੱਟਵਰਕ ਦਾ ਪਰਦਾਫਾਸ਼ ਹੋਇਆ ਸੀ, ਜਿਸ ਵਿੱਚ 400 ਕਰੋੜ ਰੁਪਏ ਤੋਂ ਵੱਧ ਦੀ ਕਰ ਚੋਰੀ ਦਾ ਸ਼ੱਕ ਸੀ। ਉਨ੍ਹਾਂ ਕਿਹਾ, ਇਹ ਨੈੱਟਵਰਕ ਜਾਅਲੀ ਚਲਾਨਾਂ ਅਤੇ ਈ-ਵੇਅ ਬਿੱਲਾਂ ਰਾਹੀਂ ਬਿਨਾਂ ਹਿਸਾਬ-ਕਿਤਾਬ ਵਾਲੀਆਂ ਵਸਤਾਂ ਦੀ ਢੋਆ-ਢੁਆਈ ਵਿੱਚ ਸਹਾਇਤਾ ਕਰ ਰਿਹਾ ਸੀ, ਜਿਸ ਵਿੱਚ ਅਜਿਹੇ ਲੈਣ-ਦੇਣ ਵੀ ਸ਼ਾਮਲ ਸਨ ਜਿੱਥੇ ਕਥਿਤ ਮਾਲ ਪ੍ਰਾਪਤਕਰਤਾਵਾਂ ਨੇ ਆਰਡਰ ਦੇਣ ਜਾਂ ਮਾਲ ਪ੍ਰਾਪਤ ਕਰਨ ਤੋਂ ਇਨਕਾਰ ਕਰ ਦਿੱਤਾ ਸੀ।

ਵਿੱਤ ਮੰਤਰੀ ਨੇ ਅੱਗੇ ਖ਼ੁਲਾਸਾ ਕੀਤਾ ਕਿ ਈ-ਵੇਅ ਬਿੱਲ ਲੈਣ-ਦੇਣ ਦੇ ਵਿਸਤ੍ਰਿਤ ਵਿਸ਼ਲੇਸ਼ਣ ਅਤੇ ਅਗਲੇਰੀ ਜਾਂਚ ਤੋਂ ਬਾਅਦ ਉਸੇ ਮਾਲ ਭੇਜਣ ਵਾਲੀਆਂ ਅਤੇ ਪ੍ਰਾਪਤ ਕਰਨ ਵਾਲੀਆਂ ਫਰਮਾਂ ਦੇ ਨੈੱਟਵਰਕ ਰਾਹੀਂ ਕੰਮ ਕਰ ਰਹੇ ਚਾਰ ਹੋਰ ਟਰਾਂਸਪੋਰਟਰਾਂ ਦੀ ਸ਼ੱਕੀ ਸ਼ਮੂਲੀਅਤ ਸਾਹਮਣੇ ਆਈ ਹੈ।

ਉਨ੍ਹਾਂ ਦੱਸਿਆ ਕਿ ਇਹ ਟਰਾਂਸਪੋਰਟਰ ਵੀ ਬਿਨਾਂ ਕਿਸੇ ਅਸਲ ਲੈਣ-ਦੇਣ ਅਤੇ ਟੈਕਸ ਪਾਲਣਾ ਦੇ ਈ-ਵੇਅ ਬਿੱਲਾਂ ਦੀ ਵਰਤੋਂ ਕਰਕੇ ਮਾਲ ਦੀ ਢੋਆ-ਢੁਆਈ ਕਰਵਾਉਣ ਦਾ ਉਹੀ ਧੋਖਾਧੜੀ ਵਾਲਾ ਤਰੀਕਾ ਅਪਨਾ ਰਹੇ ਸਨ। ਪੜਤਾਲ ਉਪਰੰਤ, ਇਸੇ ਫਰਾਡ ਕੇਸ ਦੇ ਸਬੰਧ ਵਿੱਚ ਚਾਰ ਹੋਰ ਟਰਾਂਸਪੋਰਟਰਾਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ, ਜਿਸ ਨਾਲ ਚੱਲ ਰਹੀ ਜਾਂਚ ਦਾ ਦਾਇਰਾ ਹੋਰ ਵਧ ਗਿਆ ਹੈ।

ਪੰਜਾਬ ਦੀ ਮਾਲੀਆ ਕਾਰਗੁਜ਼ਾਰੀ 'ਤੇ ਟਿੱਪਣੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਕੌਮੀ ਪੱਧਰ 'ਤੇ ਐੱਸ.ਜੀ.ਐੱਸ.ਟੀ. ਦੇ ਲਗਭਗ 14 ਫ਼ੀਸਦੀ ਦੇ ਵਾਧੇ ਦੇ ਮੁਕਾਬਲੇ ਪੰਜਾਬ ਦੇ ਐੱਸ.ਜੀ.ਐੱਸ.ਟੀ. ਨਕਦ ਸੰਗ੍ਰਹਿ ਵਿੱਚ ਅਕਤੂਬਰ ਦੌਰਾਨ 28 ਫ਼ੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ ਹੈ। ਇਹ ਉਤਸ਼ਾਹਜਨਕ ਕਾਰਗੁਜ਼ਾਰੀ ਅਤੇ ਇਸ ਸਾਲ ਦੂਜੀ ਵਾਰ 1,000 ਕਰੋੜ ਰੁਪਏ ਦੇ ਐੱਸ.ਜੀ.ਐੱਸ.ਟੀ. ਨਕਦ ਸੰਗ੍ਰਹਿ ਦੇ ਮੀਲ ਪੱਥਰ ਨੂੰ ਪਾਰ ਕਰਨਾ, ਕਰ ਪਾਲਣਾ ਵਿੱਚ ਸੁਧਾਰ ਅਤੇ ਮਾਲੀਆ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ ਲਈ ਸਾਡੀ ਸਰਕਾਰ ਦੇ ਲਗਾਤਾਰ ਯਤਨਾਂ ਦੀ ਸਫ਼ਲਤਾ ਦਾ ਸਬੂਤ ਹੈ।

ਉਨ੍ਹਾਂ ਅੱਗੇ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਪਾਰਦਰਸ਼ੀ ਪ੍ਰਸ਼ਾਸਨ, ਤਕਨਾਲੋਜੀ-ਅਧਾਰਿਤ ਟੈਕਸ ਨਿਗਰਾਨੀ ਅਤੇ ਕਰ ਚੋਰੀ ਵਿਰੁੱਧ ਸਖ਼ਤ ਕਾਰਵਾਈ ਰਾਹੀਂ ਆਪਣੀ ਵਿੱਤੀ ਸਥਿਤੀ ਨੂੰ ਲਗਾਤਾਰ ਮਜ਼ਬੂਤ ਕਰ ਰਿਹਾ ਹੈ। ਵਿੱਤੀ ਸਾਲ ਦੇ ਪਹਿਲੇ ਸੱਤ ਮਹੀਨਿਆਂ ਦੌਰਾਨ ਸੂਬੇ ਦੇ ਕੁੱਲ ਜੀ.ਐੱਸ.ਟੀ. ਮਾਲੀਏ ਵਿੱਚ 16 ਫ਼ੀਸਦੀ ਤੋਂ ਵੱਧ ਦਾ ਵਾਧਾ, ਜੋ ਕਿ ਲਗਭਗ 13 ਫ਼ੀਸਦੀ ਦੇ ਕੌਮੀ ਵਾਧੇ ਨਾਲੋਂ ਵੱਧ ਹੈ, ਇਹਨਾਂ ਯਤਨਾਂ ਦੇ ਸਕਾਰਾਤਮਕ ਨਤੀਜਿਆਂ ਨੂੰ ਦਰਸਾਉਂਦਾ ਹੈ।

ਕਰ ਚੋਰੀ ਵਿਰੁੱਧ ਸੂਬਾ ਸਰਕਾਰ ਦੇ ਸਖ਼ਤ ਰੁਖ਼ ਨੂੰ ਦੁਹਰਾਉਂਦਿਆਂ ਚੀਮਾ ਨੇ ਕਿਹਾ, ਅਕਤੂਬਰ ਦੌਰਾਨ ਲਗਾਏ ਗਏ 111.12 ਕਰੋੜ ਰੁਪਏ ਦੇ ਜੁਰਮਾਨੇ ਅਤੇ ਬਾਲਾਜੀ ਟਰਾਂਸਪੋਰਟ ਫਰਾਡ ਕੇਸ ਵਿੱਚ 20 ਕਰੋੜ ਰੁਪਏ ਦੀ ਵਸੂਲੀ ਇਹ ਸਾਬਤ ਕਰਦੀ ਹੈ ਕਿ ਸਰਕਾਰ ਸੰਗਠਿਤ ਕਰ ਚੋਰੀ ਨੈੱਟਵਰਕਾਂ ਨੂੰ ਸਰਕਾਰੀ ਖ਼ਜ਼ਾਨੇ ਨੂੰ ਨੁਕਸਾਨ ਪਹੁੰਚਾਉਣ ਦੀ ਇਜਾਜ਼ਤ ਨਹੀਂ ਦੇਵੇਗੀ।

ਸਾਡੀ ਇਨਫੋਰਸਮੈਂਟ ਰਣਨੀਤੀ ਸਿਰਫ਼ ਛੋਟੀਆਂ-ਮੋਟੀਆਂ ਉਲੰਘਣਾਵਾਂ ਨੂੰ ਫੜਨ ਦੀ ਬਜਾਏ ਧੋਖਾਧੜੀ ਵਾਲੇ ਲੈਣ-ਦੇਣ ਦੇ ਅਸਲ ਲਾਭਪਾਤਰੀਆਂ ਦੀ ਪਛਾਣ ਕਰਨ ਅਤੇ ਸਮੁੱਚੇ ਨੈੱਟਵਰਕ ਨੂੰ ਤੋੜਨ 'ਤੇ ਕੇਂਦਰਿਤ ਹੈ।

ਇਮਾਨਦਾਰ ਕਰਦਾਤਾਵਾਂ ਦੇ ਯੋਗਦਾਨ ਅਤੇ ਵਿਭਾਗੀ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਜਾਅਲੀ ਬਿਲਿੰਗ, ਧੋਖਾਧੜੀ ਵਾਲੇ ਆਈ.ਟੀ.ਸੀ. ਦਾਅਵਿਆਂ ਅਤੇ ਸੰਗਠਿਤ ਕਰ ਚੋਰੀ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਉਂਦੇ ਹੋਏ ਅਸਲ ਕਰਦਾਤਾਵਾਂ ਨੂੰ ਇੱਕ ਪਾਰਦਰਸ਼ੀ ਅਤੇ ਵਪਾਰ-ਪੱਖੀ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਕਰ ਪ੍ਰਾਪਤੀ ਵਿੱਚ ਨਿਰੰਤਰ ਵਾਧਾ ਸੂਬੇ ਦੇ ਲੋਕਾਂ ਲਈ ਲੋਕ ਭਲਾਈ ਪ੍ਰੋਗਰਾਮਾਂ, ਬੁਨਿਆਦੀ ਢਾਂਚੇ ਦੇ ਵਿਕਾਸ, ਸਿਹਤ ਸੰਭਾਲ, ਸਿੱਖਿਆ ਅਤੇ ਹੋਰ ਜ਼ਰੂਰੀ ਸੇਵਾਵਾਂ ਲਈ ਫੰਡ ਮੁਹੱਈਆ ਕਰਵਾਉਣ ਵਿੱਚ ਪੰਜਾਬ ਦੀ ਵਿੱਤੀ ਸਮਰੱਥਾ ਨੂੰ ਹੋਰ ਮਜ਼ਬੂਤ ਕਰੇਗਾ।

ਵਿਧਾਇਕ ਡਾ. ਅਜੇ ਗੁਪਤਾ ਨੇ ਬੰਗਲਾ ਬਸਤੀ, ਲੇਬਰ ਕਲੋਨੀ ਵਿੱਚ ਗੰਦੇ ਨਾਲਿਆਂ ਦੀ ਸਫਾਈ ਸ਼ੁਰੂ ਕੀਤੀ



ਅੰਮ੍ਰਿਤਸਰ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਵਾਰਡ ਨੰਬਰ 53 ਦੇ ਅਧੀਨ ਆਉਣ ਵਾਲੇ ਇਲਾਕੇ ਲੇਬਰ ਕਲੋਨੀ, ਬੰਗਲਾ ਬਸਤੀ ਵਿੱਚ ਗੰਦੇ ਨਾਲਿਆਂ ਦੀ ਸਫਾਈ ਸ਼ੁਰੂ ਕੀਤੀ। ਵਿਧਾਇਕ ਡਾ. ਅਜੇ ਗੁਪਤਾ ਨੇ ਦੱਸਿਆ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਗੰਦੇ ਨਾਲਿਆਂ ਦੀ ਸਫਾਈ ਪਿਛਲੇ ਛੇ ਮਹੀਨਿਆਂ ਤੋਂ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਅਣਘੜ, ਫਤਿਹਪੁਰ ਅਤੇ ਝੱਬਾਲ ਰੋਡ ਖੇਤਰਾਂ ਦੇ ਵਸਨੀਕ ਕਈ ਸਾਲਾਂ ਤੋਂ ਨਾਲਿਆਂ ਦੀ ਸਫਾਈ ਨਾ ਹੋਣ ਕਾਰਨ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਨਾਲਿਆਂ ਦੀ ਸਫਾਈ ਲੋਕਾਂ ਨੂੰ ਕਾਫ਼ੀ ਰਾਹਤ ਦੇ ਰਹੀ ਹੈ। ਨਾਲਿਆਂ ਦੇ ਦੋਵੇਂ ਪਾਸੇ ਕੰਧਾਂ ਵੀ ਬਣਾਈਆਂ ਜਾ ਰਹੀਆਂ ਹਨ।

ਵਿਧਾਇਕ ਡਾ. ਅਜੇ ਗੁਪਤਾ ਨੇ ਦੱਸਿਆ ਕਿ ਬੰਗਲਾ ਬਸਤੀ ਅਤੇ ਲੇਬਰ ਕਲੋਨੀ ਖੇਤਰਾਂ ਦੇ ਲੋਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਵਾਰਡ ਨੰਬਰ 53 ਦੇ ਕੌਂਸਲਰ ਦੇ ਪਤੀ ਤਾਹਿਰ ਸ਼ਾਹ ਵਾਰਡ ਦੇ ਵਸਨੀਕਾਂ ਨੂੰ ਸਾਰੀਆਂ ਜ਼ਰੂਰੀ ਸੇਵਾਵਾਂ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਕੋਈ ਵੀ ਵਿਕਾਸ ਕਾਰਜ ਅਧੂਰਾ ਨਹੀਂ ਛੱਡਿਆ ਜਾਵੇਗਾ। ਹਲਕੇ ਵਿੱਚ ਸੜਕਾਂ ਅਤੇ ਗਲੀਆਂ ਦੇ ਨਿਰਮਾਣ ਦਾ ਕੰਮ ਵੀ ਤੇਜ਼ੀ ਨਾਲ ਚੱਲ ਰਿਹਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਹਲਕੇ ਵਿੱਚ ਸੀਵਰੇਜ, ਪਾਣੀ ਦੀ ਸਪਲਾਈ ਅਤੇ ਸਟਰੀਟ ਲਾਈਟਾਂ ਦੀ ਮੁਰੰਮਤ ਕੀਤੀ ਜਾ ਰਹੀ ਹੈ। ਇਸ ਮੌਕੇ ਬਾਬਾ ਸਲੀਮ ਨੇ ਦੱਸਿਆ ਕਿ ਵਿਧਾਇਕ ਡਾ. ਅਜੇ ਗੁਪਤਾ ਰੋਜ਼ਾਨਾ ਲੋਕਾਂ ਤੱਕ ਪਹੁੰਚ ਕਰ ਰਹੇ ਹਨ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਉਨ੍ਹਾਂ ਦਾ ਹੱਲ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਵੀ ਉਹ ਵਾਰਡ ਦੀ ਸਮੱਸਿਆ ਨੂੰ ਲੈ ਕੇ ਵਿਧਾਇਕ ਡਾ. ਗੁਪਤਾ ਕੋਲ ਪਹੁੰਚਦੇ ਹਨ, ਤਾਂ ਤੁਰੰਤ ਅਧਿਕਾਰੀਆਂ ਨਾਲ ਸੰਪਰਕ ਕੀਤਾ ਜਾਂਦਾ ਹੈ ਅਤੇ ਸਮੱਸਿਆ ਦਾ ਹੱਲ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ ਲੋਕ ਯਕੀਨੀ ਤੌਰ 'ਤੇ ਵਿਧਾਇਕ ਡਾ. ਅਜੇ ਗੁਪਤਾ ਨੂੰ ਦੁਬਾਰਾ ਚੁਣਨਗੇ। ਇਸ ਮੌਕੇ ਰਾਜਕੁਮਾਰ ਗੋਲਾ, ਜੇ.ਐਸ. ਰਾਹੁਲ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਮੌਜੂਦ ਸਨ।



ਹਰਿਆਣਾ ਖ਼ਬਰਨਾਮਾ



ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਗੁਰੁਕੁਲ ਕੁਰੁਕਸ਼ੇਤਰ ਦੇ 114ਵੇਂ ਸਥਾਪਨਾ ਵਰ੍ਹੇ ਦੇ ਸਮਾਰੋਹ ਅਤੇ ਸਵਾਮੀ ਸ਼ਰਧਾਨੰਦ ਬਲਿਦਾਨ ਸ਼ਤਾਬਦੀ ਸਮਾਰੋਹ ਵਿੱਚ ਕੀਤੀ ਸ਼ਿਰਕਤ

ਚੰਡੀਗੜ੍ਹ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਨੇ ਕਿਹਾ ਕਿ ਗੁਰੁਕੁਲ ਵਰਗੀਆਂ ਸੰਸਥਾਵਾਂ ਭਾਰਤੀ ਗਿਆਨ ਪਰੰਪਰਾ, ਨੈਤਿਕ ਮੁੱਲਾਂ ਅਤੇ ਸੰਸਕਾਰਾਂ ਨੂੰ ਸੁਰੱਖਿਅਤ ਰੱਖਣ ਦੇ ਨਾਲ-ਨਾਲ ਭਾਵੀ ਪੀੜ੍ਹੀ ਨੂੰ ਰਾਸ਼ਟਰ ਨਿਰਮਾਣ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਸਵਾਮੀ ਸ਼ਰਧਾਨੰਦ ਜੀ ਦੀ ਮਹਾਨ ਸ਼ਖ਼ਸੀਅਤ, ਤਿਆਗ, ਤਪੱਸਿਆ ਅਤੇ ਰਾਸ਼ਟਰ ਸੇਵਾ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਨਮਨ ਕੀਤਾ ਅਤੇ ਭਾਰਤੀ ਸੰਸਕ੍ਰਿਤੀ ਅਤੇ ਵੈਦਿਕ ਸਿੱਖਿਆ ਦੇ ਪ੍ਰਚਾਰ-ਪ੍ਰਸਾਰ ਵਿੱਚ ਗੁਰੁਕੁਲ ਕੁਰੁਕਸ਼ੇਤਰ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

ਰਾਸ਼ਟਰਪਤੀ ਐਤਵਾਰ ਨੂੰ ਕੁਰੂਕਸ਼ੇਤਰ ਸਥਿਤ ਗੁਰੁਕੁਲ ਕੁਰੁਕਸ਼ੇਤਰ ਵਿਖੇ ਕਰਵਾਏ ਗਏ 114ਵੇਂ ਸਥਾਪਨਾ ਵਰ੍ਹੇ ਦੇ ਸਮਾਰੋਹ ਅਤੇ ਸਵਾਮੀ ਸ਼ਰਧਾਨੰਦ ਜੀ ਦੇ ਬਲਿਦਾਨ ਦੀ ਸ਼ਤਾਬਦੀ ਦੇ ਮੌਕੇ 'ਤੇ ਕਰਵਾਏ ਗਏ 'ਬਲਿਦਾਨ ਸ਼ਤਾਬਦੀ ਸਮਾਰੋਹ' ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਿਤ ਕਰ ਰਹੇ ਸਨ।

ਇਸ ਮੌਕੇ ਗੁਜਰਾਤ ਦੇ ਰਾਜਪਾਲ ਆਚਾਰੀਆ ਦੇਵਵ੍ਰਤ, ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼, ਆਰੀਆ ਪ੍ਰਤੀਨਿਧੀ ਸਭਾ ਦੇ ਨੁਮਾਇੰਦਿਆਂ ਸਮੇਤ ਕਈ ਪਤਵੰਤੇ ਵਿਅਕਤੀ ਮੌਜੂਦ ਰਹੇ।

ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਗੁਰੂਕੁਲ ਦੇ ਇਸ ਪਵਿੱਤਰ ਪਰਿਸਰ ਵਿੱਚ ਇਤਿਹਾਸ ਦੀ ਪ੍ਰੇਰਨਾ, ਵਰਤਮਾਨ ਦਾ ਮਾਣ ਅਤੇ ਭਵਿੱਖ ਦਾ ਸੰਕਲਪ ਤਿੰਨੇ ਇੱਕੋ ਸਮੇਂ ਦਿਖਾਈ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਹਰ ਹਰਿਆਣਵੀਂ ਲਈ ਵਿਸ਼ੇਸ਼ ਹੈ, ਕਿਉਂਕਿ ਸੂਬਾ ਆਪਣੀ ਸਥਾਪਨਾ ਦੇ 60 ਸਾਲ ਪੂਰੇ ਕਰਕੇ ਹੀਰਕ ਜੈਅੰਤੀ ਮਨਾ ਰਿਹਾ ਹੈ।

ਇਸੇ ਸ਼ੁਭ ਮੌਕੇ 'ਤੇ ਮਹਾਨ ਆਜ਼ਾਦੀ ਘੁਲਾਟੀਏ, ਸਿੱਖਿਆ ਸ਼ਾਸਤਰੀ ਅਤੇ ਸਮਾਜ ਸੁਧਾਰਕ ਸਵਾਮੀ ਸ਼ਰਧਾਨੰਦ ਜੀ ਦਾ ਬਲਿਦਾਨ ਸ਼ਤਾਬਦੀ ਵਰ੍ਹਾ ਅਤੇ ਗੁਰੁਕੁਲ ਕੁਰੁਕਸ਼ੇਤਰ ਦਾ 114ਵਾਂ ਸਥਾਪਨਾ ਸਮਾਰੋਹ ਮਨਾਇਆ ਜਾ ਰਿਹਾ ਹੈ। ਉਨ੍ਹਾਂ ਨੇ ਸਵਾਮੀ ਸ਼ਰਧਾਨੰਦ ਜੀ ਨੂੰ ਸ਼ਰਧਾਪੂਰਵਕ ਨਮਨ ਕਰਦਿਆਂ ਗੁਰੁਕੁਲ ਪਰਿਵਾਰ ਨੂੰ ਸਥਾਪਨਾ ਦਿਵਸ ਅਤੇ ਸੂਬਾ ਵਾਸੀਆਂ ਨੂੰ ਹਰਿਆਣਾ ਦਿਵਸ ਅਤੇ ਹੀਰਕ ਜੈਅੰਤੀ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਮੁੱਖ ਮੰਤਰੀ ਨੇ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਦਾ ਸਵਾਗਤ ਅਤੇ ਅਭਿਨੰਦਨ ਕਰਦਿਆਂ ਕਿਹਾ ਕਿ ਗਿਆਨ ਅਤੇ ਸੰਸਕਾਰ ਦੇ ਇਸ ਤੀਰਥ ਸਥਾਨ 'ਤੇ ਰਾਸ਼ਟਰਪਤੀ ਦੀ ਮੌਜੂਦਗੀ ਸਿੱਖਿਆ ਦੀ ਮਹੱਤਤਾ ਨੂੰ ਹੋਰ ਵਧੇਰੇ ਉਜਾਗਰ ਕਰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਵਾਮੀ ਸ਼ਰਧਾਨੰਦ ਜੀ ਨੇ ਗੁਲਾਮ ਭਾਰਤ ਵਿੱਚ ਸਵੈਮਾਣ ਦੀ ਭਾਵਨਾ ਜਗਾਈ, ਸਮਾਜਿਕ ਸੁਧਾਰ ਦੀ ਚੇਤਨਾ ਪੈਦਾ ਕੀਤੀ ਅਤੇ ਰਾਸ਼ਟਰ ਦੀ ਆਜ਼ਾਦੀ ਲਈ ਆਪਣਾ ਜੀਵਨ ਸਮਰਪਿਤ ਕਰ ਦਿੱਤਾ। ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਦੇ ਵਿਚਾਰਾਂ ਤੋਂ ਪ੍ਰੇਰਿਤ ਹੋ ਕੇ ਉਨ੍ਹਾਂ ਨੇ ਗਿਆਨ, ਚਰਿੱਤਰ ਅਤੇ ਸੇਵਾ ਦੇ ਆਧਾਰ 'ਤੇ ਮਜ਼ਬੂਤ ਸਮਾਜ ਦੇ ਨਿਰਮਾਣ ਦਾ ਰਾਹ ਦਿਖਾਇਆ। ਸਵਾਮੀ ਜੀ ਜਾਣਦੇ ਸਨ ਕਿ ਰਾਸ਼ਟਰ ਦਾ ਭਵਿੱਖ ਉਸ ਦੀ ਨੌਜਵਾਨ ਪੀੜ੍ਹੀ ਦੇ ਸੰਸਕਾਰਾਂ ਅਤੇ ਸਮਰੱਥਾ ਨਾਲ ਬਣਦਾ ਹੈ। ਇਸੇ ਉਦੇਸ਼ ਨਾਲ ਉਨ੍ਹਾਂ ਨੇ ਅਜਿਹੀ ਸਿੱਖਿਆ ਦਾ ਸੰਕਲਪ ਲਿਆ, ਜੋ ਵਿਦਿਆਰਥੀ ਨੂੰ ਗਿਆਨਵਾਨ, ਅਨੁਸ਼ਾਸਿਤ, ਸਾਹਸੀ, ਸਵੈ-ਨਿਰਭਰ ਅਤੇ ਰਾਸ਼ਟਰ ਪ੍ਰਤੀ ਸਮਰਪਿਤ ਬਣਾਏ।

ਉਨ੍ਹਾਂ ਕਿਹਾ ਕਿ ਸਵਾਮੀ ਸ਼ਰਧਾਨੰਦ ਜੀ ਦੇ ਬਲਿਦਾਨ ਦੇ 100 ਸਾਲ ਪੂਰੇ ਹੋਣ ਦੇ ਇਸ ਮੌਕੇ 'ਤੇ ਉਨ੍ਹਾਂ ਦੇ ਆਦਰਸ਼ ਸਾਨੂੰ ਆਪਣੇ ਫਰਜ਼ਾਂ ਪ੍ਰਤੀ ਹੋਰ ਵੀ ਸੁਚੇਤ ਕਰਦੇ ਹਨ। ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਸਿੱਖਿਆ ਦਾ ਚਾਨਣ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਾਈਏ।

ਮੁੱਖ ਮੰਤਰੀ ਨੇ ਕਿਹਾ ਕਿ ਸਾਲ 1912 ਵਿੱਚ ਸਵਾਮੀ ਸ਼ਰਧਾਨੰਦ ਜੀ ਵੱਲੋਂ ਸਥਾਪਿਤ ਇਹ ਗੁਰੁਕੁਲ ਉਨ੍ਹਾਂ ਦੀ ਦੂਰਦਰਸ਼ੀ ਸੋਚ ਦੀ ਜੀਵੰਤ ਵਿਰਾਸਤ ਹੈ। ਇੱਥੇ ਭਾਰਤੀ ਪਰੰਪਰਾ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਦੇ ਸੁਮੇਲ ਨਾਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਦੀ ਭਾਵਨਾ ਨੂੰ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਨੇ ਇਸ ਸੰਸਥਾ ਦੇ ਸਫ਼ਰ ਵਿੱਚ ਯੋਗਦਾਨ ਪਾਉਣ ਵਾਲੇ ਆਚਾਰੀਆਂ, ਪ੍ਰਬੰਧਕਾਂ, ਸਹਿਯੋਗੀਆਂ ਅਤੇ ਸਾਬਕਾ ਵਿਦਿਆਰਥੀਆਂ ਦਾ ਅਭਿਨੰਦਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਆਚਾਰੀਆ ਦੇਵਵ੍ਰਤ ਜੀ ਦੇ ਗੁਰੁਕੁਲ ਪ੍ਰਤੀ ਸਮਰਪਣ ਅਤੇ ਸੰਸਕਾਰਯੁਕਤ ਸਿੱਖਿਆ ਦੇ ਪ੍ਰਸਾਰ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ।

ਮੁੱਖ ਮੰਤਰੀ ਨੇ ਆਚਾਰੀਆ ਦੇਵਵ੍ਰਤ ਜੀ ਵੱਲੋਂ ਕੀਤੀ ਜਾ ਰਹੀ ਕੁਦਰਤੀ ਖੇਤੀ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ 180 ਏਕੜ ਵਿੱਚ ਕੁਦਰਤੀ ਖੇਤੀ ਕੀਤੀ ਜਾਂਦੀ ਹੈ, ਜਿੱਥੇ ਕਿਸੇ ਵੀ ਤਰ੍ਹਾਂ ਦੀ ਕੀਟਨਾਸ਼ਕ ਦਵਾਈ ਦੀ ਵਰਤੋਂ ਨਹੀਂ ਕੀਤੀ ਜਾਂਦੀ।

ਸਮਾਰੋਹ ਵਿੱਚ ਗੁਰੁਕੁਲ ਦੇ ਵਿਦਿਆਰਥੀਆਂ ਨੇ ਭਾਰਤੀ ਸੰਸਕ੍ਰਿਤੀ, ਵੈਦਿਕ ਪਰੰਪਰਾ ਅਤੇ ਸਰੀਰਕ ਸਿੱਖਿਆ 'ਤੇ ਆਧਾਰਿਤ ਵੱਖ-ਵੱਖ ਪੇਸ਼ਕਾਰੀਆਂ ਦੇ ਕੇ ਹਾਜ਼ਰ ਮਹਿਮਾਨਾਂ ਦਾ ਮਨ ਮੋਹ ਲਿਆ।

ਗੁਜਰਾਤ ਦੇ ਰਾਜਪਾਲ ਆਚਾਰੀਆ ਦੇਵਵ੍ਰਤ ਅਤੇ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਸਵਾਮੀ ਸ਼ਰਧਾਨੰਦ ਜੀ ਦੇ ਯੋਗਦਾਨ ਨੂੰ ਕੀਤਾ ਨਮਨ



ਚੰਡੀਗੜ੍ਹ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਗੁਜਰਾਤ ਦੇ ਰਾਜਪਾਲ ਆਚਾਰੀਆ ਦੇਵਵ੍ਰਤ ਨੇ ਕਿਹਾ ਕਿ ਗੁਰੁਕੁਲ ਕੁਰੁਕਸ਼ੇਤਰ ਮਹਾਨ ਸੁਤੰਤਰਤਾ ਸੈਨਾਨੀ, ਸਮਾਜ ਸੁਧਾਰਕ ਅਤੇ ਸਿੱਖਿਆ ਸ਼ਾਸਤਰੀ ਸਵਾਮੀ ਸ਼ਰਧਾਨੰਦ ਜੀ ਦੇ ਵਿਚਾਰਾਂ, ਆਦਰਸ਼ਾਂ ਅਤੇ ਸੰਕਲਪਾਂ ਦੀ ਜੀਵੰਤ ਵਿਰਾਸਤ ਹੈ। ਸਵਾਮੀ ਸ਼ਰਧਾਨੰਦ ਜੀ ਨੇ ਇਸੇ ਧਰਤੀ ਤੋਂ ਸ਼ੁੱਧੀ ਅੰਦੋਲਨ ਨੂੰ ਗਤੀ ਦਿੱਤੀ ਅਤੇ ਸੁਤੰਤਰਤਾ ਅੰਦੋਲਨ ਦੌਰਾਨ ਵੀ ਇੱਥੋਂ ਮਹੱਤਵਪੂਰਨ ਕਾਰਜ ਕੀਤੇ। ਉਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਰਾਸ਼ਟਰ, ਸਮਾਜ ਅਤੇ ਜੀਵਨ ਮੁੱਲਾਂ ਦੀ ਸਥਾਪਨਾ ਲਈ ਸਮਰਪਿਤ ਕਰ ਦਿੱਤਾ। ਆਚਾਰੀਆ ਦੇਵਵ੍ਰਤ ਐਤਵਾਰ ਨੂੰ ਕੁਰੁਕਸ਼ੇਤਰ ਸਥਿਤ ਗੁਰੁਕੁਲ ਵਿਖੇ ਆਯੋਜਿਤ 114ਵੇਂ ਸਥਾਪਨਾ ਵਰ੍ਹੇ ਦੇ ਸਮਾਰੋਹ ਅਤੇ ਸਵਾਮੀ ਸ਼ਰਧਾਨੰਦ ਜੀ ਦੀ ਸ਼ਹਾਦਤ ਦੀ ਸ਼ਤਾਬਦੀ ਦੇ ਮੌਕੇ 'ਤੇ ਕਰਵਾਏ ਗਏ 'ਸ਼ਹਾਦਤ ਸ਼ਤਾਬਦੀ ਸਮਾਰੋਹ' ਨੂੰ ਸੰਬੋਧਿਤ ਕਰ ਰਹੇ ਸਨ।

ਇਸ ਮੌਕੇ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ, ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ, ਆਰੀਆ ਪ੍ਰਤੀਨਿਧੀ ਸਭਾ ਦੇ ਨੁਮਾਇੰਦਿਆਂ ਸਮੇਤ ਕਈ ਪਤਵੰਤੇ ਵਿਅਕਤੀ ਮੌਜੂਦ ਰਹੇ।ਆਚਾਰੀਆ ਦੇਵਵ੍ਰਤ ਨੇ ਕਿਹਾ ਕਿ ਗੁਰੁਕੁਲ ਦੀ ਸਿੱਖਿਆ ਦਾ ਅਸਲ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਦੇਣਾ ਨਹੀਂ, ਸਗੋਂ ਉਨ੍ਹਾਂ ਨੂੰ ਸਰੀਰਕ ਤੌਰ 'ਤੇ ਤਾਕਤਵਰ, ਮਾਨਸਿਕ ਤੌਰ 'ਤੇ ਸਮਰੱਥ, ਸੰਸਕਾਰਵਾਨ ਅਤੇ ਚਰਿੱਤਰਵਾਨ ਬਣਾਉਣਾ ਹੈ। ਗੁਰੁਕੁਲ ਦੇ ਵਿਦਿਆਰਥੀ ਹੀ ਅਸਲ ਮਾਇਨਿਆਂ ਵਿੱਚ 'ਜੈਨ ਜ਼ੀ' ਹਨ, ਕਿਉਂਕਿ ਉਹ ਸਿੱਖਿਆ ਦੇ ਨਾਲ-ਨਾਲ ਅਨੁਸ਼ਾਸਨ, ਸੰਸਕਾਰ ਅਤੇ ਜੀਵਨ ਮੁੱਲਾਂ ਨੂੰ ਵੀ ਆਪਣੇ ਜੀਵਨ ਵਿੱਚ ਅਪਣਾਉਂਦੇ ਹਨ। ਉਨ੍ਹਾਂ ਦੱਸਿਆ ਕਿ ਗੁਰੁਕੁਲ ਦੇ 125 ਵਿਦਿਆਰਥੀਆਂ ਨੇ ਐਨ.ਡੀ.ਏ. ਰਾਹੀਂ ਫ਼ੌਜ ਵਿੱਚ ਅਧਿਕਾਰੀ ਬਣਨ ਦੀ ਉਪਲਬਧੀ ਹਾਸਲ ਕੀਤੀ ਹੈ, ਜੋ ਸੰਸਥਾ ਦੀ ਮਿਆਰੀ ਸਿੱਖਿਆ, ਅਨੁਸ਼ਾਸਨ ਅਤੇ ਰਾਸ਼ਟਰ ਸੇਵਾ ਪ੍ਰਤੀ ਸਮਰਪਣ ਨੂੰ ਦਰਸਾਉਂਦੀ ਹੈ।

ਉਨ੍ਹਾਂ ਕਿਹਾ ਕਿ ਗੁਰੁਕੁਲ ਕੁਰੁਕਸ਼ੇਤਰ ਸਵਾਮੀ ਸ਼ਰਧਾਨੰਦ ਜੀ ਦੇ ਵਿਚਾਰਾਂ ਅਤੇ ਉਨ੍ਹਾਂ ਵੱਲੋਂ ਸ਼ੁਰੂ ਕੀਤੇ ਗਏ ਸਿੱਖਿਆ ਅਤੇ ਸਮਾਜ ਸੁਧਾਰ ਦੇ ਕਾਰਜਾਂ ਨੂੰ ਅੱਗੇ ਵਧਾ ਰਿਹਾ ਹੈ। ਗੁਰੁਕੁਲ ਵਿੱਚ ਲਗਭਗ 1500 ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਰਹੇ ਹਨ ਅਤੇ ਇੱਥੋਂ ਦੇ ਵਿਦਿਆਰਥੀਆਂ ਨੇ ਆਈ.ਆਈ.ਟੀ. ਸਮੇਤ ਦੇਸ਼ ਦੇ ਪ੍ਰਸਿੱਧ ਸੰਸਥਾਨਾਂ ਵਿੱਚ ਦਾਖ਼ਲੇ ਹਾਸਲ ਕੀਤੇ ਹਨ। ਗੁਰੁਕੁਲ ਦੀ ਅਨੁਸ਼ਾਸਿਤ ਰੋਜ਼ਾਨਾ ਜੀਵਨ-ਸ਼ੈਲੀ, ਸਰੀਰਕ ਮਜ਼ਬੂਤੀ ਅਤੇ ਸੰਸਕਾਰ ਵਿਦਿਆਰਥੀਆਂ ਨੂੰ ਸਿੱਖਿਅਤ, ਸੰਸਕਾਰਵਾਨ ਅਤੇ ਆਤਮਨਿਰਭਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਸਵਾਮੀ ਸ਼ਰਧਾਨੰਦ ਜੀ ਦੇ ਆਦਰਸ਼ਾਂ ਦੀ ਝਲਕ ਗੁਰੁਕੁਲ ਦੇ ਵਿਦਿਆਰਥੀਆਂ ਵਿੱਚ ਦੇਖੀ ਜਾ ਸਕਦੀ ਹੈ। ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਸਵਾਮੀ ਸ਼ਰਧਾਨੰਦ ਜੀ ਦੇ ਜੀਵਨ ਨੂੰ ਸੱਚਾਈ, ਨਿਡਰਤਾ, ਸੇਵਾ, ਤਿਆਗ ਅਤੇ ਆਤਮ-ਬਲੀਦਾਨ ਦੀ ਬੇਮਿਸਾਲ ਮਿਸਾਲ ਦੱਸਿਆ। ਉਨ੍ਹਾਂ ਕਿਹਾ ਕਿ ਸਵਾਮੀ ਸ਼ਰਧਾਨੰਦ ਜੀ ਮਹਾਰਿਸ਼ੀ ਦਯਾਨੰਦ ਸਰਸਵਤੀ ਦੀ ਮਹਾਨ ਪਰੰਪਰਾ ਦੇ ਤੇਜਸਵੀ ਪ੍ਰਤੀਨਿਧੀ ਸਨ। ਉਨ੍ਹਾਂ ਨੇ ਸਿੱਖਿਆ ਨੂੰ ਸਿਰਫ਼ ਰੁਜ਼ਗਾਰ ਪ੍ਰਾਪਤ ਕਰਨ ਦਾ ਸਾਧਨ ਨਹੀਂ, ਸਗੋਂ ਚਰਿੱਤਰ ਨਿਰਮਾਣ, ਆਤਮ-ਸੰਜਮ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਨ ਦਾ ਮਾਧਿਅਮ ਮੰਨਿਆ।ਪ੍ਰੋ. ਘੋਸ਼ ਨੇ ਕਿਹਾ ਕਿ ਸਵਾਮੀ ਸ਼ਰਧਾਨੰਦ ਜੀ ਨੇ ਗੁਰੁਕੁਲ ਪਰੰਪਰਾ ਨੂੰ ਮੁੜ ਸੁਰਜੀਤ ਕਰਨ ਅਤੇ ਵੈਦਿਕ ਸਿੱਖਿਆ ਦਾ ਪ੍ਰਸਾਰ ਕਰਨ ਦੇ ਉਦੇਸ਼ ਨਾਲ ਆਪਣੀ ਸੰਪਤੀ ਤੱਕ ਗੁਰੁਕੁਲ ਦੀ ਸਥਾਪਨਾ ਅਤੇ ਸਿੱਖਿਆ ਦੇ ਮਹਾਨ ਕਾਰਜ ਲਈ ਸਮਰਪਿਤ ਕਰ ਦਿੱਤੀ। ਉਨ੍ਹਾਂ ਲਈ ਨਿੱਜੀ ਸੁੱਖ-ਸਹੂਲਤਾਂ ਤੋਂ ਵੱਧ ਸਮਾਜ ਦੀ ਭਲਾਈ ਅਤੇ ਰਾਸ਼ਟਰ ਦਾ ਭਵਿੱਖ ਮਹੱਤਵਪੂਰਨ ਸੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੱਚੇ, ਅਨੁਸ਼ਾਸਿਤ, ਆਤਮਨਿਰਭਰ ਅਤੇ ਸਮਾਜ ਪ੍ਰਤੀ ਜ਼ਿੰਮੇਵਾਰ ਨਾਗਰਿਕ ਬਣਾਉਣ 'ਤੇ ਜ਼ੋਰ ਦਿੱਤਾ।

ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਕਿਹਾ ਕਿ ਸ਼ਹਾਦਤ ਦਾ ਅਰਥ ਸਿਰਫ਼ ਮੌਤ ਨੂੰ ਗਲੇ ਲਗਾਉਣਾ ਨਹੀਂ, ਸਗੋਂ ਆਪਣੇ ਸਵਾਰਥ, ਡਰ ਅਤੇ ਸਹੂਲਤਾਂ ਤੋਂ ਉੱਪਰ ਉੱਠ ਕੇ ਲੋਕ ਭਲਾਈ ਲਈ ਜੀਵਨ ਸਮਰਪਿਤ ਕਰਨਾ ਹੈ। ਸਵਾਮੀ ਸ਼ਰਧਾਨੰਦ ਜੀ ਦਾ ਜੀਵਨ ਸਾਨੂੰ ਪ੍ਰੇਰਨਾ ਦਿੰਦਾ ਹੈ ਕਿ ਆਪਣੀ ਸਮਰੱਥਾ ਅਤੇ ਯੋਗਤਾ ਅਨੁਸਾਰ ਸਮਾਜ, ਸਿੱਖਿਆ ਅਤੇ ਰਾਸ਼ਟਰ ਦੀ ਭਲਾਈ ਵਿੱਚ ਯੋਗਦਾਨ ਦੇਣਾ ਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੈ। ਉਨ੍ਹਾਂ ਦੇ ਆਦਰਸ਼ ਹਮੇਸ਼ਾ ਸਮਾਜ ਅਤੇ ਭਾਵੀ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣਗੇ।ਇਸ ਮੌਕੇ ਆਚਾਰੀਆ ਦੇਵਵ੍ਰਤ ਨੇ ਸਵਾਮੀ ਸ਼ਰਧਾਨੰਦ ਜੀ ਦੇ ਸ਼ਹਾਦਤ ਸ਼ਤਾਬਦੀ ਸਮਾਰੋਹ ਦੇ ਲੋਗੋ ਦਾ ਵੀ ਉਦਘਾਟਨ ਕੀਤਾ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਸਮਾਰੋਹ ਤਹਿਤ ਸਵਾਮੀ ਸ਼ਰਧਾਨੰਦ ਜੀ ਦੇ ਜੀਵਨ, ਵਿਚਾਰਾਂ, ਸਮਾਜ ਸੁਧਾਰ ਦੇ ਕਾਰਜਾਂ ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਪੂਰਾ ਸਾਲ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ।

ਹਰਿਆਣਾ ਦੀ ਧਰਤੀ ਨੇ ਆਜ਼ਾਦੀ ਸੰਗਰਾਮ ਤੋਂ ਲੈ ਕੇ ਰਾਸ਼ਟਰ ਨਿਰਮਾਣ ਤੱਕ ਹਰ ਖੇਤਰ ਵਿੱਚ ਪਾਇਆ ਬੇਮਿਸਾਲ ਯੋਗਦਾਨ : ਰਾਸ਼ਟਰਪਤੀ



ਚੰਡੀਗੜ੍ਹ, 2 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ ਦੀ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਐਤਵਾਰ ਨੂੰ ਹਰਿਆਣਾ ਦੇ ਕੁਰੂਕਸ਼ੇਤਰ ਵਿਖੇ ਸੂਬੇ ਦੇ ਗਠਨ ਦੇ 60 ਸਾਲ ਪੂਰੇ ਹੋਣ ਦੇ ਮੌਕੇ 'ਤੇ ਕਰਵਾਏ ਗਏ ਹੀਰਕ ਜੈਅੰਤੀ ਸਮਾਰੋਹ ਵਿੱਚ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨੇ ਹੀਰਕ ਜੈਅੰਤੀ ਦਾ ਲੋਗੋ ਵੀ ਜਾਰੀ ਕੀਤਾ। ਸਮਾਰੋਹ ਵਿੱਚ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਵੀ ਮੌਜੂਦ ਰਹੇ।

ਆਪਣੇ ਸੰਬੋਧਨ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਦੇ ਵਿਕਾਸ ਵਿੱਚ ਹਰਿਆਣਾ ਦੇ ਇਸ ਖੇਤਰ ਦਾ ਵਰਣਨਯੋਗ ਯੋਗਦਾਨ ਰਿਹਾ ਹੈ। ਗੀਤਾ ਦਾ ਅਮਰ ਸੰਦੇਸ਼ ਇਸੇ ਧਰਤੀ ਤੋਂ ਸਮੁੱਚੇ ਵਿਸ਼ਵ ਵਿੱਚ ਫੈਲਿਆ ਸੀ। ਭਾਰਤੀਅਤਾ ਨੂੰ ਮਾਣ ਦਿਵਾਉਣ ਵਾਲੀ ਇਸ ਪਵਿੱਤਰ ਧਰਤੀ ਨੂੰ ਰਾਸ਼ਟਰਪਤੀ ਨੇ ਨਮਨ ਕੀਤਾ। ਉਨ੍ਹਾਂ ਨੇ ਭਾਰਤ ਦੀ ਤਰੱਕੀ ਦੀ ਯਾਤਰਾ ਦੇ ਅਨੇਕਾਂ ਪਹਿਲੂਆਂ ਵਿੱਚ ਸਾਰਥਕ ਯੋਗਦਾਨ ਪਾਉਣ ਵਾਲੇ ਹਰਿਆਣਾ ਵਾਸੀਆਂ ਨੂੰ ਵੀ ਵਧਾਈ ਦਿੱਤੀ।

ਰਾਸ਼ਟਰਪਤੀ ਨੇ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਦੇ ਨਿਸ਼ਕਾਮ ਕਰਮਯੋਗ ਦਾ ਅਮਰ ਸੰਦੇਸ਼ ਸਮੁੱਚੇ ਵਿਸ਼ਵ ਵਿੱਚ ਫੈਲਾਉਣ ਵਾਲੀ ਇਸ ਧਰਤੀ ਨੇ ਆਧੁਨਿਕ ਯੁੱਗ ਵਿੱਚ ਵੀ ਮਨੁੱਖੀ ਪਰਾਕ੍ਰਮ ਦੇ ਅਨੇਕਾਂ ਕੀਰਤੀਮਾਨ ਸਥਾਪਤ ਕੀਤੇ ਹਨ। ਇਸ ਧਰਤੀ ਦੇ ਸਪੂਤਾਂ ਨੇ ਆਜ਼ਾਦੀ ਸੰਗਰਾਮ ਤੋਂ ਲੈ ਕੇ ਸਮਾਜਿਕ ਪਰਿਵਰਤਨ, ਲੋਕਤੰਤਰ, ਸਾਹਿਤ ਅਤੇ ਵਿਗਿਆਨ ਦੇ ਖੇਤਰਾਂ ਵਿੱਚ ਸਾਰਥਕ ਯੋਗਦਾਨ ਪਾਇਆ ਹੈ। ਰਾਓ ਤੁਲਾਰਾਮ ਦਾ ਅਦੁੱਤੀ ਸਾਹਸ, ਦੀਨਬੰਧੂ ਸਰ ਛੋਟੂ ਰਾਮ ਦੀ ਕਿਸਾਨ ਭਲਾਈ ਪ੍ਰਤੀ ਵਚਨਬੱਧਤਾ, ਪੰਡਿਤ ਨੇਕੀਰਾਮ ਸ਼ਰਮਾ ਦੀ ਰਾਸ਼ਟਰ ਸੇਵਾ ਅਤੇ ਦਾਦਾ ਲਖਮੀਚੰਦ ਦੀ ਲੋਕ-ਸੱਭਿਆਚਾਰਕ ਸਾਧਨਾ ਹਰਿਆਣਾ ਦੀ ਅਨਮੋਲ ਵਿਰਾਸਤ ਹਨ।

ਉਨ੍ਹਾਂ ਕਿਹਾ ਕਿ ਵੀਹਵੀਂ ਸਦੀ ਵਿੱਚ ਹਰਿਆਣਾ ਦੇ ਪਹਿਲੇ ਸ਼ਹੀਦਾਂ ਵਿੱਚ ਗਿਣੇ ਜਾਣ ਵਾਲੇ ਅੰਬਾਲਾ ਦੇ ਕਾਂਸ਼ੀ ਰਾਮ ਜੀ, ਸੈਨ ਫਰਾਂਸਿਸਕੋ ਵਿੱਚ ਲਾਲਾ ਹਰਦਿਆਲ ਦੇ ਨਾਲ ਮਿਲ ਕੇ ਗ਼ਦਰ ਪਾਰਟੀ ਦੀ ਸਥਾਪਨਾ ਕਰਨ ਵਾਲਿਆਂ ਵਿੱਚੋਂ ਇੱਕ ਸਨ। ਭਾਰਤ ਪਰਤਣ ਤੋਂ ਲਗਭਗ ਇੱਕ ਸਾਲ ਬਾਅਦ ਬ੍ਰਿਟਿਸ਼ ਸਰਕਾਰ ਨੇ ਸਾਲ 1915 ਦੇ ਇਸੇ ਨਵੰਬਰ ਮਹੀਨੇ ਵਿੱਚ ਉਨ੍ਹਾਂ ਨੂੰ ਫਾਂਸੀ ਦੇ ਦਿੱਤੀ ਸੀ।

ਸਾਲ 1942 ਦੇ ਭਾਰਤ ਛੱਡੋ ਅੰਦੋਲਨ ਵਿੱਚ ਸ਼ਹਿਰਾਂ ਦੇ ਨਾਲ-ਨਾਲ ਇੱਥੋਂ ਦੇ ਪੇਂਡੂ ਖੇਤਰਾਂ ਨੇ ਵੀ ਵਧ-ਚੜ੍ਹ ਕੇ ਹਿੱਸਾ ਲਿਆ ਸੀ। ਛੋਟੀ ਉਮਰ ਦੀਆਂ ਧੀਆਂ ਵੀ ਇਨ੍ਹਾਂ ਅੰਦੋਲਨਾਂ ਵਿੱਚ ਖੁੱਲ੍ਹ ਕੇ ਸਾਹਮਣੇ ਆਉਂਦੀਆਂ ਸਨ।

ਇਸੇ ਸੰਦਰਭ ਵਿੱਚ ਇੱਕ ਤੱਥ ਦਾ ਜ਼ਿਕਰ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਰੇਵਾੜੀ ਦੀ ਇੱਕ 12 ਸਾਲਾ ਧੀ ਦੀ ਸਾਲ 1930 ਦੇ ਸਿਵਲ ਨਾ-ਫ਼ੁਰਮਾਨੀ ਅੰਦੋਲਨ ਵਿੱਚ ਨਿਡਰ ਸ਼ਮੂਲੀਅਤ ਦਾ ਜ਼ਿਕਰ ਰਿਕਾਰਡਾਂ ਵਿੱਚ ਦਰਜ ਹੈ। ਲੂਣ ਕਾਨੂੰਨ ਤੋੜਨ ਲਈ ਇਸ ਧੀ ਨੇ ਆਪਣੇ ਬਚਪਨ ਦੀ ਪੂਰੀ ਬੱਚਤ ਲਗਾ ਕੇ ਲੂਣ ਖਰੀਦਿਆ ਸੀ। ਹਰ ਰੋਜ਼ ਦੋ ਪੈਸੇ ਜੋੜ ਕੇ ਉਸ ਨੇ ਸਾਲਾਂ ਦੌਰਾਨ ਜਿੰਨੇ ਪੈਸੇ ਇਕੱਠੇ ਕੀਤੇ ਸਨ, ਉਹ ਸਾਰੀ ਪੂੰਜੀ ਉਸ ਨੇ ਇਸ ਅੰਦੋਲਨ ਨੂੰ ਸਮਰਪਿਤ ਕਰ ਦਿੱਤੀ। ਉਨ੍ਹਾਂ ਨੇ ਸੂਬਾ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਪ੍ਰੇਰਨਾਦਾਇਕ ਘਟਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਇਕੱਠੀ ਕਰਕੇ ਸਮਾਜ ਦੇ ਸਾਹਮਣੇ ਲਿਆਂਦੀ ਜਾਵੇ। ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਨੇ ਕਿਹਾ ਕਿ ਹਰਿਆਣਾ ਦੀ ਇਸੇ ਧਰਤੀ 'ਤੇ ਜਨਮੀ ਸੁਚੇਤਾ ਕ੍ਰਿਪਲਾਨੀ ਨੇ ਭਾਰਤ ਦੀ ਪਹਿਲੀ ਮਹਿਲਾ ਮੁੱਖ ਮੰਤਰੀ ਬਣ ਕੇ ਨਵਾਂ ਇਤਿਹਾਸ ਰਚਿਆ। ਨਵੇਂ ਬਣੇ ਹਰਿਆਣਾ ਸੂਬੇ ਦੀ ਪਹਿਲੀ ਵਿਧਾਨ ਸਭਾ ਸਪੀਕਰ ਵਜੋਂ ਸ਼ੰਨੋ ਦੇਵੀ ਨੇ ਲੋਕਤੰਤਰੀ ਸੰਸਥਾਵਾਂ ਵਿੱਚ ਮਹਿਲਾਵਾਂ ਦੀ ਮੋਹਰੀ ਭੂਮਿਕਾ ਦੀ ਮਿਸਾਲ ਪੇਸ਼ ਕੀਤੀ। ਇਸੇ ਸੂਬੇ ਦੀ ਧੀ ਕਲਪਨਾ ਚਾਵਲਾ ਨੇ ਪੁਲਾੜ ਦੀਆਂ ਉਚਾਈਆਂ ਤੱਕ ਪਹੁੰਚ ਕੇ ਅਣਗਿਣਤ ਧੀਆਂ ਦੇ ਸੁਪਨਿਆਂ ਨੂੰ ਨਵੀਂ ਉਡਾਣ ਦਿੱਤੀ ਹੈ।

ਰਾਸ਼ਟਰਪਤੀ ਨੇ ਮਹਿਲਾਵਾਂ ਅਤੇ ਵਾਂਝੇ ਵਰਗਾਂ ਲਈ ਮੌਜੂਦਾ ਸੂਬਾ ਸਰਕਾਰ ਦੀ ਸਜਗਤਾ ਅਤੇ ਸੰਵੇਦਨਸ਼ੀਲਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਰਾਸ਼ਨ ਡਿਪੂਆਂ ਦੀ ਵੰਡ ਵਿੱਚ ਮਹਿਲਾ ਰਾਖਵਾਂਕਰਨ, ਪੰਚਾਇਤੀ ਰਾਜ ਸੰਸਥਾਵਾਂ ਵਿੱਚ ਮਹਿਲਾਵਾਂ ਨੂੰ 50 ਫੀਸਦੀ ਨੁਮਾਇੰਦਗੀ ਅਤੇ ਟਰਾਂਸਜੈਂਡਰਾਂ ਲਈ ਵੈਲਫੇਅਰ ਬੋਰਡ ਦਾ ਗਠਨ ਵਰਗੀਆਂ ਪਹਿਲਕਦਮੀਆਂ ਇਸ ਦੀਆਂ ਵੱਡੀਆਂ ਉਦਾਹਰਨਾਂ ਹਨ। ਮਹਿਲਾ ਸਸ਼ਕਤੀਕਰਨ ਦੇ ਅਨੇਕਾਂ ਪਹਿਲੂਆਂ ਵਿੱਚ ਹਰਿਆਣਾ ਨੇ ਪਿਛਲੇ ਲਗਭਗ ਇੱਕ ਦਹਾਕੇ ਦੌਰਾਨ ਵਿਸ਼ੇਸ਼ ਤਰੱਕੀ ਕੀਤੀ ਹੈ। ਜਨਵਰੀ 2015 ਵਿੱਚ ਹਰਿਆਣਾ ਦੇ ਪਾਣੀਪਤ ਤੋਂ ਹੀ 'ਬੇਟੀ ਬਚਾਓ ਬੇਟੀ ਪੜ੍ਹਾਓ' ਦਾ ਰਾਸ਼ਟਰੀ ਅਭਿਆਨ ਸ਼ੁਰੂ ਕੀਤਾ ਗਿਆ ਸੀ। ਇਹ ਅਭਿਆਨ ਮਹਿਲਾ ਸਸ਼ਕਤੀਕਰਨ ਦੀ ਦਿਸ਼ਾ ਵਿੱਚ ਬਹੁਤ ਅਹਿਮ ਪਹਿਲਕਦਮੀ ਸਾਬਤ ਹੋਇਆ ਹੈ। ਧੀਆਂ ਪ੍ਰਤੀ ਨਜ਼ਰੀਏ ਵਿੱਚ ਜ਼ਿਕਰਯੋਗ ਸਕਾਰਾਤਮਕ ਬਦਲਾਅ ਆ ਰਿਹਾ ਹੈ। ਜਨਮ ਸਮੇਂ ਮੁੰਡਿਆਂ ਦੇ ਮੁਕਾਬਲੇ ਧੀਆਂ ਦਾ ਲਿੰਗ ਅਨੁਪਾਤ ਸਾਲ 2014 ਵਿੱਚ 871 ਸੀ, ਜੋ ਨਵੰਬਰ 2025 ਵਿੱਚ ਵਧ ਕੇ ਲਗਭਗ 915 ਹੋ ਗਿਆ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਸੂਬਾ ਅਤੇ ਕੇਂਦਰ ਸਰਕਾਰ ਦੇ ਤਾਲਮੇਲ ਵਾਲੇ ਯਤਨਾਂ ਨਾਲ ਇਹ ਅਨੁਪਾਤ ਬਰਾਬਰੀ ਦੇ ਪੱਧਰ ਤੱਕ ਪਹੁੰਚ ਜਾਵੇਗਾ ਅਤੇ ਸੂਬੇ ਵਿੱਚ ਮਹਿਲਾ ਸਿਹਤ ਅਤੇ ਬਾਲਿਕਾ ਸਿੱਖਿਆ ਵਰਗੇ ਖੇਤਰਾਂ ਵਿੱਚ ਵੀ ਲਗਾਤਾਰ ਹੋ ਰਹੇ ਸੁਧਾਰਾਂ ਦੀ ਰਫ਼ਤਾਰ ਵਧੇਗੀ।

ਰਾਸ਼ਟਰਪਤੀ ਨੇ ਕਿਹਾ ਕਿ ਹੱਲਾਸ਼ੇਰੀ ਮਿਲਣ ਕਾਰਨ ਸੂਬੇ ਦੀਆਂ ਧੀਆਂ ਨੇ ਅਨੇਕਾਂ ਖੇਡਾਂ ਵਿੱਚ ਅੰਤਰਰਾਸ਼ਟਰੀ ਮੰਚਾਂ 'ਤੇ ਦੇਸ਼ ਦਾ ਨਾਂ ਰੌਸ਼ਨ ਕੀਤਾ ਹੈ। ਮਨੂ ਭਾਕਰ, ਸਵੀਟੀ ਬੂਰਾ, ਜੈਸਮਿਨ ਲੰਬੋਰੀਆ ਵਰਗੀਆਂ ਕਿੰਨੀਆਂ ਹੀ ਧੀਆਂ ਅੱਜ ਹਰਿਆਣਾ ਦਾ ਮਾਣ ਨਾਲ ਸਿਰ ਉੱਚਾ ਕਰ ਰਹੀਆਂ ਹਨ। ਭਾਰਤ ਦੇ ਖੇਡ ਇਤਿਹਾਸ ਵਿੱਚ ਹਰਿਆਣਾ ਦੇ ਖਿਡਾਰੀਆਂ ਨੇ ਓਲੰਪਿਕ, ਪੈਰਾਲੰਪਿਕ, ਏਸ਼ਿਆਈ ਖੇਡਾਂ, ਰਾਸ਼ਟਰਮੰਡਲ ਖੇਡਾਂ ਅਤੇ ਵਿਸ਼ਵ ਚੈਂਪੀਅਨਸ਼ਿਪਾਂ ਵਿੱਚ ਅਸਾਧਾਰਨ ਉਪਲਬਧੀਆਂ ਹਾਸਲ ਕੀਤੀਆਂ ਹਨ। ਕਜ਼ਾਕਿਸਤਾਨ ਵਿੱਚ ਚੱਲ ਰਹੀ ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ 2026 ਵਿੱਚ ਹਰਿਆਣਾ ਦੀ ਧੀ ਮਨੀਸ਼ਾ ਭਾਨਵਾਲਾ ਨੇ ਸੋਨ ਤਗਮਾ ਜਿੱਤ ਕੇ ਇਤਿਹਾਸ ਰਚ ਦਿੱਤਾ ਹੈ। ਉਹ ਇਹ ਸਨਮਾਨ ਹਾਸਲ ਕਰਨ ਵਾਲੀ ਭਾਰਤ ਦੀ ਪਹਿਲੀ ਮਹਿਲਾ ਪਹਿਲਵਾਨ ਹੈ।

ਉਨ੍ਹਾਂ ਨੇ ਇਸ ਸੁਨਹਿਰੀ ਉਪਲਬਧੀ ਲਈ ਉਸ ਨੂੰ ਦਿਲੋਂ ਵਧਾਈ ਦਿੱਤੀ ਅਤੇ ਇਸ ਚੈਂਪੀਅਨਸ਼ਿਪ ਵਿੱਚ ਤਗਮੇ ਜਿੱਤਣ ਵਾਲੀਆਂ ਭਾਰਤ ਦੀਆਂ ਸਾਰੀਆਂ ਧੀਆਂ ਦੀ ਵੀ ਸ਼ਲਾਘਾ ਕੀਤੀ। ਇਸੇ ਸਾਲ ਹੋਈਆਂ ਰਾਸ਼ਟਰਮੰਡਲ ਖੇਡਾਂ ਵਿੱਚ ਵੀ ਹਰਿਆਣਾ ਦੇ ਖਿਡਾਰੀਆਂ ਵੱਲੋਂ ਜਿੱਤੇ ਗਏ 7 ਸੋਨ ਤਗਮਿਆਂ ਵਿੱਚੋਂ 5 ਧੀਆਂ ਦੇ ਨਾਂ ਰਹੇ। ਰੇਵਾੜੀ ਦੀ ਪੈਰਾ ਖਿਡਾਰਨ ਸ਼ਰਮਿਲਾ ਢਾਂਡਾ ਨੇ ਸੋਨ ਤਗਮਾ ਜਿੱਤ ਕੇ ਸਾਬਤ ਕਰ ਦਿੱਤਾ ਕਿ ਜੇਕਰ ਸੰਕਲਪ ਦ੍ਰਿੜ੍ਹ ਹੋਵੇ ਤਾਂ ਸਰੀਰਕ ਚੁਣੌਤੀ ਸਫਲਤਾ ਦੇ ਰਾਹ ਨੂੰ ਜ਼ਿਆਦਾ ਦੇਰ ਤੱਕ ਨਹੀਂ ਰੋਕ ਸਕਦੀ।

ਉਨ੍ਹਾਂ ਕਿਹਾ ਕਿ ਹਰਿਆਣਾ ਦੀ ਧਰਤੀ ਨੇ ਹਰ ਖੇਤਰ ਵਿੱਚ ਪ੍ਰਤਿਭਾਵਾਂ ਨੂੰ ਜਨਮ ਦਿੱਤਾ ਹੈ। ਸੂਬੇ ਦੀਆਂ ਕਈ ਪ੍ਰਤਿਭਾਸ਼ਾਲੀ ਸ਼ਖ਼ਸੀਅਤਾਂ ਨੂੰ ਪਦਮ ਸਨਮਾਨ ਪ੍ਰਦਾਨ ਕਰਨ ਦਾ ਮੈਨੂੰ ਮੌਕਾ ਮਿਲਿਆ ਹੈ। ਇਨ੍ਹਾਂ ਵਿੱਚ ਸਾਹਿਤ, ਲੋਕ ਕਲਾ, ਸਮਾਜ ਸੇਵਾ ਅਤੇ ਸਿੱਖਿਆ ਦੇ ਨਾਲ-ਨਾਲ ਖੇਡਾਂ, ਪੈਰਾ ਤੀਰਅੰਦਾਜ਼ੀ ਅਤੇ ਵਿਗਿਆਨ ਦੇ ਖੇਤਰਾਂ ਨਾਲ ਜੁੜੇ ਲੋਕ ਸ਼ਾਮਲ ਹਨ। ਪ੍ਰਤਿਭਾ ਅਤੇ ਬਹਾਦਰੀ ਨਾਲ ਇਹ ਸੂਬਾ ਹਮੇਸ਼ਾ ਖੁਸ਼ਹਾਲ ਰਿਹਾ ਹੈ। ਆਜ਼ਾਦੀ ਅੰਦੋਲਨ ਵਿੱਚ ਕੁਰਬਾਨੀਆਂ ਦੇਣ ਵਾਲੇ ਸਪੂਤਾਂ ਨੂੰ ਜਨਮ ਦੇਣ ਵਾਲੀ ਇਸ ਵੀਰ ਭੂਮੀ ਨੇ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਲਈ ਵੀ ਹਮੇਸ਼ਾ ਵਧ-ਚੜ੍ਹ ਕੇ ਯੋਗਦਾਨ ਪਾਇਆ ਹੈ। ਦੇਸ਼ ਦੀ ਫੌਜ ਨੂੰ ਲਗਾਤਾਰ ਸਮਰਪਿਤ ਅਤੇ ਬਹਾਦਰ ਸੈਨਿਕ ਦੇਣ ਦੀ ਪਰੰਪਰਾ ਇੱਥੇ ਅੱਜ ਵੀ ਜੀਵੰਤ ਹੈ।

ਪਰਾਲੀ ਨੂੰ ਸਾੜਨ ਦੀ ਬਜਾਏ ਆਧੁਨਿਕ ਖੇਤੀ ਮਸ਼ੀਨਾਂ ਨਾਲ ਕੀਤਾ ਜਾਵੇ ਸੁਚੱਜਾ ਪ੍ਰਬੰਧਨ : ਡਿਪਟੀ ਕਮਿਸ਼ਨਰ



ਫਤਹਿਗੜ੍ਹ ਸਾਹਿਬ, 2 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

: ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ ਅਤੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਆਧੁਨਿਕ ਖੇਤੀ ਮਸ਼ੀਨਾਂ ਬਾਰੇ ਦਿੱਤੀ ਜਾ ਰਹੀ ਤਕਨੀਕੀ ਜਾਣਕਾਰੀ ਨੂੰ ਅਪਣਾਉਣ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਕਿਸਾਨਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਆਧੁਨਿਕ ਖੇਤੀ ਮਸ਼ੀਨਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਮਸ਼ੀਨਾਂ ਦੀ ਮਦਦ ਨਾਲ ਪਰਾਲੀ ਦਾ ਖੇਤਾਂ ਵਿੱਚ ਹੀ ਪ੍ਰਬੰਧਨ (ਇਨ-ਸੀਟੂ) ਅਤੇ ਪਰਾਲੀ ਨੂੰ ਖੇਤਾਂ ਵਿੱਚੋਂ ਬਾਹਰ ਕੱਢ ਕੇ ਵਰਤੋਂ ਵਿੱਚ ਲਿਆਉਣ (ਐਕਸ-ਸੀਟੂ) ਦੇ ਉਪਰਾਲੇ ਕੀਤੇ ਜਾਣ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਹੈਪੀ ਸੀਡਰ, ਸੁਪਰ ਸੀਡਰ, ਸਮਾਰਟ ਸੀਡਰ, ਮਲਚਰ, ਰੋਟਰੀ ਸਲੈਸ਼ਰ ਅਤੇ ਬੇਲਰ ਵਰਗੀਆਂ ਆਧੁਨਿਕ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਖੇਤਾਂ ਵਿੱਚ ਵਾਹੁਣ ਨਾਲ ਮਿੱਟੀ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ ਅਤੇ ਜ਼ਮੀਨ ਵਿੱਚ ਜੈਵਿਕ ਮਾਦੇ ਦੀ ਮਾਤਰਾ ਵਧਦੀ ਹੈ, ਜਿਸ ਨਾਲ ਲੰਬੇ ਸਮੇਂ ਵਿੱਚ ਖੇਤੀ ਦੀ ਉਤਪਾਦਕਤਾ ਵਿੱਚ ਵੀ ਵਾਧਾ ਹੁੰਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਖੇਤੀ ਮਸ਼ੀਨਾਂ ਦੀ ਉਪਲੱਬਧਤਾ ਲਈ ਬਲਾਕ ਸਰਹਿੰਦ ਦੇ ਖੇਤੀਬਾੜੀ ਵਿਕਾਸ ਅਫ਼ਸਰ 97818-48675, ਬਲਾਕ ਖੇੜਾ ਦੇ ਖੇਤੀਬਾੜੀ ਵਿਕਾਸ ਅਫ਼ਸਰ ਨਾਲ 94630-41053, ਬਲਾਕ ਬਸੀ ਪਠਾਨਾ ਦੇ ਖੇਤੀਬਾੜੀ ਵਿਕਾਸ ਅਫ਼ਸਰ ਨਾਲ 97804-49024, ਬਲਾਕ ਖਮਾਣੋਂ ਦੇ ਖੇਤੀਬਾੜੀ ਅਫ਼ਸਰ ਨਾਲ 95018-00975 ਅਤੇ ਬਲਾਕ ਅਮਲੋਹ ਦੇ ਖੇਤੀਬਾੜੀ ਅਫ਼ਸਰ ਨਾਲ 96465-78198 ਮੋਬਾਇਲ ਨੰਬਰਾਂ ਤੇ ਸੰਪਰਕ ਕੀਤਾ ਜਾਵੇ।



